ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 30 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੧੩ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਨੇਪਾਲ 'ਚ ਹੜ੍ਹਾਂ ਦੌਰਾਨ ਤਰਨਤਾਰਨ ਦੇ ਪਿੰਡ ਰੱਤੋਕੇ ਦਾ ਨੌਜਵਾਨ ਦੋ ਰਿਸ਼ਤੇਦਾਰਾਂ ਸਮੇਤ ਲਾਪਤਾ



**ਤਰਨਤਾਰਨ, 29 ਅਗਸਤ (ਆਵਾਜ਼ਿ ਕੌਮ ਬਿਊਰੋ)**-ਤਰਨਤਾਰਨ ਜ਼ਿਲ੍ਹੇ ਦੇ ਪਿੰਡ ਰੱਤੋਕੇ ਤੋਂ ਚਿੰਤਾਜਨਕ ਮਾਮਲਾ ਸਾਹਮਣੇ ਆਇਆ ਹੈ। ਨੇਪਾਲ 'ਚ ਆਏ ਹੜ੍ਹ ਦੌਰਾਨ ਪਿੰਡ ਰੱਤੋਕੇ ਦਾ ਵਸਨੀਕ ਸ਼ਮਸ਼ੇਰ ਸਿੰਘ ਸੰਧੂ ਨੇਪਾਲ 'ਚ ਆਏ ਹੜ੍ਹਾਂ ਦੌਰਾਨ ਆਪਣੇ ਦੋ ਰਿਸ਼ਤੇਦਾਰਾਂ ਸਮੇਤ ਲਾਪਤਾ ਹੋ ਗਿਆ ਹੈ। ਤਿੰਨਾਂ ਨਾਲ ਪਿਛਲੇ ਕਈ ਦਿਨਾਂ ਤੋਂ ਕੋਈ ਸੰਪਰਕ ਨਾ ਹੋਣ ਕਾਰਨ ਪਰਿਵਾਰਕ ਮੈਂਬਰਾਂ ਵਿੱਚ ਭਾਰੀ ਚਿੰਤਾ ਪਾਈ ਜਾ ਰਹੀ ਹੈ। ਮਿਲੀ ਜਾਣਕਾਰੀ ਅਨੁਸਾਰ ਸ਼ਮਸ਼ੇਰ ਸਿੰਘ ਸੰਧੂ ਪੁੱਤਰ ਸਵਰਨ ਸਿੰਘ ਨੇਪਾਲ ਵਿੱਚ ਐਂਡਰਿਟਜ਼ ਕੰਪਨੀ ਦੇ ਤ੍ਰਿਸ਼ੂਲੀ ਅੱਪਰ ਪਾਵਰ ਹਾਊਸ ਪ੍ਰਾਜੈਕਟ ਵਿੱਚ ਕਰੇਨ ਚਾਲਕ ਵਜੋਂ ਕੰਮ ਕਰਦਾ ਸੀ। ਉਸਦੇ ਨਾਲ ਉਸਦਾ ਸਾਲਾ ਭੁਪਿੰਦਰ ਸਿੰਘ ਅਤੇ ਰਿਸ਼ਤੇਦਾਰ ਰਸ਼ਪਾਲ ਸਿੰਘ ਪੁੱਤਰ ਹਰਜਿੰਦਰ ਸਿੰਘ ਵੀ ਰਹਿ ਰਹੇ ਸਨ, ਜੋ ਕਿ ਯੂਪੀ ਦੇ ਵਸਨੀਕ ਦੱਸੇ ਜਾ ਰਹੇ ਹਨ। ਪਰਿਵਾਰ ਮੁਤਾਬਕ 25 ਅਗਸਤ ਨੂੰ ਵਟਸਐਪ ਕਾਲ ਰਾਹੀਂ ਸ਼ਮਸ਼ੇਰ ਸਿੰਘ ਨਾਲ ਆਖਰੀ ਵਾਰ ਗੱਲਬਾਤ ਹੋਈ ਸੀ, ਜਿਸ ਤੋਂ ਬਾਅਦ ਤਿੰਨਾਂ ਨਾਲ ਕੋਈ ਸੰਪਰਕ ਨਹੀਂ ਹੋ ਸਕਿਆ।

## ਡਿਊਟੀ ਤੋਂ ਗ਼ੈਰ-ਹਾਜ਼ਰ ਰਹਿਣ ਵਾਲੇ ਮੁਲਾਜ਼ਮਾਂ ਖਿਲਾਫ਼

# ਮਾਨ ਸਰਕਾਰ ਦਾ ਵੱਡਾ ਐਕਸ਼ਨ

**ਚੰਡੀਗੜ੍ਹ, 29 ਅਗਸਤ (ਆਵਾਜ਼ਿ ਕੌਮ ਬਿਊਰੋ)**-ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਸਰਕਾਰੀ ਮੁਲਾਜ਼ਮਾਂ ਖਿਲਾਫ਼ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਨੇ ਵੱਡੀ ਕਾਰਵਾਈ ਦੇ ਹੁਕਮ ਜਾਰੀ ਕਰ ਦਿੱਤੇ ਹਨ। ਪੰਜਾਬ ਸਰਕਾਰ ਦੇ ਆਮ ਰਾਜ ਪ੍ਰਬੰਧ ਵਿਭਾਗ ਵੱਲੋਂ ਜਾਰੀ ਪੱਤਰ ਅਨੁਸਾਰ, ਗ਼ੈਰ-ਹਾਜ਼ਰ ਰਹਿਣ ਵਾਲੇ ਮੁਲਾਜ਼ਮਾਂ ਨੂੰ ਸ਼ੋਅ-ਕਾਜ਼ ਨੋਟਿਸ ਜਾਰੀ ਕਰਨ ਲਈ ਕਿਹਾ ਗਿਆ ਹੈ। ਦੱਸ ਦਈਏ ਕਿ ਇਹ ਚਿੱਠੀ 27 ਨੂੰ ਪੰਜਾਬ ਸਰਕਾਰ ਦੇ ਲੱਖਾਂ ਕਰਮਚਾਰੀਆਂ ਅਤੇ ਪੈਨਸ਼ਨਰਾਂ ਵੱਲੋਂ 'ਮਹਾਂ ਹੜਤਾਲ' ਦੇ ਬੈਨਰ ਹੇਠ ਇੱਕ ਦਿਨ ਭਰ ਚੱਲੇ ਵਿਰੋਧ ਪ੍ਰਦਰਸ਼ਨ ਵਿੱਚ ਹਿੱਸਾ ਲੈਣ ਤੋਂ ਬਾਅਦ ਸਾਹਮਣੇ ਆਈ ਹੈ। ਮੁਲਾਜ਼ਮਾਂ ਵੱਲੋਂ ਬਕਾਇਆ ਡੀਏ ਸਮੇਤ ਹੋਰ ਮੰਗਾਂ ਲੂੰ ਲੈ ਕੇ ਸਰਕਾਰ ਖਿਲਾਫ਼ ਅੰਦੋਲਨ ਕੀਤਾ ਜਾ ਰਿਹਾ ਹੈ। ਹਾਲਾਂਕਿ, ਮੁੱਖ ਮੰਤਰੀ ਵੱਲੋਂ ਮੀਟਿੰਗ ਦਿੱਤੇ ਜਾਣ ਤੋਂ ਬਾਅਦ ਵੀ ਮੁਲਾਜ਼ਮਾਂ ਨਾਲ ਗੱਲ ਨਹੀਂ ਕੀਤੀ ਗਈ, ਜਿਸ ਤੋਂ ਬਾਅਦ ਮੁਲਾਜ਼ਮਾਂ ਦਾ ਰੋਹ ਹੋਰ ਭੜਕ ਗਿਆ ਅਤੇ ਹੁਣ ਇਹ ਚਿੱਠੀ ਜਾਰੀ ਕੀਤੀ ਗਈ ਹੈ। ਮੁਲਾਜ਼ਮਾਂ ਵੱਲੋਂ ਹੁਣ ਪਹਿਲਾਂ ਇਹ ਚਿੱਠੀ ਵਾਪਸ ਲੈਣ ਦੀ ਮੰਗ ਕੀਤੀ ਜਾ ਰਹੀ ਹੈ ਅਤੇ ਫਿਰ ਸਰਕਾਰ ਨਾਲ ਮੀਟਿੰਗ ਕਰਨ ਦੀ ਗੱਲ ਕਹੀ ਗਈ ਹੈ। ਜਾਰੀ ਪੱਤਰ ਵਿੱਚ ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨ ਅਤੇ ਪ੍ਰਮੁੱਖ ਸਕੱਤਰ ਤੇ ਪ੍ਰਬੰਧਕੀ ਸਕੱਤਰ ਨੂੰ ਹਦਾਇਤ ਕੀਤੀ ਗਈ ਹੈ ਕਿ ਜਿਹੜੇ ਵੀ ਵਿਭਾਗਾਂ ਦੇ ਅਧਿਕਾਰੀ ਜਾਂ ਸਟਾਫ਼ ਕਰਮਚਾਰੀ 27 ਅਗਸਤ ਨੂੰ ਅਣਅਧਿਕਾਰਤ ਤੌਰ 'ਤੇ ਛੁੱਟੀ 'ਤੇ ਸਨ, ਉਨ੍ਹਾਂ ਨੂੰ ਸ਼ੋਅ ਕਾਜ ਨੋਟਿਸ ਜਾਰੀ ਕੀਤਾ ਜਾਵੇ। ਨਾਲ ਹੀ ਉਨ੍ਹਾਂ ਖਿਲਾਫ਼ ਨਿਯਮਾਂ ਅਨੁਸਾਰ ਸਖਤ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇ। ਉਧਰ, ਸਾਂਝਾ ਮੁਲਾਜ਼ਮ ਮੰਚ ਪੰਜਾਬ ਦੇ ਪ੍ਰਧਾਨ ਸੁਖਚੈਨ ਸਿੰਘ ਖਹਿਰਾ ਨੇ ਕਿਹਾ ਕਿ ਇਸ ਚਿੱਠੀ ਦੇ ਵਿਰੋਧ 'ਚ ਹੁਣ ਅਗਲੇ ਸੰਘਰਸ਼ ਦੀ ਰੂਪਰੇਖਾ ਲੁਧਿਆਣਾ 'ਚ ਉਲੀਕੀ ਜਾਵੇਗੀ। ਉਨ੍ਹਾਂ ਕਿਹਾ ਕਿ ਜਥੇਬੰਦੀ ਦੇ ਆਗੂਆਂ ਦੀ 30 ਅਗਸਤ ਨੂੰ ਹੋਣ ਵਾਲੀ ਮੀਟਿੰਗ ਵਿੱਚ ਅਗਲੇ ਸੰਘਰਸ਼ ਦਾ ਫ਼ੈਸਲਾ ਕੀਤਾ ਜਾਵੇਗਾ।




## : 'ਜਦੋਂ ਤੱਕ ਚਿੱਠੀ ਵਾਪਸ ਨਹੀਂ, ਉਦੋਂ ਤੱਕ ਮੁੱਖ ਮੰਤਰੀ ਮਾਨ ਨਾਲ ਮੀਟਿੰਗ ਨਹੀਂ...', ਪੰਜਾਬ ਦੇ ਮੁਲਾਜ਼ਮਾਂ ਦਾ ਵੱਡਾ ਐਲਾਨ

**ਚੰਡੀਗੜ੍ਹ, 29 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਹੜਤਾਲੀ ਮੁਲਾਜ਼ਮਾਂ ਖਿਲਾਫ਼ ਕਾਰਵਾਈ ਲਈ ਕੱਢੀ ਗਈ ਚਿੱਠਾ ਦਾ ਮਾਮਲਾ ਭਖ ਗਿਆ ਹੈ। ਸਾਂਝਾ ਮੁਲਾਜ਼ਮ ਮੰਚ ਪੰਜਾਬ ਵੱਲੋਂ ਚਿੱਠੀ ਦਾ ਸਖਤ ਨੋਟਿਸ ਲੈਂਦਿਆਂ ਸੰਘਰਸ਼ ਦਾ ਰਾਹ ਅਖਤਿਆਰ ਕਰਨ ਬਾਰੇ ਕਿਹਾ ਹੈ। ਜਥੇਬੰਦੀ ਦੇ ਪ੍ਰਧਾਨ ਸੁਖਚੈਨ ਸਿੰਘ ਖਹਿਰਾ ਨੇ ਕਿਹਾ ਕਿ ਜਦੋਂ ਤੱਕ ਇਹ ਚਿੱਠੀ ਵਾਪਸ ਨਹੀਂ ਲਈ ਜਾਂਦੀ, ਓਦੋਂ ਤੱਕ ਸਰਕਾਰ ਨਾਲ ਜਥੇਬੰਦੀ ਵੱਲੋਂ ਕੋਈ ਮੀਟਿੰਗ ਨਹੀਂ ਕੀਤੀ ਜਾਵੇਗੀ। ਗੱਲ ਕਰਦਿਆਂ ਖਹਿਰਾ ਨੇ ਕਿਹਾ ਕਿ ਕਰਮਚਾਰੀ ਯੂਨੀਅਨਾਂ ਨੇ ਇਸ ਪੜਾਅ 'ਤੇ ਸਰਕਾਰ ਨਾਲ ਗੱਲਬਾਤ ਕਰਨ ਦੀ ਬਜਾਏ ਆਪਣਾ ਅੰਦੋਲਨ ਜਾਰੀ ਰੱਖਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਕੱਲ੍ਹ ਲੁਧਿਆਣਾ ਵਿੱਚ ਹੋਣ ਵਾਲੀ ਮੀਟਿੰਗ ਵਿੱਚ ਕਈ ਮਹੱਤਵਪੂਰਨ ਫੈਸਲੇ ਲਏ ਜਾਣਗੇ। ਖਹਿਰਾ ਨੇ ਕਿਹਾ ਕਿ ਕਰਮਚਾਰੀ ਹਾਲ ਹੀ ਵਿੱਚ ਹੋਏ ਮਹਾਂ ਹੜਤਾਲ ਦੌਰਾਨ ਡਿਊਟੀ ਤੋਂ ਗੈਰ-ਹਾਜ਼ਰ ਰਹੇ ਸਟਾਫ ਮੈਂਬਰਾਂ ਦੇ ਵੇਰਵੇ ਮੰਗਣ ਦੇ ਸਰਕਾਰ ਦੇ ਫੈਸਲੇ ਤੋਂ ਨਾਖੁਸ਼ ਹਨ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਇੱਕ ਪਾਸੇ ਗੱਲਬਾਤ ਦੀ ਗੱਲ ਕਰਨ ਦਾ ਸੰਕੇਤ ਭੇਜ ਰਹੀ ਹੈ, ਜਦੋਂ ਕਿ ਨਾਲ ਹੀ ਕਰਮਚਾਰੀਆਂ ਦੀਆਂ ਸੂਚੀਆਂ ਤਿਆਰ ਕਰ ਰਹੀ ਹੈ ਅਤੇ ਵਿਰੋਧ ਪ੍ਰਦਰਸ਼ਨ ਵਿੱਚ ਹਿੱਸਾ ਲੈਣ ਵਾਲਿਆਂ ਵਿਰੁੱਧ ਕਾਰਵਾਈ ਦੀ ਤਿਆਰੀ ਕਰ ਰਹੀ ਹੈ। ਖਹਿਰਾ ਨੇ ਕਿਹਾ, "ਸਰਕਾਰ ਨਾਲ ਮੀਟਿੰਗ ਕਰਨ ਦੀ ਬਜਾਏ, ਅਸੀਂ ਹੁਣ ਆਪਣਾ ਸੰਘਰਸ਼ ਤੇਜ਼ ਕਰਾਂਗੇ," ਉਨ੍ਹਾਂ ਕਿਹਾ ਕਿ ਇਸ ਮੁੱਦੇ 'ਤੇ ਮੁੱਖ ਸਕੱਤਰ ਵਿਰੁੱਧ ਇੱਕ ਵੱਖਰਾ ਮੋਰਚਾ ਵੀ ਖੋਲ੍ਹਿਆ ਜਾ ਸਕਦਾ ਹੈ। ਖਹਿਰਾ ਨੇ ਉਨ੍ਹਾਂ ਹਾਲਾਤਾਂ 'ਤੇ ਵੀ ਸਵਾਲ ਉਠਾਇਆ, ਜਿਨ੍ਹਾਂ ਦੇ ਤਹਿਤ ਇਹ ਹੁਕਮ ਜਾਰੀ ਕੀਤਾ ਗਿਆ ਸੀ। ਉਨ੍ਹਾਂ ਦੋਸ਼ ਲਗਾਇਆ ਕਿ ਜਾਂ ਤਾਂ ਮੁੱਖ ਸਕੱਤਰ ਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਲ ਇੱਕ ਨਹੀਂ ਜਾਂ ਫਿਰ ਸਰਕਾਰ ਤੋਂ ਬਾਹਰੋਂ ਨਿਰਦੇਸ਼ ਆ ਰਹੇ ਸਨ। ਉਨ੍ਹਾਂ ਅਨੁਸਾਰ, ਕਰਮਚਾਰੀਆਂ ਵਿਰੁੱਧ ਕਾਰਵਾਈ ਨੇ ਸਰਕਾਰੀ ਕਰਮਚਾਰੀਆਂ ਵਿੱਚ ਨਾਰਾਜ਼ਗੀ ਨੂੰ ਹੋਰ ਵਧਾ ਦਿੱਤਾ ਹੈ ਜੋ ਪਹਿਲਾਂ ਹੀ ਆਪਣੀਆਂ ਲੰਬਿਤ ਮੰਗਾਂ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਹਨ। ਸੰਭਾਵੀ "ਡਿਜੀਟਲ ਹੜਤਾਲ" ਬਾਰੇ ਰਿਪੋਰਟਾਂ ਨੂੰ ਸੰਬੋਧਿਤ ਕਰਦੇ ਹੋਏ, ਖਹਿਰਾ ਨੇ ਸਪੱਸ਼ਟ ਕੀਤਾ ਕਿ ਕਰਮਚਾਰੀਆਂ ਨੇ ਅਜਿਹੀ ਕੋਈ ਡਿਜੀਟਲ ਹੜਤਾਲ ਨਹੀਂ ਕੀਤੀ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਸਰਕਾਰੀ ਕਰਮਚਾਰੀ ਰਸਮੀ ਤੌਰ 'ਤੇ ਹੜਤਾਲ 'ਤੇ ਜਾਣ ਦਾ ਫੈਸਲਾ ਕਰਦੇ ਹਨ, ਤਾਂ ਉਹ ਕੰਮ ਪੂਰੀ ਤਰ੍ਹਾਂ ਬੰਦ ਕਰ ਦੇਣਗੇ।

## ਸੱਜਣ ਕੁਮਾਰ ਮਾਮਲੇ 'ਚ ਭਾਜਪਾ ਪ੍ਰਧਾਨ ਦਾ ਐਕਸ਼ਨ ! ਆਪਣੇ ਹੀ 3 ਸੰਸਦ ਮੈਂਬਰਾਂ ਨੂੰ ਲਗਾਈ ਫਟਕਾਰ





**ਨਵੀਂ ਦਿੱਲੀ, 29 ਅਗਸਤ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨੇ ਸਿੱਖ ਕਤਲੇਆਮ ਦੇ ਦੋਸ਼ੀ ਸੱਜਣ ਕੁਮਾਰ ਦੀ ਸ਼ਰਧਾਂਜਲੀ ਸਭਾ 'ਚ ਸ਼ਾਮਲ ਹੋਣ 'ਤੇ ਪਾਰਟੀ ਦੇ ਸੰਸਦ ਮੈਂਬਰਾਂ ਕਮਲਜੀਤ ਸਹਿਰਾਵਤ, ਰਾਮਵੀਰ ਸਿੰਘ ਬਿਧੂੜੀ ਅਤੇ ਯੋਗੇਂਦਰ ਚੰਦੌਲੀਆ ਨੂੰ ਫਟਕਾਰ ਲਗਾਈ ਹੈ ਅਤੇ ਤਲਬ ਕੀਤਾ ਹੈ। ਤਿੰਨੋਂ ਸੰਸਦ ਮੈਂਬਰ ਬੀਤੇ ਦਿਨ ਸਿੱਖ ਵਿਰੋਧੀ ਦੰਗਿਆਂ ਦੇ ਦੋਸ਼ੀ ਸੱਜਣ ਕੁਮਾਰ ਦੀ ਸ਼ਰਧਾਂਜਲੀ ਸਭਾ 'ਚ ਪਹੁੰਚੇ ਸਨ। ਉਨ੍ਹਾਂ ਦੇ ਉੱਥੇ ਜਾਣ 'ਤੇ ਭਾਜਪਾ ਦੇ ਸੀਨੀਅਰ ਨੇਤਾ ਅਤੇ ਸਿੱਖ ਦੰਗਾ ਪੀੜਤਾਂ ਲਈ ਲੰਬੇ ਸਮੇਂ ਤੋਂ ਨਿਆਂ ਦੀ ਲੜਾਈ ਲੜ ਰਹੇ ਵਕੀਲ ਐੱਚ.ਐੱਸ. ਫੂਲਕਾ ਨੇ ਵੀ ਨਾਰਾਜ਼ਗੀ ਜਤਾਈ ਸੀ। ਫੂਲਕਾ ਨੇ 'ਐਕਸ' 'ਤੇ ਪੋਸਟ ਕਰਦੇ ਹੋਏ ਤਿੰਨੋਂ ਸੰਸਦ ਮੈਂਬਰਾਂ ਦੇ ਬਾਈਕਾਟ ਦੀ ਮੰਗ ਕੀਤੀ ਸੀ। ਉਨ੍ਹਾਂ ਦਾ ਕਹਿਣਾ ਸੀ ਕਿ ਭਾਜਪਾ ਸੰਸਦ ਮੈਂਬਰਾਂ ਨੂੰ ਸੱਜਣ ਕੁਮਾਰ ਦੀ ਸ਼ਰਧਾਂਜਲੀ ਸਭਾ 'ਚ ਜਾਣ ਦੀ ਬਜਾਏ ਪੀੜਤਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਪ੍ਰਤੀ ਹਮਦਰਦੀ ਜਤਾਉਣੀ ਚਾਹੀਦੀ ਸੀ। ਉਨ੍ਹਾਂ ਨੇ ਲਿਖਿਆ,"ਮੈਂ ਤਿੰਨੋਂ ਭਾਜਪਾ ਸੰਸਦ ਮੈਂਬਰਾਂ- ਕਮਲਜੀਤ ਸਹਿਰਾਵਤ, ਰਾਮਵੀਰ ਸਿੰਘ ਬਿਧੂੜੀ ਅਤੇ ਯੋਗੇਂਦਰ ਚੰਦੋਲੀਆ ਦੇ ਉਸ ਦੌਰੇ ਦੀ ਸਖ਼ਤ ਨਿੰਦਾ ਕਰਦਾ ਹਾਂ, ਜਿਸ 'ਚ ਉਹ ਕਾਤਲ ਸੱਜਣ ਕੁਮਾਰ ਦੇ ਘਰ ਉਸ ਦੀ ਮੌਤ 'ਤੇ ਸੋਗ ਜਤਾਉਣ ਗਏ ਸਨ। ਹਮਦਰਦੀ ਤਾਂ ਪੀੜਤਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਪ੍ਰਤੀ ਹੋਣੀ ਚਾਹੀਦੀ- ਜਿਨ੍ਹਾਂ 'ਚੋਂ ਕਈ ਲੋਕ ਅੱਜ ਵੀ ਉਨ੍ਹਾਂ ਦਿਨਾਂ ਦੇ ਖੌਫ਼ਨਾਕ ਮੰਜ਼ਰ ਨੂੰ ਜੀ ਰਹੇ ਹਨ। ਮੈਂ ਇਨ੍ਹਾਂ ਤਿੰਨਾਂ ਸੰਸਦ ਮੈਂਬਰਾਂ ਦੇ ਬਾਈਕਾਟ ਦੀ ਮੰਗ ਕਰਦਾ ਹਾਂ।"

## ਨੇਪਾਲ ਹੜ੍ਹਾਂ 'ਚ Infosys ਦੇ CEO ਵੀ ਹੋਏ ਲਾਪਤਾ !



**ਨਵੀਂ ਦਿੱਲੀ, 29 ਅਗਸਤ (ਆਵਾਜ਼ਿ ਕੌਮ ਬਿਊਰੋ)**-ਨੇਪਾਲ ਵਿੱਚ ਆਏ ਭਿਆਨਕ ਹੜ੍ਹਾਂ ਅਤੇ ਅਚਾਨਕ ਆਏ ਹੜ੍ਹਾਂ ਦੇ ਵਿਚਕਾਰ, ਇੱਕ ਪ੍ਰਮੁੱਖ ਆਈਟੀ ਕੰਪਨੀ ਇਨਫੋਸਿਸ ਪਬਲਿਕ ਸਰਵਿਸਿਜ਼ ਦੇ ਸੀਈਓ ਦਾ ਅਜੇ ਵੀ ਕੁੱਝ ਪਤਾ ਨਹੀਂ ਲੱਗਿਆ ਹੈ। ਕੰਪਨੀ ਨੇ ਸ਼ੁੱਕਰਵਾਰ ਨੂੰ ਐਲਾਨ ਕੀਤਾ ਕਿ ਉਸਦੀ ਸਹਾਇਕ ਕੰਪਨੀ ਇਨਫੋਸਿਸ ਦੇ ਸੀਈਓ ਲਕਸ਼ ਗੋਪੀਸੇਟੀ ਨੇਪਾਲ ਦੀ ਯਾਤਰਾ ਕੀਤੀ ਸੀ ਅਤੇ ਵਰਤਮਾਨ ਵਿੱਚ ਪਹੁੰਚ ਤੋਂ ਬਾਹਰ ਹਨ। ਇਨਫੋਸਿਸ ਨੇ ਕਿਹਾ ਕਿ ਕੰਪਨੀ ਦਾ ਮੌਜੂਦਾ ਧਿਆਨ ਗੋਪੀਸੇਟੀ ਦੀ ਸੁਰੱਖਿਆ ਅਤੇ ਤੰਦਰੁਸਤੀ 'ਤੇ ਹੈ। ਕੰਪਨੀ ਜਾਣਕਾਰੀ ਇਕੱਠੀ ਕਰਨ ਅਤੇ ਉਸ ਨਾਲ ਸੰਪਰਕ ਸਥਾਪਤ ਕਰਨ ਲਈ ਸਬੰਧਤ ਏਜੰਸੀਆਂ ਨਾਲ ਕੰਮ ਕਰ ਰਹੀ ਹੈ। ਕੰਪਨੀ ਦੇ ਅਨੁਸਾਰ, ਲੈਕਸ ਗੋਪੀਸੇਟੀ ਇੱਕ ਨਿੱਜੀ ਦੌਰੇ 'ਤੇ ਨੇਪਾਲ ਵਿੱਚ ਸਨ, ਕਿਸੇ ਵੀ ਅਧਿਕਾਰਤ ਕੰਪਨੀ ਦੇ ਕਾਰੋਬਾਰ ਨਾਲ ਸਬੰਧਤ ਨਹੀਂ ਸਨ। ਨੇਪਾਲ ਵਿੱਚ ਆਏ ਵਿਨਾਸ਼ਕਾਰੀ ਹੜ੍ਹਾਂ ਤੋਂ ਬਾਅਦ ਉਹ ਪਹੁੰਚ ਤੋਂ ਬਾਹਰ ਹਨ। ਇਨਫੋਸਿਸ ਨੇ ਇੱਕ ਬਿਆਨ ਵਿੱਚ ਕਿਹਾ ਕਿ ਉਹ ਸਥਿਤੀ ਦੀ ਨਿਗਰਾਨੀ ਕਰ ਰਹੀ ਹੈ ਅਤੇ ਏਜੰਸੀਆਂ ਦੇ ਸੰਪਰਕ ਵਿੱਚ ਹੈ। ਕੰਪਨੀ ਨੇ ਗੋਪੀਸੇਟੀ ਦੇ ਪਰਿਵਾਰ ਨਾਲ ਵੀ ਨਿਰੰਤਰ ਸੰਪਰਕ ਬਣਾਈ ਰੱਖਿਆ ਹੈ ਅਤੇ ਇਸ ਮੁਸ਼ਕਲ ਸਮੇਂ ਦੌਰਾਨ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰ ਰਹੀ ਹੈ। ਲੈਕਸ ਗੋਪੀਸੇਟੀ ਇਨਫੋਸਿਸ ਪਬਲਿਕ ਸਰਵਿਸਿਜ਼ ਦੇ ਸੀਈਓ ਹਨ, ਜੋ ਕਿ ਇਨਫੋਸਿਸ ਲਿਮਟਿਡ ਦੀ ਸਹਾਇਕ ਕੰਪਨੀ ਹੈ, ਜੋ ਮੁੱਖ ਤੌਰ 'ਤੇ ਸੰਯੁਕਤ ਰਾਜ ਅਤੇ ਕੈਨੇਡਾ ਵਿੱਚ ਜਨਤਕ ਖੇਤਰ ਦੇ ਗਾਹਕਾਂ ਦੀ ਸੇਵਾ ਕਰਦੀ ਹੈ।

## ਨੇਪਾਲ 'ਚ ਹੜ੍ਹ ਦੇ ਪਾਣੀ ਨਾਲ ਰੁੜ੍ਹ ਕੇ ਆਇਆ ਬੈਂਕ ਦਾ ਨੋਟਾਂ ਨਾਲ ਭਰਿਆ ਟਰੰਕ, ਲੋਕਾਂ ਨੇ ਲੁੱਟੇ ਬੰਡਲ

ਨੇਪਾਲ ਵਿੱਚ ਭਿਆਨਕ ਹੜ੍ਹਾਂ ਅਤੇ ਲਗਾਤਾਰ ਹੋ ਰਹੀ ਭਾਰੀ ਬਾਰਿਸ਼ ਨੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਭਾਰੀ ਤਬਾਹੀ ਮਚਾਈ ਹੋਈ ਹੈ। ਹੁਣ ਤੱਕ 600 ਤੋਂ ਵੱਧ ਲੋਕਾਂ ਦੀ ਜਾਨ ਜਾ ਚੁੱਕੀ ਹੈ ਅਤੇ ਲਗਭਗ 2,500 ਦੇ ਲਾਪਤਾ ਹੋਣ ਦੀ ਖ਼ਬਰ ਹੈ। ਲਾਪਤਾ ਲੋਕਾਂ ਵਿੱਚ 537 ਵਿਦੇਸ਼ੀ ਨਾਗਰਿਕ ਸ਼ਾਮਲ ਹਨ, ਜਿਨ੍ਹਾਂ ਵਿੱਚ 320 ਭਾਰਤੀ ਵੀ ਸ਼ਾਮਲ ਹਨ, ਜਿਸ ਤੋਂ ਇਸ ਕੁਦਰਤੀ ਆਫ਼ਤ ਦੀ ਤੀਬਰਤਾ ਦਾ ਅੰਦਾਜ਼ਾ ਲੱਗਦਾ ਹੈ। ਇਸ ਭਿਆਨਕ ਆਫ਼ਤ ਵਿਚਕਾਰ, ਰਸੂਵਾ ਜ਼ਿਲ੍ਹੇ ਤੋਂ ਇੱਕ ਹੈਰਾਨ ਕਰਨ ਵਾਲੀ ਘਟਨਾ ਸਾਹਮਣੇ ਆਈ ਹੈ, ਜਿਸ ਨੇ ਸਾਰਿਆਂ ਨੂੰ ਹੈਰਾਨ ਕਰ ਦਿੱਤਾ ਹੈ। ਇੱਕ ਸਥਾਨਕ ਬੈਂਕ ਦਾ ਮੁੱਖ ਲਾਕਰ ਭਾਵ ਨੋਟਾਂ ਦਾ ਭਰਿਆ ਟਰੰਕ ਸ਼ਕਤੀਸ਼ਾਲੀ ਹੜ੍ਹ ਵਿੱਚ ਵਹਿ ਗਿਆ। ਤ੍ਰਿਸ਼ੂਲੀ ਨਦੀ ਦੇ ਤੇਜ਼ ਵਹਾਅ ਨਾਲ ਭਾਰੀ ਲਾਕਰ ਵਹਿ ਕੇ ਧਾਡਿੰਗ ਜ਼ਿਲ੍ਹੇ ਦੇ ਗਲਛੀ ਪਿੰਡ ਨਗਰਪਾਲਿਕਾ-4 ਦੇ ਬੇਲਖੁਖੋਲਾ ਨੇੜੇ ਨਦੀ ਦੇ ਕੰਢੇ ਪਹੁੰਚ ਗਿਆ। ਜਦੋਂ ਸਥਾਨਕ ਲੋਕਾਂ ਨੇ ਬੇਲਖੁਖੋਲਾ ਨੇੜੇ ਇਸ ਲੋਹੇ ਦੇ ਟਰੰਕ ਨੂੰ ਦੇਖਿਆ, ਤਾਂ ਉਨ੍ਹਾਂ ਨੂੰ ਅਹਿਸਾਸ ਹੋਇਆ ਕਿ ਇਹ ਇੱਕ ਬੈਂਕ ਲਾਕਰ ਹੋ ਸਕਦਾ ਹੈ। ਕੁਝ ਹੀ ਸਮੇਂ ਵਿੱਚ, ਲਾਕਰ ਵਿੱਚ ਸਟੋਰ ਕੀਤੀ ਨਕਦੀ ਲੁੱਟਣ ਲਈ ਲੋਕਾਂ ਦੀ ਭੀੜ ਇਕੱਠੀ ਹੋ ਗਈ। ਨਦੀ ਕੰਢੇ 'ਤੇ ਹੋਈ ਇਸ ਡਕੈਤੀ ਦੌਰਾਨ, ਪਿੰਡ ਵਾਸੀਆਂ ਨੇ ਲਾਕਰ ਵਿੱਚੋਂ ਲੱਖਾਂ ਰੁਪਏ ਕੱਢ ਲਏ ਅਤੇ ਭੱਜ ਗਏ।

## ਅਮਰੀਕਾ 'ਚੋਂ 10 ਲੱਖ ਪ੍ਰਵਾਸੀ ਡਿਪੋਰਟ ! 16 ਲੱਖ ਹੋਰ 'ਤੇ ਕਾਰਵਾਈ ਦੀ ਤਿਆਰੀ



**ਵਾਸ਼ਿੰਗਟਨ, 29 ਅਗਸਤ (ਆਵਾਜ਼ਿ ਕੌਮ ਬਿਊਰੋ)**-ਡੋਨਾਲਡ ਟਰੰਪ ਨੇ ਦੂਜੀ ਵਾਰ ਅਮਰੀਕੀ ਰਾਸ਼ਟਰਪਤੀ ਬਣਨ ਤੋਂ ਬਾਅਦ ਤੋਂ ਹੀ ਪ੍ਰਵਾਸੀਆਂ ਖ਼ਿਲਾਫ਼ ਵੱਡੀ ਮੁਹਿੰਮ ਆਰੰਭ ਦਿੱਤੀ ਸੀ, ਜੋ ਕਿ ਦਿਨੋ-ਦਿਨ ਸਖ਼ਤ ਹੁੰਦੀ ਜਾ ਰਹੀ ਹੈ। ਰਿਪੋਰਟਾਂ ਅਨੁਸਾਰ, ਟਰੰਪ ਸਰਕਾਰ ਦੇ ਦੂਜੇ ਕਾਰਜਕਾਲ ਦੇ ਪਹਿਲੇ ਡੇਢ ਸਾਲ ਦੌਰਾਨ ਹੁਣ ਤੱਕ ਲਗਭਗ 10 ਲੱਖ ਲੋਕਾਂ ਨੂੰ ਅਮਰੀਕਾ ਤੋਂ ਡਿਪੋਰਟ ਕੀਤਾ ਜਾ ਚੁੱਕਾ ਹੈ, ਜਦਕਿ 16 ਲੱਖ ਤੋਂ ਵੱਧ ਪ੍ਰਵਾਸੀਆਂ ਖ਼ਿਲਾਫ਼ ਦੇਸ਼ ਨਿਕਾਲੇ ਦੇ ਹੁਕਮ ਜਾਰੀ ਹੋ ਚੁੱਕੇ ਹਨ। ਅਦਾਲਤਾਂ ਅਤੇ ਅਮਰੀਕੀ ਸੁਪਰੀਮ ਕੋਰਟ ਦੇ ਫੈਸਲਿਆਂ ਤੋਂ ਬਾਅਦ ਹੈਤੀ ਅਤੇ ਸੀਰੀਆ ਸਣੇ 13 ਦੇਸ਼ਾਂ ਦੇ 10 ਲੱਖ ਤੋਂ ਵੱਧ ਪ੍ਰਵਾਸੀਆਂ ਦਾ 'ਅਸਥਾਈ ਸੁਰੱਖਿਅਤ ਦਰਜਾ' ਵੀ ਖ਼ਤਮ ਕਰ ਦਿੱਤਾ ਗਿਆ ਹੈ। ਇਸ ਤੋਂ ਪਹਿਲਾਂ ਜਦੋਂ ਬਰਾਕ ਓਬਾਮਾ ਦੇਸ਼ ਦੇ ਰਾਸ਼ਟਰਪਤੀ ਸੀ ਤਾਂ ਪ੍ਰਸ਼ਾਸਨ ਦਾ ਧਿਆਨ ਮੁੱਖ ਤੌਰ 'ਤੇ ਗ਼ੈਰ-ਕਾਨੂੰਨੀ ਤਰੀਕੇ ਨਾਲ ਬਾਰਡਰ ਪਾਰ ਕਰਨ ਵਾਲਿਆਂ ਜਾਂ ਅਪਰਾਧਿਕ ਪਿਛੋਕੜ ਵਾਲੇ ਲੋਕਾਂ 'ਤੇ ਹੁੰਦਾ ਸੀ। ਇਸ ਦੇ ਉਲਟ, ਟਰੰਪ ਪ੍ਰਸ਼ਾਸਨ 'ਚ ਉਨ੍ਹਾਂ ਪ੍ਰਵਾਸੀਆਂ ਨੂੰ ਵੀ ਫੜਿਆ ਜਾ ਰਿਹਾ ਹੈ ਜੋ ਕਈ ਸਾਲਾਂ ਤੋਂ ਅਮਰੀਕਾ 'ਚ ਸ਼ਾਂਤੀਪੂਰਵਕ ਰਹਿ ਰਹੇ ਸਨ। ਅਦਾਲਤੀ ਪ੍ਰਕਿਰਿਆ ਨੂੰ ਤੇਜ਼ ਕਰਨ ਲਈ 'ਮਾਸਟਰ ਹੀਅਰਿੰਗਜ਼' ਸ਼ੁਰੂ ਕੀਤੀਆਂ ਗਈਆਂ ਹਨ। ਇਮੀਗ੍ਰੇਸ਼ਨ ਅਦਾਲਤਾਂ 'ਚ ਇੱਕ ਹੀ ਸੈਸ਼ਨ ਦੌਰਾਨ 50 ਤੋਂ 100 ਕੇਸਾਂ ਦਾ ਨਿਪਟਾਰਾ ਮਹਿਜ਼ ਕੁਝ ਹੀ ਮਿੰਟਾਂ ਦੀ ਸੁਣਵਾਈ ਵਿੱਚ ਕੀਤਾ ਜਾ ਰਿਹਾ ਹੈ, ਜਿਸ ਨਾਲ ਪ੍ਰਵਾਸੀਆਂ ਕੋਲ ਕਾਨੂੰਨੀ ਮਦਦ ਲੈਣ ਦੇ ਮੌਕੇ ਕਾਫ਼ੀ ਘੱਟ ਗਏ ਹਨ। ਭਾਵੇਂ ਕਿ ਟਰੰਪ ਦਾ ਇਹ ਕਦਮ ਅਮਰੀਕਾ ਲਈ ਚੰਗਾ ਮੰਨਿਆ ਜਾ ਰਿਹਾ ਹੈ, ਪਰ ਇਸ ਦੇ ਬਾਵਜੂਦ ਪ੍ਰਵਾਸੀਆਂ ਖ਼ਿਲਾਫ਼ ਉਨ੍ਹਾਂ ਦੀ ਸਖ਼ਤ ਕਾਰਵਾਈ ਦੇ ਕਾਰਨ ਉਨ੍ਹਾਂ ਦੀ ਇਮੀਗ੍ਰੇਸ਼ਨ ਨੀਤੀ ਦੀ ਅਪਰੂਵਲ ਰੇਟਿੰਗ ਡਿੱਗ ਕੇ -13 ਤੱਕ ਪਹੁੰਚ ਗਈ ਹੈ। ਉੱਥੇ ਹੀ ਲਗਭਗ 47 ਫ਼ੀਸਦੀ ਅਮਰੀਕੀ ਨਾਗਰਿਕ ਹੁਣ 935 ਏਜੰਸੀ ਨੂੰ ਪੂਰੀ ਤਰ੍ਹਾਂ ਖ਼ਤਮ ਕਰਨ ਦੇ ਪੱਖ 'ਚ ਹਨ। ਇਸ ਸਖ਼ਤ ਮੁਹਿੰਮ ਕਾਰਨ ਲੱਖਾਂ ਪਰਿਵਾਰ ਉਜੜਨ ਦੇ ਕੰਢੇ ਹਨ ਅਤੇ ਇਹ ਮੁੱਦਾ ਆਉਣ ਵਾਲੀਆਂ ਚੋਣਾਂ ਵਿੱਚ ਪ੍ਰਸ਼ਾਸਨ ਲਈ ਵੱਡੀ ਰਾਜਨੀਤਿਕ ਚੁਣੌਤੀ ਬਣ ਸਕਦਾ ਹੈ। ਫਿਲਹਾਲ ਤਾਂ 16 ਲੱਖ ਲੋਕਾਂ ਦੇ ਸਿਰ 'ਤੇ ਡਿਪੋਰਟੇਸ਼ਨ ਦੀ ਤਲਵਾਰ ਲਟਕ ਰਹੀ ਹੈ, ਜਿਨ੍ਹਾਂ 'ਚੋਂ ਵੱਡੀ ਗਿਣਤੀ 'ਚ ਭਾਰਤੀ ਪ੍ਰਵਾਸੀ ਹੋਣਗੇ।

ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ ॥ ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ ॥

# ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਦੀ 31 ਵੀਂ ਸਲਾਨਾ ਬਰਸੀ



## 31 ਅਗਸਤ 2026 ਦਿਨ ਸੋਮਵਾਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਪਹੁੰਚੋ

ਸ਼ਹਾਦਤ ਸਿਰਫ਼ ਮੌਤ ਦਾ ਨਾਮ ਨਹੀਂ, ਸਗੋਂ ਸੱਚ, ਹੱਕ ਅਤੇ ਅਸੂਲਾਂ ਲਈ ਆਪਣਾ ਸਭ ਕੁਝ ਵਾਰ ਦੇਣ ਦਾ ਨਾਮ ਹੈ। ਸੂਰਮੇ ਮੌਤ ਤੋਂ ਨਹੀਂ ਘਬਰਾਉਂਦੇ, ਕਿਉਂਕਿ ਉਨ੍ਹਾਂ ਲਈ ਜ਼ਿੰਦਗੀ ਨਾਲੋਂ ਆਪਣੇ ਧਰਮ ਅਤੇ ਸਿਦਕ ਦੀ ਲਾਜ ਰੱਖਣੀ ਵੱਡੀ ਹੁੰਦੀ ਹੈ। ਜਿਹੜੇ ਹੱਕ ਦੀ ਰਾਖੀ ਲਈ ਹੱਸ ਕੇ ਸੀਸ ਵਾਰ ਜਾਂਦੇ ਹਨ, ਉਨ੍ਹਾਂ ਦੀ ਸ਼ਹਾਦਤ ਆਉਣ ਵਾਲੀਆਂ ਪੀੜ੍ਹੀਆਂ ਲਈ ਹੌਸਲੇ, ਅਣਖ ਅਤੇ ਚੜ੍ਹਦੀ ਕਲਾ ਦੀ ਮਿਸਾਲ ਬਣ ਜਾਂਦੀ ਹੈ। ਆਓ ਇਨ੍ਹਾਂ ਸ਼ਹਾਦਤਾਂ ਤੋਂ ਪ੍ਰੇਰਨਾ ਲੈ ਕੇ ਆਪਣੇ ਹੱਕਾਂ, ਅਣਖ ਅਤੇ ਸਿਦਕ ਪ੍ਰਤੀ ਹੋਰ ਦ੍ਰਿੜ੍ਹ ਹੋਈਏ ਅਤੇ ਖਾਲਿਸਤਾਨ ਦੀ ਸਥਾਪਤੀ ਦੇ ਆਪਣੇ ਸਿਆਸੀ ਤੇ ਜਮਹੂਰੀ ਸੰਘਰਸ਼ ਨੂੰ ਹੋਰ ਮਜ਼ਬੂਤੀ ਨਾਲ ਅੱਗੇ ਵਧਾਈਏ।

ਆਵਾਜ਼ਿ ਕੌਮ AWAZE QAUM International Newspaper & WEB TV

### ਜਾਰੀ ਕਰਤਾ

**ਪੰਥਕ ਜੱਥੇਬੰਦੀਆਂ ਜਰਮਨੀ**


**ਸਿੱਖ ਫੈਡਰੇਸ਼ਨ ਜਰਮਨੀ, ਬੱਬਰ ਖਾਲਸਾ ਜਰਮਨੀ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜਰਮਨੀ, ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਜਰਮਨੀ, ਦਲ ਖਾਲਸਾ ਇੰਟਰਨੈਸ਼ਨਲ ਜਰਮਨੀ**

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net




ਨਾਮ ਜਪੋ ਕਿਰਤ ਕਰੋ ਵੰਡ ਛਕੋ

Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

ਸਲਾਨਾ ਜੋੜ ਮੇਲਾ ਰੱਖੜ ਪੁੰਨਿਆ ਬਾਬਾ ਬਕਾਲਾ ਸਾਹਿਬ ਜੀ,
ਜਨਮ ਦਿਹਾੜਾ : ਪਿਆਰੇ ਭਾਈ ਦਇਆ ਸਿੰਘ ਸਾਹਿਬ ਜੀ ,
ਪਹਿਲਾ ਪ੍ਰਕਾਸ਼ : ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ
ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 29 ਅਗਸਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਹਰ ਐਤਵਾਰ 30 ਅਗਸਤ 2026 ਚੌਪਹਿਰਾ ਸਾਹਿਬ ਦੀ ਅਰੰਭਤਾ 6:30 ਹੋਵੇਗੀ ਸਮੇਤ ਸੁਖਮਨੀ ਸਾਹਿਬ ਜੀ ਦੇ ਭੋਗ 10:00 ਵਜੇ ਪੈਣਗੇ ਉਪਰੰਤ 12:30 ਵਜੇ ਤੱਕ ਖੁੱਲੇ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਜਸਪਾਲ ਸਿੰਘ ਬਟਾਲੇ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ • ਸਟਾਲ ਵੀ ਲੱਗੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ ॥ ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ ॥



# ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦੀ 31 ਵੀਂ ਸਲਾਨਾ ਬਰਸੀ

## 31 ਅਗਸਤ 2026 ਦਿਨ ਸੋਮਵਾਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਪਹੁੰਚੋ

ਪੰਜਾਬ ਵਿੱਚੋਂ ਸਿੱਖ ਜਵਾਨੀ ਨੂੰ ਚੁਣ-ਚੁਣ ਕੇ ਖਤਮ ਕਰਨ ਵਾਲੇ ਜ਼ੁਲਮੀ ਹਾਕਮ ਬੇਅੰਤ ਸਿੰਹੁ ਦੇ ਜ਼ੁਲਮੀ ਰਾਜ ਅਤੇ ਉਸ ਦਾ ਨਾਸ਼ ਕਰਦੇ ਹੋਏ 31 ਅਗਸਤ 1995 ਨੂੰ 'ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਮਹਾਨ ਸ਼ਹਾਦਤ ਪ੍ਰਾਪਤ ਕਰ ਗਏ ਸਨ। ਆਓ ਰਲ ਮਿਲਕੇ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦੀ ਸਲਾਨਾ ਬਰਸੀ ਮੌਕੇ ਉਨ੍ਹਾਂ ਵੱਲੋਂ ਖਾਲਿਸਤਾਨ ਦੇ ਸੰਘਰਸ਼ ਲਈ ਦਿੱਤੀ ਕੁਰਬਾਨੀ ਅਤੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰੀਏ। ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ 31 ਅਗਸਤ 2026 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਵੱਖ-ਵੱਖ ਦੇਸ਼ਾਂ ਵਿਦੇਸ਼ਾਂ ਵਿੱਚ 'ਕੌਮੀ ਸ਼ਹੀਦ' ਭਾਈ ਦਿਲਾਵਰ ਸਿੰਘ ਬੱਬਰ ਦੀ ਯਾਦ ਵਿੱਚ ਰੱਖੇ ਪ੍ਰੋਗਰਾਮਾਂ ਵਿੱਚ ਵੱਧ ਤੋਂ ਵੱਧ ਪਰਿਵਾਰਾਂ ਸਹਿਤ ਹਾਜ਼ਰੀ ਲਗਵਾਉ ਅਤੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰੋ ਜੀ।

**ਗੁਰੂ ਪੰਥ ਦੇ ਦਾਸ**

ਜੱਥੇਦਾਰ ਭਾਈ ਰੇਸ਼ਮ ਸਿੰਘ ਬੱਬਰ, ਭਾਈ ਸਤਨਾਮ ਸਿੰਘ ਬੱਬਰ,
ਭਾਈ ਰਾਜਿੰਦਰ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ,
ਭਾਈ ਦਲਜੀਤ ਸਿੰਘ ਕਸ਼ਮੀਰ (ਬੱਬਰ), ਭਾਈ ਪ੍ਰਗਟ ਸਿੰਘ ਬੱਬਰ



**ਜਾਰੀ ਕਰਤਾ : ਬੱਬਰ ਖਾਲਸਾ** ਜਰਮਨੀ

# ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦੀ ਸ਼ਹਾਦਤ ਨੂੰ ਕੋਟਿ ਕੋਟਿ ਪ੍ਰਣਾਮ










ਪਾਪ ਦਾ ਅੰਤ ਕਰਨ ਲਈ ਕਈ ਵਾਰ ਪਾਪੀ ਨੂੰ ਉਸਦੇ ਕੀਤੇ ਪਾਪ ਦੀ ਸਜ਼ਾ ਦੇਣੀ ਪੈਂਦੀ ਹੈ, ਅਤੇ ਇਸ ਸੰਘਰਸ਼ ਦੀ ਸਭ ਤੋਂ ਉੱਚੀ ਮਿਸਾਲ ਸ਼ਹਾਦਤ ਹੁੰਦੀ ਹੈ। ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆ ਵਲੋਂ ਆਰੰਭੇ ਸੰਘਰਸ਼ ਵਿਚ ਭਾਈ ਦਿਲਾਵਰ ਸਿੰਘ ਨੇ ਆਪਣੀ ਜਾਨ ਦੀ ਕੁਰਬਾਨੀ ਦੇ ਕੇ ਇੱਕ ਅਜਿਹਾ ਇਤਿਹਾਸ ਸਿਰਜਿਆ, ਜਿਸ ਨੇ ਪੰਥਕ ਇਤਿਹਾਸ ਵਿੱਚ ਸ਼ਹਾਦਤ ਦੇ ਅਰਥਾਂ ਨੂੰ ਨਵੀਂ ਗਹਿਰਾਈ ਦਿੱਤੀ ਉੱਥੇ ਨੌਜੁਆਨ ਪੀੜ੍ਹੀ ਲਈ ਇਹ ਸੰਦੇਸ਼ ਵੀ ਛੱਡਿਆ ਕਿ ਕੌਮ ਦੇ ਹੱਕ, ਸੱਚ ਅਤੇ ਇਨਸਾਫ਼ ਲਈ ਕੁਰਬਾਨੀ ਦੇਣ ਵਾਲੇ ਇਤਿਹਾਸ ਵਿੱਚ ਸਦਾ ਜਿਉਂਦੇ ਰਹਿੰਦੇ ਹਨ। ਭਾਈ ਦਿਲਾਵਰ ਸਿੰਘ ਦੀ ਸ਼ਹਾਦਤ ਪੰਥਕ ਇਤਿਹਾਸ ਦਾ ਇੱਕ ਅਦਭੁਤ ਅਧਿਆਇ ਬਣ ਕੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਸ਼ਹਾਦਤ, ਦ੍ਰਿੜ੍ਹਤਾ ਅਤੇ ਕੁਰਬਾਨੀ ਦੇ ਅਰਥ ਸਮਝਾਉਂਦੀ ਰਹੇਗੀ

ਗੁਰੂ ਪੰਥ ਦਾ ਸੇਵਾਦਾਰ


## ਪਰਮਜੀਤ ਸਿੰਘ ਭਿਓਰਾ

ਨਜ਼ਰਬੰਦ ਬੁੜੈਲ ਜੇਲ੍ਹ

# ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ ॥







ਸ਼ਹਾਦਤਾਂ ਕਦੇ
ਮਰਦੀਆਂ ਨਹੀਂ,
ਇਤਿਹਾਸ ਬਣ
ਜਾਂਦੀਆਂ ਨੇ,
ਦਿਲਾਵਰ ਸਿੰਘ
ਵਰਗੇ ਸੂਰਮੇ ਕੌਮਾਂ ਨੂੰ
ਜਗਾ ਜਾਂਦੇ ਨੇ

ਕੋਈ ਜ਼ੁਲਮ ਕੋਈ ਸਿਤਮ ਸਾਨੂੰ ਮਿਟਾ ਸਕਦਾ ਨਹੀਂ,
ਕਿਉਂਕਿ ਸਾਡੀਆਂ ਰਗਾਂ ਵਿੱਚ ਕਲਗੀਧਰ ਦਾ ਖ਼ੂਨ ਹੈ।

## ਸ਼ਹੀਦ ਭਾਈ ਦਿਲਾਵਰ ਸਿੰਘ ਜੀ ਦੀ ਅਦੁੱਤੀ ਸ਼ਹਾਦਤ ਨੂੰ ਕੋਟਿ-ਕੋਟਿ ਪ੍ਰਣਾਮ

ਸ਼ਹੀਦ ਭਾਈ ਮਨੀ ਸਿੰਘ ਬੰਦ-ਬੰਦ ਕਟਵਾਉਣ ਵਾਲਿਆਂ ਦੀ ਰੂਹ,
ਆਪਣੇ ਸ਼ਰੀਰ ਦਾ ਬੰਦ-ਬੰਦ ਉਡਾ ਕੇ ਦੁਸ਼ਮਣਾਂ ਨੂੰ ਸੋਧਣ ਵਾਲੇ, ਭਾਈ ਦਿਲਾਵਰ ਸਿੰਘ ਇਤਿਹਾਸ ਦੇ ਪਹਿਲੇ ਮਨੁੱਖੀ ਬੰਬ, ਦੀ ਲੱਟ-ਲੱਟ ਕਰਦੀ, ਧਖਦੀ ਬਾਗ਼ੀ ਅੱਗ ਨੂੰ, ਕੋਟਾਨ-ਕੋਟ ਕੇਸਰੀ ਸਲਾਮ। ਜਦ ਤੱਕ ਭਾਈ ਦਿਲਾਵਰ ਸਿੰਘ ਵਰਗੇ ਸੂਰਮੇ ਕੌਮ ਵਿੱਚ ਦੁਬਾਰਾ ਜੰਮਦੇ ਰਹਿਣਗੇ, ਤਦ ਤੱਕ ਖ਼ਾਲਸੇ ਦੇ ਝੰਡੇ ਪੂਰੇ ਬ੍ਰਹਿਮੰਡ ਵਿੱਚ ਝੂਲਦੇ ਰਹਿਣਗੇ। ਗੁਰੂ ਨਾਨਕ ਪਾਤਸ਼ਾਹ ਦਾ ਨਾਨਕਰਾਜ ਦਾ ਸਿੱਕਾ, ਭਗਤ ਰਵਿਦਾਸ ਜੀ ਦੇ ਹਲੇਮੀ ਰਾਜ ਬੇਗ਼ਮਪੁਰੇ ਦਾ ਸੰਕਲਪ, ਆਪਣੀ ਆਜ਼ਾਦ ਹਸਤੀ ਲਈ ਸਦਾ ਸੰਘਰਸ਼ਰਤ ਰਹੇਗਾ। (ਭਾਈ ਰਤਿੰਦਰ ਸਿੰਘ ਇੰਦੌਰ)



ਆਓ ਭਾਈ ਦਿਲਾਵਰ ਸਿੰਘ ਦੀ ਯਾਦ ਵਿੱਚ ਜੁੜ ਕੇ ਉਨ੍ਹਾਂ ਦੇ ਸ਼ਹੀਦੀ ਦਿਵਸ 'ਤੇ ਬੀਰ ਰਸ ਦਾ ਕੀਰਤਨ ਤੇ ਪ੍ਰਚੰਡ ਚੰਡੀ ਦੀ ਵਾਰ ਦੇ ਵੱਧ ਤੋਂ ਵੱਧ ਪਾਠ ਕਰਕੇ ਆਪਣੇ ਆਪ ਨੂੰ ਸ਼ਹੀਦੀਆਂ ਲਈ ਤਿਆਰ ਕਰੀਏ

ਗੁਰੂ ਪੰਥ ਦਾ ਦਾਸ

**ਭਾਈ ਪਰਮਜੀਤ ਸਿੰਘ ਭਿਓਰਾ**

ਨਜ਼ਰਬੰਦ ਬੁੜੈਲ ਜੇਲ੍ਹ

### ਸ਼ਹੀਦ ਭਾਈ ਨਿੱਝਰ ਖ਼ਿਲਾਫ਼ ਭਾਰਤ ਦਾ ਗੁਮਰਾਹਕੁੰਨ ਪ੍ਰਚਾਰ ਮੁੱਢੋਂ ਰੱਦ

# ਕੈਨੇਡੀਅਨ ਸਿੱਖਾਂ ਨੇ ਹਿੱਕ ਦੇ ਜ਼ੋਰ 'ਤੇ ਨਕਾਰਿਆ ਦਿੱਲੀ ਦਾ ਝੂਠ



**ਨਵੀਂ ਦਿੱਲੀ, 29 ਅਗਸਤ (ਮਨਪ੍ਰੀਤ ਸਿੰਘ ਖਾਲਸਾ):-** ਕੈਨੇਡਾ ਦੀ ਧਰਤੀ 'ਤੇ ਸਿੱਖ ਕੌਮ ਦੇ ਅਣਖੀਲੇ ਬੋਲ ਅਤੇ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੇ ਹੋਏ ਕਾਇਰਾਨਾ ਕਤਲ ਵਿੱਚ ਭਾਰਤ ਸਰਕਾਰ ਦਾ ਸਿੱਧਾ ਹੱਥ ਹੋਣ ਦੀ ਹਕੀਕਤ ਹੁਣ ਪੂਰੀ ਦੁਨੀਆ ਦੇ ਸਾਹਮਣੇ ਨੰਗੀ ਹੋ ਚੁੱਕੀ ਹੈ। ਕੈਨੇਡਾ ਦੇ ਸਾਬਕਾ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਦੇਸ਼ ਦੀ ਪਾਰਲੀਮੈਂਟ ਵਿੱਚ ਭਾਰਤੀ ਏਜੰਟਾਂ ਦੀ ਸ਼ਮੂਲੀਅਤ ਦੇ ਪੁਖ਼ਤਾ ਖ਼ੁਫ਼ੀਆ ਸਬੂਤਾਂ ਦਾ ਸਨਸਨੀਖੇਜ਼ ਜ਼ਿਕਰ ਕਰਨ ਅਤੇ ਉਸ ਤੋਂ ਬਾਅਦ ਕੈਨੇਡੀਅਨ ਪੁਲਿਸ ਵੱਲੋਂ ਭਾਰਤੀ ਹਾਈ ਕਮਿਸ਼ਨਰ ਸਮੇਤ ਉੱਚ ਡਿਪਲੋਮੈਟਾਂ ਨੂੰ ਸਿੱਧਾ ਇਸ ਕਤਲ ਅਤੇ ਅਪਰਾਧਿਕ ਸਾਜ਼ਿਸ਼ ਦੇ ਨੈੱਟਵਰਕ ਵਿੱਚ ਨਾਮਜ਼ਦ ਕੀਤੇ ਜਾਣ ਤੋਂ ਬਾਅਦ, ਭਾਰਤੀ ਹਕੂਮਤ ਦਾ ਅੱਤਵਾਦੀ ਚਿਹਰਾ ਪੂਰੀ ਤਰ੍ਹਾਂ ਬੇਨਕਾਬ ਹੋ ਚੁੱਕਾ ਹੈ ਆਪਣੇ ਇਸ ਕੌਮਾਂਤਰੀ ਅਪਰਾਧ ਅਤੇ ਅਧਿਕਾਰੀਆਂ ਦੀਆਂ ਕਾਲੀਆਂ ਕਰਤੂਤਾਂ 'ਤੇ ਪਰਦਾ ਪਾਉਣ ਲਈ ਭਾਰਤੀ ਖ਼ੁਫ਼ੀਆ ਏਜੰਸੀਆਂ ਹੁਣ ਬੌਖਲਾਹਟ ਵਿੱਚ ਅਤਿ ਹੋਛੇ ਹੱਥਕੰਡਿਆਂ 'ਤੇ ਉੱਤਰ ਆਈਆਂ ਹਨ। ਆਪਣੇ ਹੀ ਪਾਲਤੂ ਗੈਂਗਸਟਰਾਂ ਦੀਆਂ ਮਨਘੜਤ ਅਤੇ ਫਰਜ਼ੀ ਆਡੀਓਜ਼ ਮੀਡੀਆ ਵਿੱਚ ਲੀਕ ਕਰਕੇ, ਭਾਰਤੀ ਕੌਂਸਲਖਾਨੇ ਦੇ ਗੁਨਾਹਗਾਰ ਰਾਜਦੂਤਾਂ ਨੂੰ ਪਾਕ-ਸਾਫ਼ ਦਿਖਾਉਣ ਦੀਆਂ ਨਾਕਾਮ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਜਿਸ ਨੂੰ ਸਿੱਖ ਕੌਮ ਲੱਤ ਮਾਰਦੀ ਹੈ। ਭਾਰਤ ਦੇ ਇਸ ਸਰਕਾਰੀ ਅੱਤਵਾਦ ਅਤੇ ਗੋਦੀ ਮੀਡੀਆ ਦੇ ਝੂਠੇ ਪ੍ਰਚਾਰ ਦਾ ਹਿੱਕ ਦੇ ਜ਼ੋਰ 'ਤੇ ਜਵਾਬ ਦਿੰਦਿਆਂ ਸਮੂਹ ਖ਼ਾਲਿਸਤਾਨੀ ਜਥੇਬੰਦੀਆਂ ਨੇ ਇੱਕਜੁੱਟ ਹੋ ਕੇ ਲਲਕਾਰਿਆ ਹੈ। ਓਨ੍ਹਾ ਕਿਹਾ ਕਿ ਕੈਨੇਡੀਅਨ ਪੁਲਿਸ ਦੇ ਖੁਲਾਸਿਆਂ ਨੇ ਸਾਫ਼ ਕਰ ਦਿੱਤਾ ਸੀ ਕਿ ਭਾਰਤੀ ਡਿਪਲੋਮੈਟ ਆਪਣੀ ਸਿਆਸੀ ਛੋਟ ਦੀ ਦੁਰਵਰਤੋਂ ਕਰਕੇ ਕੈਨੇਡਾ ਵਿੱਚ ਸਿੱਖ ਆਗੂਆਂ ਦੀ ਨਿਸ਼ਾਨਦੇਹੀ ਕਰਨ ਅਤੇ ਸਥਾਨਕ ਗੈਂਗਸਟਰਾਂ ਰਾਹੀਂ ਉਨ੍ਹਾਂ 'ਤੇ ਹਮਲੇ ਤੇ ਕਤਲ ਕਰਵਾਉਣ ਦੇ ਨਾਪਾਕ ਨੈੱਟਵਰਕ ਚਲਾ ਰਹੇ ਸਨ ਓਨ੍ਹਾ ਕਿਹਾ ਭਾਈ ਨਿੱਝਰ ਇੱਕ ਉੱਚੇ-ਸੁੱਚੇ ਜੀਵਨ ਵਾਲੇ ਗੁਰਮੁਖ, ਹੱਥੀਂ ਕਿਰਤ ਕਰਨ ਵਾਲੇ ਅਤੇ 'ਖ਼ਾਲਿਸਤਾਨ ਰੈਫ਼ਰੈਂਡਮ' ਰਾਹੀਂ ਸਿੱਖਾਂ ਦੀ ਆਜ਼ਾਦੀ ਦੇ ਸ਼ਾਂਤਮਈ ਜਮਹੂਰੀ ਹੱਕ ਲਈ ਲੜਨ ਵਾਲੇ ਨਿਡਰ ਯੋਧੇ ਸਨ, ਜਿਨ੍ਹਾਂ ਦੀ ਵਧਦੀ ਸਿਆਸੀ ਤਾਕਤ ਤੋਂ ਦਿੱਲੀ ਦੀ ਹਕੂਮਤ ਕੰਬ ਚੁੱਕੀ ਸੀ ।ਇਸ ਮੌਕੇ ਭਾਈ ਗੁਰਮੀਤ ਸਿੰਘ ਗਿੱਲ, ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਰਣਜੀਤ ਸਿੰਘ ਖਾਲਸਾ, ਭਾਈ ਹਰਬੰਸ ਸਿੰਘ ਔਜਲਾ ਅਤੇ ਭਾਈ ਜਗਦੀਪ ਸਿੰਘ ਪੰਨੂ ਸਮੇਤ ਐਸਐਫਜੇ ਦੀ ਲੀਡਰਸ਼ਿਪ ਨੇ ਭਾਰਤੀ ਹਕੂਮਤ ਨੂੰ ਸਖ਼ਤ ਚੇਤਾਵਨੀ ਦਿੰਦਿਆਂ "ਭਾਈ ਨਿੱਝਰ ਜਿੰਦਾਬਾਦ÷, "ਭਾਰਤੀ ਸਰਕਾਰੀ ਅੱਤਵਾਦ ਮੁਰਦਾਬਾਦ" ਅਤੇ "ਖ਼ਾਲਿਸਤਾਨ ਜਿੰਦਾਬਾਦ" ਦੇ ਆਕਾਸ਼-ਗੂੰਜਵੇਂ ਨਾਅਰੇ ਲਾਏ ।ਸਮੂਹ ਸਿੱਖ ਸੰਗਤ ਨੇ ਅਕਾਲ ਤਖ਼ਤ ਸਾਹਿਬ ਨੂੰ ਹਾਜ਼ਰ-ਨਾਜ਼ਰ ਜਾਣ ਕੇ ਪ੍ਰਣ ਲਿਆ ਹੈ ਕਿ ਭਾਰਤ ਦੇ ਕਿਸੇ ਵੀ ਝੂਠੇ ਪ੍ਰਚਾਰ, ਡਰਾਵੇ ਜਾਂ ਸਿਆਸੀ ਦਬਾਅ ਅੱਗੇ ਝੁਕਣ ਦੀ ਬਜਾਏ, ਸ਼ਹੀਦ ਭਾਈ ਨਿੱਝਰ ਦੀ ਸੋਚ 'ਤੇ ਪਹਿਰਾ ਦਿੱਤਾ ਜਾਵੇਗਾ। ਭਾਰਤ ਦੇ ਸਰਕਾਰੀ ਜ਼ੁਲਮਾਂ ਦਾ ਜਵਾਬ ਵੋਟ ਦੀ ਤਾਕਤ ਨਾਲ ਦਿੱਤਾ ਜਾਵੇਗਾ ਅਤੇ ਖ਼ਾਲਿਸਤਾਨ ਰੈਫ਼ਰੈਂਡਮ ਦੀ ਮੁਹਿੰਮ ਨੂੰ ਪੂਰੀ ਤਾਕਤ ਅਤੇ ਚੜ੍ਹਦੀ ਕਲਾ ਨਾਲ ਆਜ਼ਾਦ ਖ਼ਾਲਿਸਤਾਨ ਦੀ ਮੰਜ਼ਿਲ ਤੱਕ ਪਹੁੰਚਾਇਆ ਜਾਵੇਗਾ।

**ਗੈਂਗਸਟਰਾਂ ਦੀਆਂ ਮਨਘੜਤ ਆਡੀਓਜ਼ ਰਾਹੀਂ ਖ਼ੁਦ ਨੂੰ ਪਾਕ-ਸਾਫ਼ ਦਿਖਾਉਣ ਦੀਆਂ ਭਾਰਤੀ ਕੋਸ਼ਿਸ਼ਾਂ ਹੋਈਆਂ ਨਾਕਾਮ**

### 5 ਸਤੰਬਰ ਨੂੰ ਅਧਿਆਪਕ ਦਿਵਸ ਮੌਕੇ ਮਨਾਇਆ ਜਾਵੇਗਾ

# 'ਕਾਲਾ ਅਧਿਆਪਕ ਦਿਵਸ'- ਜ਼ਿਲ੍ਹਾ ਮੀਤ ਪ੍ਰਧਾਨ ਬਿਕਰਮਜੀਤ ਸਿੰਘ ਸਿੱਧੂ



**ਤਲਵੰਡੀ ਸਾਬੋ, 29 ਅਗਸਤ (ਗੁਰਜੰਟ ਸਿੰਘ ਨਥੇਹਾ)-** ਪੰਜਾਬ ਦੇ ਸਰਕਾਰੀ ਸਹਾਇਤਾ ਪ੍ਰਾਪਤ (ਏਡਿਡ) ਸਕੂਲਾਂ ਦੇ ਅਧਿਆਪਕਾਂ ਅਤੇ ਹੋਰ ਕਰਮਚਾਰੀਆਂ ਨੂੰ ਪਿਛਲੇ ਲਗਭਗ ਅੱਠ ਮਹੀਨਿਆਂ ਤੋਂ ਤਨਖ਼ਾਹਾਂ ਨਾ ਮਿਲਣ ਅਤੇ ਸੇਵਾ ਮੁਕਤ ਅਧਿਆਪਕਾਂ ਤੇ ਕਰਮਚਾਰੀਆਂ ਦੇ ਪੈਨਸ਼ਨ ਪੀ.ਪੀ.ਓ. ਜਾਰੀ ਨਾ ਕੀਤੇ ਜਾਣ ਕਾਰਨ ਉਨ੍ਹਾਂ ਵਿੱਚ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸੇ ਦੇ ਚਲਦਿਆਂ ਏਡਿਡ ਸਕੂਲ ਯੂਨੀਅਨ ਵੱਲੋਂ ਐਲਾਨ ਕੀਤਾ ਗਿਆ ਹੈ ਕਿ ਜੇਕਰ ਸਰਕਾਰ ਨੇ ਮੰਗਾਂ ਦਾ ਤੁਰੰਤ ਹੱਲ ਨਾ ਕੀਤਾ ਤਾਂ 5 ਸਤੰਬਰ ਨੂੰ ਅਧਿਆਪਕ ਦਿਵਸ ਮੌਕੇ ਸੂਬਾ ਪੱਧਰ 'ਤੇ ਰੋਸ ਪ੍ਰਦਰਸ਼ਨ ਕਰਦਿਆਂ 'ਕਾਲਾ ਅਧਿਆਪਕ ਦਿਵਸ' ਮਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਮੀਤ ਪ੍ਰਧਾਨ ਬਿਕਰਮਜੀਤ ਸਿੰਘ ਸਿੱਧੂ ਨੇ ਕਿਹਾ ਕਿ ਏਡਿਡ ਸਕੂਲਾਂ ਦੇ ਅਧਿਆਪਕ ਅਤੇ ਕਰਮਚਾਰੀ ਲੰਮੇ ਸਮੇਂ ਤੋਂ ਆਪਣੀਆਂ ਤਨਖ਼ਾਹਾਂ ਅਤੇ ਪੈਨਸ਼ਨ ਸਬੰਧੀ ਹੱਕਾਂ ਲਈ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਵੱਲੋਂ ਅਜੇ ਤੱਕ ਇਸ ਗੰਭੀਰ ਮਸਲੇ ਦਾ ਕੋਈ ਢੁੱਕਵਾਂ ਅਤੇ ਸਥਾਈ ਹੱਲ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਲਗਾਤਾਰ ਅੱਠ ਮਹੀਨਿਆਂ ਤੋਂ ਤਨਖ਼ਾਹਾਂ ਨਾ ਮਿਲਣ ਕਾਰਨ ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਭਾਰੀ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਘਰਾਂ ਦੇ ਰੋਜ਼ਾਨਾ ਖਰਚੇ, ਬੱਚਿਆਂ ਦੀ ਪੜ੍ਹਾਈ ਅਤੇ ਹੋਰ ਜ਼ਰੂਰੀ ਲੋੜਾਂ ਪੂਰੀਆਂ ਕਰਨਾ ਵੀ ਮੁਸ਼ਕਲ ਹੁੰਦਾ ਜਾ ਰਿਹਾ ਹੈ। ਦੂਜੇ ਪਾਸੇ ਸੇਵਾ ਮੁਕਤ ਅਧਿਆਪਕ ਅਤੇ ਕਰਮਚਾਰੀ ਆਪਣੇ ਪੈਨਸ਼ਨਰੀ ਲਾਭ ਅਤੇ ਪੈਨਸ਼ਨ ਦੇ ਪੀ.ਪੀ.ਓ. ਜਾਰੀ ਕਰਵਾਉਣ ਲਈ ਵੱਖ-ਵੱਖ ਸਰਕਾਰੀ ਦਫ਼ਤਰਾਂ ਦੇ ਚੱਕਰ ਕੱਟਣ ਲਈ ਮਜਬੂਰ ਹਨ ।ਉਨ੍ਹਾਂ ਕਿਹਾ ਕਿ ਅਧਿਆਪਕ ਅਤੇ ਕਰਮਚਾਰੀ ਸਮਾਜ ਦੇ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ ਅਤੇ ਉਨ੍ਹਾਂ ਨੂੰ ਸਮੇਂ ਸਿਰ ਤਨਖ਼ਾਹਾਂ ਤੋਂ ਵਾਂਝਾ ਰੱਖਣਾ ਬੇਹੱਦ ਦੁੱਖਦਾਈ ਅਤੇ ਨਿੰਦਣਯੋਗ ਹੈ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਏਡਿਡ ਸਕੂਲਾਂ ਦੇ ਅਧਿਆਪਕਾਂ ਅਤੇ ਕਰਮਚਾਰੀਆਂ ਦੀਆਂ ਲੰਬਿਤ ਤਨਖ਼ਾਹਾਂ ਤੁਰੰਤ ਜਾਰੀ ਕਰੇ। ਯੂਨੀਅਨ ਆਗੂ ਨੇ ਦੋਸ਼ ਲਗਾਇਆ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਦੇ ਹਜ਼ਾਰਾਂ ਅਧਿਆਪਕਾਂ, ਕਰਮਚਾਰੀਆਂ ਅਤੇ ਬਜ਼ੁਰਗ ਪੈਨਸ਼ਨਰਾਂ ਦੇ ਛੇਵੇਂ ਪੇਅ ਕਮਿਸ਼ਨ ਨਾਲ ਸਬੰਧਤ ਬਕਾਏ ਵੀ ਅਜੇ ਤੱਕ ਜਾਰੀ ਨਹੀਂ ਕੀਤੇ ਗਏ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਹਾਈ ਕੋਰਟ ਵਿੱਚ ਐਫਿਡੇਵਿਟ ਦਾਇਰ ਕਰਕੇ ਇਹ ਭਰੋਸਾ ਦਿੱਤਾ ਗਿਆ ਸੀ ਕਿ ਪੰਜਾਬ ਦੇ ਸਾਰੇ ਏਡਿਡ ਸਕੂਲਾਂ ਦੇ ਅਧਿਆਪਕਾਂ ਅਤੇ ਪੈਨਸ਼ਨਰਾਂ ਨੂੰ ਸਰਕਾਰੀ ਸਕੂਲਾਂ ਦੇ ਕਰਮਚਾਰੀਆਂ ਦੀ ਤਰ੍ਹਾਂ ਛੇਵੇਂ ਪੇਅ ਕਮਿਸ਼ਨ ਦੇ ਬਕਾਏ ਦੀ ਅਦਾਇਗੀ ਕੀਤੀ ਜਾਵੇਗੀ। ਆਗੂ ਅਨੁਸਾਰ ਇਨ੍ਹਾਂ ਬਕਾਇਆਂ ਦੀ ਅਦਾਇਗੀ ਸ਼ੁਰੂ ਕਰਨ ਦੀ ਨਿਰਧਾਰਤ ਤਰੀਕ ਲੰਘਿਆਂ ਵੀ ਪੰਜ ਮਹੀਨੇ ਬੀਤ ਚੁੱਕੇ ਹਨ, ਪਰ ਇਸ ਦੇ ਬਾਵਜੂਦ ਸਰਕਾਰ ਵੱਲੋਂ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਸਰਕਾਰ ਅਤੇ ਅਫ਼ਸਰਸ਼ਾਹੀ ਦਾ ਰਵੱਈਆ ਇਸ ਹੱਦ ਤੱਕ ਨਿਰਾਸ਼ਾਜਨਕ ਹੈ ਕਿ ਯੂਨੀਅਨ ਆਗੂਆਂ ਨਾਲ ਹੋਈਆਂ ਮੀਟਿੰਗਾਂ ਦੌਰਾਨ ਵਿੱਤ ਮੰਤਰੀ ਵੱਲੋਂ ਦਿੱਤੇ ਗਏ ਹੁਕਮਾਂ ਅਤੇ ਸਾਂਝੇ ਤੌਰ 'ਤੇ ਲਏ ਗਏ ਫ਼ੈਸਲਿਆਂ ਨੂੰ ਵੀ ਅਜੇ ਤੱਕ ਲਾਗੂ ਨਹੀਂ ਕੀਤਾ ਗਿਆ। ਯੂਨੀਅਨ ਆਗੂ ਨੇ ਇਹ ਵੀ ਕਿਹਾ ਕਿ 2022 ਦੇ ਚੋਣ ਮੈਨੀਫੈਸਟੋ ਵਿੱਚ ਏਡਿਡ ਸਕੂਲਾਂ ਦੇ ਕਰਮਚਾਰੀਆਂ ਨੂੰ ਸਰਕਾਰੀ ਸਕੂਲਾਂ ਦੇ ਕਰਮਚਾਰੀਆਂ ਦੇ ਬਰਾਬਰ ਸਾਰੀਆਂ ਸਹੂਲਤਾਂ ਦੇਣ ਦਾ ਵਾਅਦਾ ਕੀਤਾ ਗਿਆ ਸੀ, ਪਰ ਸਾਢੇ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਇਹ ਵਾਅਦਾ ਪੂਰਾ ਨਹੀਂ ਕੀਤਾ ਗਿਆ। ਜ਼ਿਲ੍ਹਾ ਮੀਤ ਪ੍ਰਧਾਨ ਨੇ ਕਿਹਾ ਕਿ ਸੂਬਾ ਕਮੇਟੀ ਵੱਲੋਂ ਫ਼ੈਸਲਾ ਕੀਤਾ ਗਿਆ ਹੈ ਕਿ ਜੇਕਰ ਸਰਕਾਰ ਨੇ ਅਧਿਆਪਕਾਂ ਅਤੇ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਦਾ ਤੁਰੰਤ ਹੱਲ ਨਾ ਕੀਤਾ ਤਾਂ 5 ਸਤੰਬਰ ਨੂੰ ਅਧਿਆਪਕ ਦਿਵਸ ਮੌਕੇ ਸੂਬਾ ਪੱਧਰੀ ਰੋਸ ਪ੍ਰਗਟ ਕਰਦਿਆਂ 'ਕਾਲਾ ਅਧਿਆਪਕ ਦਿਵਸ' ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਰੋਸ ਪ੍ਰੋਗਰਾਮ ਦੌਰਾਨ ਸਰਕਾਰ ਤੋਂ ਮੰਗ ਕੀਤੀ ਜਾਵੇਗੀ ਕਿ ਏਡਿਡ ਸਕੂਲਾਂ ਦੇ ਅਧਿਆਪਕਾਂ ਦੀਆਂ ਅੱਠ-ਅੱਠ ਮਹੀਨਿਆਂ ਤੋਂ ਰੋਕੀਆਂ ਗਈਆਂ ਤਨਖ਼ਾਹਾਂ ਤੁਰੰਤ ਜਾਰੀ ਕੀਤੀਆਂ ਜਾਣ, ਸਮੂਹ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੇ ਛੇਵੇਂ ਪੇਅ ਕਮਿਸ਼ਨ ਦੇ ਬਕਾਏ ਜਾਰੀ ਕੀਤੇ ਜਾਣ ਅਤੇ ਸੇਵਾ ਮੁਕਤ ਅਧਿਆਪਕਾਂ ਤੇ ਕਰਮਚਾਰੀਆਂ ਦੇ ਪੈਨਸ਼ਨ ਪੀ.ਪੀ.ਓ. ਸਮੇਤ ਹੋਰ ਸਾਰੀਆਂ ਲੰਬਿਤ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ। ਯੂਨੀਅਨ ਆਗੂ ਨੇ ਬਠਿੰਡਾ ਜ਼ਿਲ੍ਹੇ ਦੇ ਸਮੂਹ ਏਡਿਡ ਸਕੂਲਾਂ ਦੇ ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਅਪੀਲ ਕੀਤੀ ਕਿ ਉਹ 5 ਸਤੰਬਰ ਨੂੰ ਹੋਣ ਵਾਲੇ ਸੂਬਾ ਪੱਧਰੀ ਰੋਸ ਪ੍ਰੋਗਰਾਮ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ, ਤਾਂ ਜੋ ਸਰਕਾਰ ਤੱਕ ਆਪਣੀਆਂ ਜਾਇਜ਼ ਅਤੇ ਹੱਕੀ ਮੰਗਾਂ ਦੀ ਆਵਾਜ਼ ਮਜ਼ਬੂਤੀ ਨਾਲ ਪਹੁੰਚਾਈ ਜਾ ਸਕੇ।

# 1984 ਦੇ ਸਿੱਖ ਕਤਲੇਆਮ ਦੇ ਮੁੱਖ ਦੋਸ਼ੀ ਦੀ ਸ਼ੋਕ ਸਭਾ 'ਚ ਸ਼ਮੂਲੀਅਤ: ਭਾਜਪਾ ਸੰਸਦ ਮੈਂਬਰਾਂ ਦੀ ਕਰਤੂਤ ਨੇ ਸਿੱਖਾਂ ਦੇ ਹਿਰਦੇ ਵਲੂੰਧਰੇ: ਇੰਦਰਜੀਤ ਸਿੰਘ ਵਿਕਾਸਪੁਰੀ



ਨਵੀਂ ਦਿੱਲੀ 29 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਨਵੰਬਰ 1984 ਦੇ ਭਿਆਨਕ ਸਿੱਖ ਕਤਲੇਆਮ ਦੇ ਮੁੱਖ ਦੋਸ਼ੀ ਸੱਜਣ ਕੁਮਾਰ ਦੀ ਮੌਤ ਤੋਂ ਬਾਅਦ ਪੱਛਮੀ ਦਿੱਲੀ ਤੋਂ ਭਾਜਪਾ ਦੀ ਲੋਕ ਸਭਾ ਮੈਂਬਰ ਕਮਲਜੀਤ ਸਹਿਰਾਵਤ ਅਤੇ ਦੋ ਹੋਰ ਭਾਜਪਾ ਸੰਸਦ ਮੈਂਬਰਾਂ ਵੱਲੋਂ ਉਸ ਦੇ ਅੰਤਿਮ ਸੰਸਕਾਰ ਅਤੇ ਸ਼ੋਕ ਸਭਾ ਵਿੱਚ ਸ਼ਾਮਲ ਹੋ ਕੇ ਦੋਸ਼ੀ ਪਰਿਵਾਰ ਨਾਲ ਸੰਵੇਦਨਾ ਪ੍ਰਗਟ ਕਰਨ ਦੀ ਕਾਰਵਾਈ ਨੇ ਸਮੁੱਚੇ ਸਿੱਖ ਜਗਤ ਵਿੱਚ ਭਾਰੀ ਰੋਸ ਅਤੇ ਸੰਤਾਪ ਦੀ ਲਹਿਰ ਦੌੜਾ ਦਿੱਤੀ ਹੈ। ਭਾਜਪਾ ਆਗੂਆਂ ਦੀ ਇਸ ਸ਼ਰਮਨਾਕ ਕਰਤੂਤ ਦੀ ਜਿੰਨੀ ਵੀ ਕਰੜੀ ਨਿੰਦਾ ਕੀਤੀ ਜਾਵੇ, ਘੱਟ ਹੈ। ?13 ਆਸਾ ਵੈਲਫੇਅਰ ਟਰੱਸਟ ਦੇ ਪ੍ਰਧਾਨ ਇੰਦਰਜੀਤ ਸਿੰਘ ਵਿਕਾਸ ਪੁਰੀ ਨੇ ਤਿੱਖੀ ਪ੍ਰਤੀਕਿਰਿਆ ਪ੍ਰਗਟਾਉਂਦਿਆਂ ਕਿਹਾ ਕਿ ਪੱਛਮੀ ਦਿੱਲੀ ਦੇ ਸਿੱਖ ਵੋਟਰਾਂ ਨੇ ਭਾਰੀ ਭਰੋਸਾ ਜਤਾ ਕੇ ਕਮਲਜੀਤ ਸਹਿਰਾਵਤ ਨੂੰ ਲੋਕ ਸਭਾ ਵਿੱਚ ਭੇਜਿਆ ਸੀ। ਪ੍ਰੰਤੂ, ਸਹਿਰਾਵਤ ਨੇ ਹਜ਼ਾਰਾਂ ਬੇਗੁਨਾਹ ਸਿੱਖਾਂ ਦੇ ਕਾਤਲ ਦੇ ਘਰ ਹਾਜ਼ਰੀ ਭਰ ਕੇ 1984 ਦੇ ਪੀੜਤ ਪਰਿਵਾਰਾਂ ਦੀਆਂ ਭਾਵਨਾਵਾਂ ਅਤੇ ਸਿੱਖਾਂ ਦੇ ਵਿਸ਼ਵਾਸ ਦਾ ਸ਼ਰੇਆਮ ਕਤਲ ਕੀਤਾ ਹੈ। ?ਉਨ੍ਹਾਂ ਕਿਹਾ ਕਿ ਤਿਲਕ ਵਿਹਾਰ ਦੀ 1984 ਪੀੜਤ ਵਿਧਵਾ ਕਾਲੋਨੀ ਦੀਆਂ ਮਾਵਾਂ-ਭੈਣਾਂ ਦੇ ਜ਼ਖ਼ਮ ਅੱਜ ਵੀ ਅੱਲ੍ਹੇ ਹਨ, ਜਿਨ੍ਹਾਂ ਦੇ ਅੱਖਾਂ ਸਾਹਮਣੇ ਉਨ੍ਹਾਂ ਦੇ ਪਤੀ, ਪੁੱਤ ਅਤੇ ਭਰਾ ਬੇਰਹਿਮੀ ਨਾਲ ਸ਼ਹੀਦ ਕੀਤੇ ਗਏ, ਘਰ-ਬਾਰ ਲੁੱਟ ਕੇ ਸਵਾਹ ਕਰ ਦਿੱਤੇ ਗਏ। ਅਦਾਲਤ ਵੱਲੋਂ ਉਮਰ ਕੈਦ ਦੀ ਸਜ਼ਾ ਯਾਫਤਾ ਦੋਸ਼ੀ ਸੱਜਣ ਕੁਮਾਰ ਵਰਗੇ ਦਰਿੰਦੇ ਦੀ ਪੁਸ਼ਤਪਨਾਹੀ ਕਰਨਾ ਅਤੇ ਉਸ ਦੀ ਮੌਤ 'ਤੇ ਦਰਦ ਪ੍ਰਗਟਾਉਣਾ ਪੀੜਤ ਪਰਿਵਾਰਾਂ ਦੇ ਜ਼ਖ਼ਮਾਂ 'ਤੇ ਲੂਣ ਛਿੜਕਣ ਦੇ ਬਰਾਬਰ ਹੈ। ?ਇੰਦਰਜੀਤ ਸਿੰਘ ਨੇ ਕਿਹਾ ਕਿ ਇਹ ਕੋਈ ਸਧਾਰਨ ਮਾਮਲਾ ਨਹੀਂ, ਸਗੋਂ ਸਿੱਖ ਕੌਮ ਦੇ ਨਿਆਂ ਲਈ ਲੜੇ ਗਏ ਚਾਲੀ ਸਾਲਾਂ ਦੇ ਲੰਬੇ ਸੰਘਰਸ਼ ਅਤੇ ਸ਼ਹੀਦਾਂ ਦੀ ਸ਼ਹਾਦਤ ਦਾ ਅਪਮਾਨ ਹੈ। ਜਨਤਕ ਪ੍ਰਤੀਨਿਧਾਂ ਦੀ ਇਹ ਨੈਤਿਕ ਜ਼ਿੰਮੇਵਾਰੀ ਬਣਦੀ ਸੀ ਕਿ ਉਹ ਕਾਤਲਾਂ ਦੀ ਹਮਾਇਤ ਕਰਨ ਦੀ ਬਜਾਏ ਪੀੜਤਾਂ ਦੇ ਨਾਲ ਖੜ੍ਹਦੇ। ਅੰਤ ਵਿਚ ਓਨ੍ਹਾ ਕਿਹਾ ?ਅਮਨ-ਪਸੰਦ ਸਿੱਖ ਸਮਾਜ ਅਤੇ 1984 ਦੇ ਪੀੜਤ ਪਰਿਵਾਰ ਮੰਗ ਕਰਦੇ ਹਨ ਕਿ ਸੰਸਦ ਮੈਂਬਰ ਕਮਲਜੀਤ ਸਹਿਰਾਵਤ ਅਤੇ ਹੋਰ ਭਾਜਪਾ ਨੇਤਾ ਆਪਣੀ ਇਸ ਗੰਭੀਰ ਭੁੱਲ ਲਈ ਸਿੱਖ ਕੌਮ ਤੋਂ ਤੁਰੰਤ ਜਨਤਕ ਤੌਰ 'ਤੇ ਮਾਫ਼ੀ ਮੰਗਣ ਅਤੇ ਆਪਣਾ ਸਪਸ਼ਟੀਕਰਨ ਦੇਣ, ਨਹੀਂ ਤਾਂ ਸਿੱਖ ਸਮਾਜ ਆਪਣੇ ਪੱਧਰ 'ਤੇ ਇਸ ਦਾ ਕਰਾਰਾ ਜਵਾਬ ਦੇਵੇਗਾ।

# ਭੈਣ ਭਰਾ ਦੇ ਪਿਆਰ ਦਾ ਪ੍ਰਤੀਕ ਰੱਖੜੀ ਦਾ ਤਿਉਹਾਰ ਸੇਂਟ ਸੋਲਜਰ ਸਕੂਲ ਵਿਖੇ ਪਿਆਰ ਅਤੇ ਉਤਸ਼ਾਹ ਨਾਲ ਮਨਾਇਆ ਗਿਆ

### ਭੈਣ ਭਰਾ ਦੇ ਪਿਆਰ ਨੂੰ ਦਰਸਾਉਂਦੀ ਬੱਚਿਆਂ ਦੀ ਵਿਲੱਖਣ ਕਲਾਕਾਰੀ ਡਾ: ਮੰਗਲ ਸਿੰਘ ਕਿਸ਼ਨਪੁਰੀ




**ਜੰਡਿਆਲਾ ਗੁਰੂ, 29 ਅਗਸਤ ( ਕੁਲਵੰਤ ਸਿੰਘ ਵਿਰਦੀ )**-ਭੈਣ ਭਰਾ ਦੇ ਪਿਆਰ ਦਾ ਪ੍ਰਤੀਕ ਰੱਖੜੀ ਦਾ ਪਵਿੱਤਰ ਤਿਉਹਾਰ ਸੇਂਟ ਸੋਲਜਰ ਇਲੀਟ ਕਾਨਵੇਂਟ ਸਕੂਲ ਜੰਡਿਆਲਾ ਗੁਰੂ ਵਿੱਚ ਡੂੰਘੇ ਪਿਆਰ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਵਿਦਿਆਰਥੀਆਂ ਨੇ ਭੈਣ ਅਤੇ ਭਰਾ ਦੇ ਅਟੁੱਟ ਪਿਆਰ ਨੂੰ ਬੜੀ ਹੀ ਸੁੰਦਰਤਾ ਅਤੇ ਦਿਲ ਖਿਚਵੇਂ ਅੰਦਾਜ਼ ਨਾਲ ਪ੍ਰਗਟ ਕੀਤਾ। ਇਸ ਪਵਿੱਤਰ ਤਿਉਹਾਰ ਨੂੰ ਵੇਸਟ ਟੂ ਵੈਲਥ ਪ੍ਰੋਜੈਕਟ ਨਾਲ ਜੋੜਦੇ ਹੋਏ ਵਿਦਿਆਰਥਨਾਂ ਨੇ ਘਰਾਂ ਵਿੱਚ ਨਾ ਵਰਤਣ ਯੋਗ ਸਮਾਨ ਨੂੰ ਇਕੱਠਾ ਕਰਕੇ ਆਪ ਹੀ ਸੋਹਣੇ ਸੋਹਣੇ ਡਿਜ਼ਾਇਨ ਦੀਆਂ ਰੱਖੜੀਆਂ ਬਹੁਤ ਹੀ ਇਨੋਵੇਟਿਵ ਤਰੀਕੇ ਨਾਲ ਤਿਆਰ ਕੀਤੀਆਂ। ਇਸੇ ਤਰ੍ਹਾਂ ਵਿਦਿਆਰਥੀਆਂ ਨੇ ਆਪਣੀਆਂ ਭੈਣਾਂ ਲਈ ਬਹੁਤ ਹੀ ਸੋਹਣੇ ਸੋਹਣੇ ਕਾਰਡ ਬਣਾਏ ਅਤੇ ਉਹਨਾਂ ਤੇ ਭੈਣ ਭਰਾ ਦੇ ਪਿਆਰ ਨੂੰ ਦਰਸਾਉਂਦੇ ਸਲੋਗਨ ਲਿਖ ਕੇ ਭੈਣ ਭਰਾ ਦੇ ਅਟੁੱਟ ਪਿਆਰ ਦਾ ਪ੍ਰਗਟਾਵਾ ਕੀਤਾ। ਇਹਨਾਂ ਛੋਟੇ ਪਰ ਦਿਲ ਖਿੱਚਵੇ ਅੰਦਾਜ਼ ਨੇ ਇਹ ਦਰਸਾਇਆ ਕਿ ਰੱਖੜੀ ਸਿਰਫ ਇੱਕ ਤਿਉਹਾਰ ਨਹੀਂ ਬਲਕਿ ਇਹ ਭੈਣ ਭਰਾ ਦੇ ਵਿੱਚ ਵਿਸ਼ਵਾਸ, ਪਰੰਪਰਾ ਅਤੇ ਆਪਸੀ ਸਤਿਕਾਰ ਦਾ ਜਸ਼ਨ ਹੈ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਬੱਚਿਆਂ ਦੀ ਇਸ ਵਿਲੱਖਣ ਕਲਾਕਾਰੀ ਰਾਹੀਂ ਭੈਣ ਭਰਾ ਦੇ ਪਿਆਰ ਨੂੰ ਪ੍ਰਗਟ ਕਰਨ ਦੀ ਖ਼ੂਬ ਸਰਾਹਨਾ ਕੀਤੀ। ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਨੇ ਕਿਹਾ ਕਿ ਵੀਰਾਂ ਦੇ ਗੁੱਟ ਤੇ ਬੰਨੀ ਰੱਖੜੀ ਸੁਰੱਖਿਆ, ਦੇਖਭਾਲ ਅਤੇ ਜੀਵਨ ਭਰ ਦੇ ਪਿਆਰ ਦਾ ਪ੍ਰਤੀਕ ਹੁੰਦੀ ਹੈ। ਉਹਨਾਂ ਕਿਹਾ ਕਿ ਜਿੱਥੇ ਭੈਣਾਂ ਹਮੇਸ਼ਾ ਆਪਣੇ ਵੀਰ ਲਈ ਲੰਬੀ ਉਮਰ, ਤਰੱਕੀਆਂ ਅਤੇ ਖੁਸ਼ੀਆਂ ਖੇੜਿਆਂ ਦੀ ਕਾਮਨਾ ਕਰਦੀਆਂ ਹਨ । ਉੱਥੇ ਵੀਰ ਹਮੇਸ਼ਾ ਆਪਣੀ ਭੈਣ ਦੇ ਦੁੱਖ ਸੁੱਖ ਵਿੱਚ ਸਾਥ ਦੇਣ, ਅਤੇ ਖੁਸ਼ੀਆਂ ਦੀ ਕਾਮਨਾ ਕਰਦੇ ਹਨ। ਆਓ ਪਵਿੱਤਰ ਮੋਹ ਭਿਜੇ ਤਿਉਹਾਰ ਨੂੰ ਖੁਸ਼ੀਆਂ ਖੇੜਿਆਂ ਨਾਲ ਮਨਾਈਏ । ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੰਦੀਪ ਸ਼ਰਮਾ ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਨੀਲਾਕਸ਼ੀ ਗੁਪਤਾ ਸਮੂਹ ਸਟਾਫ ਅਤੇ ਬੱਚੇ ਹਾਜਰ ਸਨ।

# ਜਮਹੂਰੀ ਕਿਸਾਨ ਸਭਾ 1 ਸਤੰਬਰ ਨੂੰ ਲੱਗ ਰਹੇ ਚੰਡੀਗੜ੍ਹ ਮੋਰਚੇ 'ਚ ਕਰੇਗੀ ਭਰਵੀਂ ਸ਼ਮੂਲੀਅਤ- ਡਾ. ਅਜਨਾਲਾ

**ਜਲੰਧਰ, (ਆਵਾਜ਼ਿ ਕੌਮ ਬਿਊਰੋ)**-ਜਮਹੂਰੀ ਕਿਸਾਨ ਸਭਾ ਪੰਜਾਬ ਦੀ ਸੂਬਾਈ ਮੀਟਿੰਗ ਜੋ ਕਿ ਸ਼ਹੀਦ ਸਰਵਨ ਸਿੰਘ ਚੀਮਾ ਭਵਨ ਗੜ੍ਹਾ, ਜਲੰਧਰ ਵਿਖੇ ਡਾ. ਸਤਨਾਮ ਸਿੰਘ ਅਜਨਾਲਾ ਦੀ ਪ੍ਰਧਾਨਗੀ ਹੇਠ ਹੋਈ ਵਿੱਚ ਫੈਸਲਾ ਕੀਤਾ ਗਿਆ ਕਿ ਸੰਯੁਕਤ ਕਿਸਾਨ ਮੋਰਚੇ ਵੱਲੋ ਪੰਜਾਬ ਤੇ ਕਿਸਾਨਾਂ ਦੀਆਂ ਹੱਕੀ ਮੰਗਾਂ ਲਈ ਚੰਡੀਗੜ੍ਹ ਵਿੱਚ 1 ਸਤੰਬਰ ਤੋਂ ਲੱਗ ਰਹੇ ਮੋਰਚੇ ਵਿੱਚ ਭਰਵੀਂ ਸ਼ਮੂਲੀਅਤ ਕਰੇਗੀ। ਸਭਾ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਨੇ ਆਖਿਆ ਕਿ ਸੰਯੁਕਤ ਕਿਸਾਨ ਮੋਰਚੇ ਵੱਲੋ 1 ਸਤੰਬਰ ਤੋਂ ਲੈ ਕੇ 7 ਸਤੰਬਰ ਤੱਕ ਚੰਡੀਗੜ੍ਹ ਵਿੱਚ ਕਿਸਾਨਾਂ ਦੀ ਮੁੱਖ ਮੰਗਾਂ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤਾ ਰੱਦ ਕਰਨ, ਧਰਤੀ ਹੇਠਲੇ ਅਤੇ ਦਰਿਆਵਾਂ ਦੇ ਪਾਣੀਆਂ ਦੂਸ਼ਤ ਹੋਣ ਤੋਂ ਰੋਕਣ ਤੇ ਪਾਣੀਆਂ ਦੀ ਸੰਭਾਲ ਕਰਨ, ਪਾਣੀਆਂ ਤੇ ਪੰਜਾਬ ਦੇ ਹੱਕ ਬਹਾਲ ਕਰਨ, ਖੇਤੀ ਵਿਭਿੰਨਤਾ ਬਣਾਉਣ, ਕਿਸਾਨਾਂ ਦੀਆਂ ਜ਼ਮੀਨਾਂ ਉੱਪਰ ਸੜਕਾਂ ਤੇ ਲੈਂਡ ਪੂਲਿੰਗ ਨੀਤੀ ਰਾਹੀ ਜਬਰੀ ਕਬਜ਼ਿਆਂ ਦੇ ਵਿਰੋਧ ਵਿੱਚ, ਮਜ਼ਦੂਰਾਂ ਕਿਸਾਨਾਂ ਦੇ ਸਮੂਚੇ ਕਰਜ਼ਿਆਂ ਦੀ ਮੁਆਫ਼ੀ ਤੇ ਬਾਕੀ ਕਿਸਾਨਾਂ ਮਜ਼ਦੂਰਾਂ ਦੀਆਂ ਮੰਗਾਂ ਦੀ ਪ੍ਰਾਪਤੀ ਲਈ ਲੱਗ ਰਹੇ ਲਗਾਤਾਰ ਮੋਰਚੇ ਵਿੱਚ ਜਮਹੂਰੀ ਕਿਸਾਨ ਸਭਾ ਪੰਜਾਬ ਭਰਵੀਂ ਸ਼ਮੂਲੀਅਤ ਕਰੇਗੀ। ਉਹਨਾਂ ਦੱਸਿਆ ਕਿ ਇਸ ਸਬੰਧੀ ਡਿਊਟੀਆ ਦੀ ਵੰਡ ਕਰ ਦਿੱਤੀ ਗਈ ਹੈ। ਸਾਰੀਆਂ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ। ਇਸ ਮੌਕੇ ਤੇ ਸਭਾ ਦੇ ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ ਨੇ ਆਖਿਆ ਕਿ ਦੋ ਕਿਸਾਨ ਜਥੇਬੰਦੀਆਂ ਜਮਹੂਰੀ ਕਿਸਾਨ ਸਭਾ ਪੰਜਾਬ ਅਤੇ ਪੰਜਾਬ ਕਿਸਾਨ ਯੂਨੀਅਨ ਵੱਲੋ ਆਪਸੀ ਏਕਤਾ ਦਾ ਫ਼ੈਸਲਾ ਕੀਤਾ ਹੈ।

# ਮਹਾਨ ਕੋਸ਼ ਦੇ ਰਚੇਤਾ ਸ਼੍ਰੋਮਣੀ ਵਿਦਵਾਨ ਭਾਈ ਕਾਨ੍ਹ ਸਿੰਘ ਨਾਭਾ

## ਅੱਜ ਜਨਮ ਦਿਨ 'ਤੇ ਵਿਸ਼ੇਸ਼



-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



**ਸਿੱਖ ਧਾਰਮਿਕ** ਗ੍ਰੰਥਾਂ, ਦੂਜੇ ਧਰਮਾਂ ਦੇ ਧਾਰਮਿਕ ਗ੍ਰੰਥਾਂ, ਅਧਿਆਤਮਿਕ ਵਿਚਾਰਧਾਰਾ ਨੂੰ ਅਸਲ ਰੂਪ ਵਿੱਚ ਜਾਨਣ ਲਈ ਜਿਹੜਾ ਕਾਰਜ ਭਾਈ ਕਾਨ੍ਹ ਸਿੰਘ ਨਾਭਾ ਨੇ ਕੀਤਾ, ਉਸ ਦਾ ਅੱਜ ਤੱਕ ਕੋਈ ਬਦਲ ਨਹੀਂ । ਇਹ ਸਮੁੱਚਾ ਕਾਰਜ ਉਨ੍ਹਾਂ 20ਵੀਂ ਸਦੀ ਦੇ ਪਹਿਲੇ ਅੱਧ ਵਿੱਚ ਸੰਪੂਰਨ ਕੀਤਾ । ਬਹੁਤ ਸਾਰੇ ਧਾਰਮਿਕ ਗ੍ਰੰਥਾਂ ਦੇ ਰਚੇਤਾ ਭਾਈ ਕਾਨ੍ਹ ਸਿੰਘ ਨਾਭਾ ਨੂੰ ਮਹਾਨ ਕੋਸ਼ ਦੀ ਰਚਨਾ ਕਰਕੇ ਜਿਹੜੀ ਪ੍ਰਸਿੱਧੀ ਪ੍ਰਾਪਤ ਹੋਈ, ਇਸ ਵੱਡੇ ਕਾਰਜ ਕਰਕੇ ਭਵਿੱਖ ਵਿੱਚ ਵੀ ਉਨ੍ਹਾਂ ਨੂੰ ਅਜਿਹਾ ਸਤਿਕਾਰ ਤੇ ਮਾਣ ਮਿਲਦਾ ਰਹੇਗਾ ।ਆਪ ਦਾ ਜਨਮ 30 ਅਗਸਤ, 1861 ਈ: ਵਿੱਚ ਪਟਿਆਲਾ ਰਿਆਸਤ ਦੇ ਪਿੰਡ ਸਬਜ਼-ਬਨੇਰਾ ਵਿੱਚ ਭਾਈ ਨਾਰਾਇਣ ਸਿੰਘ ਦੇ ਘਰ ਮਾਤਾ ਹਰਿ ਕੌਰ ਦੀ ਕੁੱਖ ਤੋਂ ਹੋਇਆ ਸੀ । ਆਪ ਜੀ ਦੇ ਪਿਤਾ ਜੀ ਉਸ ਸਮੇਂ ਨਾਭਾ ਸ਼ਹਿਰ ਦੇ ਪ੍ਰਸਿੱਧ ਧਾਰਮਿਕ ਅਸਥਾਨ ਗੁਰਦੁਆਰਾ ਬਾਬਾ ਅਜੈਪਾਲ ਸਿੰਘ ਦੇ ਪ੍ਰਬੰਧਕ ਵਜੋਂ ਡਿਊਟੀ ਨਿਭਾਉਂਦੇ ਸਨ । ਪਿਤਾ ਜੀ ਦੇ ਪ੍ਰਭਾਵ ਕਾਰਨ ਉਨ੍ਹਾਂ ਮੁੱਢਲੀ ਗੁਰਮਤਿ ਵਿੱਦਿਆ ਭਾਈ ਰੂਪ ਸਿੰਘ ਤੋਂ ਅਤੇ ਸੰਸਕ੍ਰਿਤ ਬਾਬਾ ਕਲਿਆਣ ਦਾਸ ਤੋਂ ਪ੍ਰਾਪਤ ਕੀਤੀ ।ਨਾਭਾ ਰਿਆਸਤ ਦੇ ਵਿਦਵਾਨ ਉਨ੍ਹਾਂ ਦੇ ਪਿਤਾ ਜੀ ਦਾ ਬਹੁਤ ਸਤਿਕਾਰ ਕਰਦੇ ਸਨ, ਇਸੇ ਕਰਕੇ 15 ਕੁ ਸਾਲ ਦੀ ਉਮਰ ਵਿੱਚ ਹੀ ਘਰ ਆਉਣ ਜਾਣ ਵਾਲੇ ਵਿਦਵਾਨ ਦੀ ਸੰਗਤ ਕਰਕੇ ਉਹ ਵਿਦਵਾਨਾਂ ਵਿੱਚ ਸਤਿਕਾਰੇ ਜਾਣ ਲੱਗੇ । ਇਸ ਤੋਂ ਅਗਲੇ ਦੋ ਤਿੰਨ ਸਾਲ ਉਨ੍ਹਾਂ ਦਿੱਲੀ, ਲਖਨਊ ਅਤੇ ਲਾਹੌਰ ਰਹਿ ਕੇ ਫ਼ਾਰਸੀ ਅਤੇ ਅੰਗ੍ਰੇਜ਼ੀ ਦੀ ਤਾਲੀਮ ਹਾਸਲ ਕੀਤੀ ।

ਭਾਈ ਕਾਨ੍ਹ ਸਿੰਘ ਨਾਭਾ ਨੇ ਭਰ ਜਵਾਨੀ ਤੱਕ ਪੰਜਾਬੀ, ਹਿੰਦੀ, ਸੰਸਕ੍ਰਿਤ, ਉਰਦੂ, ਫ਼ਾਰਸੀ ਅਤੇ ਅੰਗ੍ਰੇਜ਼ੀ ਛੇ ਭਾਸ਼ਾਵਾਂ ਵਿੱਚ ਮੁਹਾਰਤ ਹਾਸਲ ਕਰ ਲਈ । ਉਨ੍ਹਾਂ ਦੇ ਜਵਾਨੀ ਦੇ ਦਿਨਾਂ ਵਿੱਚ ਸਿੰਘ ਸਭਾ ਲਹਿਰ ਦੀਆਂ ਸਰਗਰਮੀਆਂ ਸ਼ੁਰੂ ਹੋ ਗਈਆਂ । 1883 ਈ: ਵਿੱਚ ਉਨ੍ਹਾਂ ਪ੍ਰੋ: ਗੁਰਮੁੱਖ ਸਿੰਘ ਤੋਂ ਪ੍ਰਭਾਵਿਤ ਹੋ ਕੇ ਆਪਣੀਆਂ ਰਚਨਾਵਾਂ ਵਿੱਚ ਸਿੱਖ ਧਰਮ ਨੂੰ ਨਿਵੇਕਲੇ ਧਰਮ ਵਜੋਂ ਪ੍ਰਚਾਰਨਾ ਆਰੰਭ ਕੀਤਾ । 1884 ਈ: ਵਿੱਚ ਜਦੋਂ ਆਪ ਵਾਪਸ ਨਾਭਾ ਪੁੱਜੇ ਤਾਂ ਮਹਾਰਾਜਾ ਨਾਭਾ ਨੇ ਉਨ੍ਹਾਂ ਦੀ ਯੋਗਤਾ ਅਨੁਸਾਰ ਉਨ੍ਹਾਂ ਨੂੰ ਰਾਜ ਸਰਕਾਰ ਦੇ ਪ੍ਰਬੰਧਕੀ ਢਾਂਚੇ ਵਿੱਚ ਲੈ ਆਂਦਾ । ਉਹ ਨਾਭਾ ਹਾਈ ਕੋਰਟ ਦੇ ਜੱਜ, ਮੈਂਬਰ ਜੁਡੀਸ਼ੀਅਲ ਕੌਂਸਲ ਨਾਭਾ, ਪੁਲਿਟੀਕਲ ਏਜੰਸੀ ਦੇ ਵਕੀਲ ਵਜੋਂ ਪਟਿਆਲਾ ਵਿੱਚ ਤਾਇਨਾਤ ਰਹੇ । ਇਕ ਸਮੇਂ ਭਾਈ ਸਾਹਿਬ ਟਿੱਕਾ ਰਿਪੁਦਮਨ ਸਿੰਘ ਦੇ ਉਸਤਾਦ ਵੀ ਰਹੇ । ਇਸੇ ਦੌਰਾਨ ਆਪ ਕਈ ਵਾਰ ਇੰਗਲੈਂਡ ਵੀ ਗਏ । ਭਾਈ ਕਾਨ੍ਹ ਸਿੰਘ ਨਾਭਾ ਦੇ ਕੋਸ਼ ਨੂੰ ਸੰਪੂਰਨਤਾ ਦੇਣ ਵਾਲੇ ਮਹਾਨ ਵਿਦਵਾਨਾਂ ਵਿੱਚ ਮਹੰਤ ਭਾਈ ਬਿਸ਼ਨ ਸਿੰਘ, ਪੰਡਿਤ ਕ੍ਰਿਸ਼ਨ ਦਾਸ ਉਦਾਸੀ, ਪ੍ਰੋ: ਤੇਜਾ ਸਿੰਘ, ਪ੍ਰਿੰਸੀਪਲ ਧਰਮਾਨੰਤ ਸਿੰਘ, ਮਹਾਰਾਜਾ ਦਲਜੀਤ ਸਿੰਘ ਕਪੂਰਥਲਾ ਸ। ਮੁਕੰਦ ਸਿੰਘ ਇੰਜੀਨੀਅਰ ਸ਼ਿਮਲਾ, ਭਾਈ ਮੋਹਨ ਸਿੰਘ ਵੈਦ ਤਰਨਤਾਰਨ, ਭਾਈ ਧਰਮ ਸਿੰਘ ਵੈਦ, ਸ। ਨੰਦ ਸਿੰਘ ਸ਼ਿਮਲਾ, ਮੌਲਵੀ ਹਕੀਮ ਮਿਰਜ਼ਾ ਮੁਹੰਮਦ ਧਨੌਲਾ, ਸ। ਕਰਮ ਸਿੰਘ ਹਿਸਟੋਰੀਅਨ, ਲਾਲਾ ਧਨੀ ਰਾਮ ਚਾਤ੍ਰਿਕ ਵਰਗੇ ਮਹਾਂਪੁਰਸ਼ਾਂ ਦੀ ਨੇਕ ਨੀਤੀ ਨਾਲ ਕੀਤੀ ਸਖ਼ਤ ਮਿਹਨਤ ਦਾ ਜ਼ਿਕਰ ਕੀਤਾ ਹੈ । ਕੋਸ਼ ਨੂੰ ਸੰਪੂਰਨਤਾ ਦੇਣ ਲਈ ਭਾਈ ਸਾਹਿਬ ਦਾ ਆਪਣਾ ਸਕੱਤਰੇਤ ਸੀ ।ਅਸਲ ਵਿੱਚ ਕੋਸ਼ ਨੂੰ ਮੌਜੂਦਾ ਰੂਪ ਦੇਣ ਲਈ ਸੈਂਕੜੇ ਵਿਦਵਾਨਾਂ, ਮਹਾਂਪੁਰਸ਼ਾਂ ਦੀ ਸਖ਼ਤ ਮਿਹਨਤ ਤੇ ਲਗਨ ਨੂੰ ਕਦੇ ਵੀ ਅੱਖੋਂ ਪਰੋਖੇ ਨਹੀਂ ਕੀਤਾ ਜਾ ਸਕਦਾ । ਇਸ ਦੀ ਛਪਾਈ ਲਈ ਮਹਾਰਾਜਾ ਫ਼ਰੀਦਕੋਟ ਰਾਜਾ ਬ੍ਰਿਜ ਇੰਦਰ ਸਿੰਘ ਨੇ ਜ਼ਿੰਮੇਵਾਰੀ ਲਈ ਸੀ, ਪਰ ਮਹਾਰਾਜਾ ਪਹਿਲਾਂ ਹੀ ਇਸ ਸੰਸਾਰ ਨੂੰ ਅਲਵਿਦਾ ਆਖ ਗਏ । ਮਹਾਰਾਜਾ ਰਿਪੁਦਮਨ ਸਿੰਘ ਨਾਭਾ ਦੇ ਗੱਦੀ ਤੋਂ ਲਹਿ ਜਾਣ ਕਾਰਨ ਨਾਭਾ ਸਰਕਾਰ ਨੇ ਸਹਾਇਤਾ ਦੇਣ ਤੋਂ ਇਨਕਾਰ ਕਰ ਦਿੱਤਾ। ਢੇਰ ਸਾਰੇ ਯਤਨਾਂ ਤੋਂ ਪਿੱਛੋਂ ਮਹਾਨ ਕੋਸ਼ ਨੂੰ ਛਾਪਣ ਲਈ ਮਹਾਰਾਜਾ ਭੁਪਿੰਦਰ ਸਿੰਘ ਪਟਿਆਲਾ ਨੇ ਇਕਵੰਜਾ ਹਜ਼ਾਰ ਦੇਣਾ ਪ੍ਰਵਾਨ ਕੀਤਾ । ਅਕਤੂਬਰ, 1927 ਈ: ਵਿੱਚ ਅੰਮ੍ਰਿਤਸਰ ਦੀ ਇਕ ਪ੍ਰੈੱਸ ਤੋਂ ਮਹਾਨ ਕੋਸ਼ ਛਪਣਾ ਸ਼ੁਰੂ ਹੋਇਆ ।ਅਪ੍ਰੈਲ, 1930 ਵਿੱਚ ਇਹ ਕਾਰਜ ਮੁਕੰਮਲ ਹੋਇਆ । ਇਸ ਤੋਂ ਪਿੱਛੋਂ 3335 ਪੰਨਿਆਂ ਦੇ ਇਸ ਕੋਸ਼ ਨੂੰ ਚਾਰ ਜਿਲਦਾਂ ਵਿੱਚ ਤਿਆਰ ਕੀਤਾ ਗਿਆ । ਇਸ ਦੀ ਕੀਮਤ 110 ਰੁਪਏ ਰੱਖੀ ਗਈ । ਇਸ ਤੋਂ 30 ਸਾਲਾਂ ਪਿੱਛੋਂ 1960 ਵਿੱਚ ਇਕੋ ਜਿਲਦ ਵਿੱਚ ਭਾਸ਼ਾ ਵਿਭਾਗ ਪੰਜਾਬ ਨੇ ਇਸ ਨੂੰ ਮੁੜ ਛਾਪਿਆ ਅਤੇ 3335 ਪੰਨਿਆਂ ਨੂੰ 835 ਪੰਨਿਆਂ ਵਿੱਚ ਸਮੁੱਚੇ ਮੈਟਰ ਨੂੰ ਸਮੋ ਦਿੱਤਾ । ਇਸ ਤੋਂ ਬਿਨਾਂ ਭਾਈ ਸਾਹਿਬ ਵੱਲੋਂ ਕੀਤੇ ਨਵੇਂ ਵਾਧੇ ਦੇ 90 ਪੰਨੇ ਹੋਰ ਜੋੜ ਦਿੱਤੇ । ਇਸ ਤੋਂ ਇਲਾਵਾ 21 ਪੰਨਿਆਂ ਦੀ ਆਰੰਭ ਵਿੱਚ ਸਮੱਗਰੀ ਵੀ ਸ਼ਾਮਿਲ ਕੀਤੀ ਗਈ । ਲਗਪਗ ਛੇ ਦਰਜਨ ਤਸਵੀਰਾਂ ਅਤੇ ਪੁਰਾਤਨ ਨਕਸ਼ੇ ਵੀ ਛਾਪੇ ਗਏ । ਇਸ ਦੀ ਕੀਮਤ ਵੀ ਕੇਵਲ 42 ਰੁਪਏ ਰੱਖੀ ਗਈ । ਇਸ ਤੋਂ ਪਿੱਛੋਂ ਇਸ ਦੇ ਹੁਣ ਤੱਕ ਕਿੰਨੇ ਹੋਰ ਸੰਸਕਰਨ ਛੱਪ ਚੁੱਕੇ ਹਨ । ਨੈਸ਼ਨਲ ਬੁੱਕ ਸ਼ਾਪ ਦਿੱਲੀ ਨੇ ਵੀ ਇਸ ਨੂੰ ਪ੍ਰਕਾਸ਼ਿਤ ਕੀਤਾ ਹੈ । ਇਸ ਮਹਾਨ ਵਿਦਵਾਨ ਦੀ ਇਸ ਖੋਜ-ਭਰਪੂਰ ਰਚਨਾਂ ਮਹਾਨ ਕੋਸ਼ ਨੂੰ ਅੱਜ ਤੱਕ ਅਧਿਕਾਰਤ ਰਚਨਾ ਵਜੋਂ ਪ੍ਰਵਾਨ ਕੀਤਾ ਜਾਂਦਾ ਹੈ । ਕਿਉਂਕਿ ਸਿੱਖ ਧਰਮ, ਸਾਹਿਤ, ਇਤਿਹਾਸ ਵਿੱਚ ਕੌਮ ਦੀਆਂ ਰੀਤੀ ਰਿਵਾਜਾਂ, ਸੱਭਿਆਚਾਰਕ ਦੇਣ ਸਬੰਧੀ ਇਸ ਤੋਂ ਪਹਿਲਾਂ ਕੋਈ ਵੀ ਇਨਸਾਈਕਲੋਪੀਡੀਆ ਨਹੀਂ ਸੀ ਮਿਲਦਾ, ਪਰ ਇਸ ਮਹਾਨ ਰਚਨਾ ਨੂੰ ਅਜੋਕੇ ਸਮੇਂ ਮੁਤਾਬਿਕ ਵਾਪਰੀਆਂ ਇਤਿਹਾਸਕ ਘਟਨਾਵਾਂ ਅਤੇ ਕੌਮੀ ਦੁਖਾਂਤਾਂ ਨੂੰ ਮੁੜ ਸ਼ਾਮਿਲ ਕਰਕੇ ਛਾਪਣ ਅਤੇ ਸਮੇਂ ਦੇ ਹਾਣ ਦਾ ਬਣਾਉਣ ਦੇ ਯਤਨਾਂ ਦੀ ਲੋੜ ਹੈ । ਭਾਈ ਕਾਨ੍ਹ ਸਿੰਘ ਨਾਭਾ ਦੀਆਂ ਹੋਰ ਮਹੱਤਵਪੂਰਨ ਰਚਨਾਵਾਂ ਵਿੱਚ ਗੁਰਮਤਿ ਪ੍ਰਭਾਕਰ, ਗੁਰਮਤਿ ਸੁਧਾਕਰ, ਗੁਰਚੰਦ ਦਿਵਾਕਰ, ਗੁਰਸ਼ਬਦਲੰਕਾਰ, ਚੰਡੀ ਦੀ ਵਾਰ ਸਟੀਕ, ਗੁਰਮਤਿ ਮਾਰਤੰਡ, ਸ੍ਰੀ ਗੁਰੂ ਮਹਿਮਾ ਰਚਨਾਵਲੀ, ਵੀ ਗੁਰਮਤਿ ਦੇ ਵੱਖ-ਵੱਖ ਵਿਸ਼ਿਆਂ ਉੱਪਰ ਰੋਸ਼ਨੀ ਪਾਉਂਦੀਆਂ ਹਨ । ਇਸ ਤੋਂ ਇਲਾਵਾ ਡਾ: ਰਛਪਾਲ ਕੌਰ ਨੇ 1983 ਵਿੱਚ ਭਾਈ ਕਾਨ੍ਹ ਸਿੰਘ ਨਾਭਾ ਦੇ ਅਪ੍ਰਕਾਸ਼ਿਤ ਸਫ਼ਰਨਾਮੇ ਵੀ ਪੁਸਤਕ ਰੂਪ ਵਿੱਚ ਪਾਠਕਾਂ ਦੇ ਸਨਮੁੱਖ ਪੇਸ਼ ਕਰਕੇ ਨਿਮਰ ਯੋਗਦਾਨ ਪਾਇਆ ਹੈ । ਭਾਈ ਕਾਨ੍ਹ ਸਿੰਘ ਨਾਭਾ ਨੂੰ ਚੀਫ਼ ਖ਼ਾਲਸਾ ਦੀਵਾਨ ਵੱਲੋਂ 21ਵੀਂ ਸਿੱਖ ਐਜੂਕੇਸ਼ਨਲ ਕਾਨਫਰੰਸ ਦੀ ਪ੍ਰਧਾਨਗੀ ਵੀ ਸੌਂਪੀ ਗਈ ਸੀ । 1932 ਈ: ਵਿੱਚ ਹਿੰਦੁਸਤਾਨ ਦੀ ਬਰਤਾਨਵੀ ਸਰਕਾਰ ਵੱਲੋਂ ਭਾਈ ਕਾਨ੍ਹ ਸਿੰਘ ਨਾਭਾ ਨੂੰ ਸਰਦਾਰ ਬਹਾਦਰ ਦੇ ਖਿਤਾਬ ਨਾਲ ਸਨਮਾਨਿਤ ਕੀਤਾ । ਸਿੱਖ ਕੌਮ ਦਾ ਇਹ ਨਾਮਵਰ ਸ਼੍ਰੋਮਣੀ ਵਿਦਵਾਨ 23 ਨਵੰਬਰ, 1938 ਈ: ਨੂੰ ਨਾਭਾ ਵਿਖੇ ਸਾਨੂੰ ਸਦੀਵੀ ਵਿਛੋੜਾ ਦੇ ਗਿਆ । ਭਾਈ ਸਾਹਿਬ ਸਿੱਖ ਸਾਹਿਤ, ਸਿੱਖ ਇਤਿਹਾਸ ਅਤੇ ਸੱਭਿਆਚਾਰ ਨੂੰ ਦਿੱਤੇ ਨਿਗੱਰ ਯੋਗਦਾਨ ਸਦਕਾ ਹਮੇਸ਼ਾਂ ਅਮਰ ਰਹਿਣਗੇ। ••

## ਪੰਜਾਬ ਯੂਨੀਵਰਸਿਟੀ ਵਿਦਿਆਰਥੀ ਕੌਂਸਲ ਚੋਣਾਂ

# 'ਅਕਾਲੀ ਦਲ ਵਾਰਿਸ ਪੰਜਾਬ ਦੇ' ਵੱਲੋਂ ਦਰਸ਼ਪ੍ਰੀਤ ਸਿੰਘ ਤੇ ਮਨਮੀਤ ਕੌਰ ਨੂੰ ਪੂਰਨ ਸਮਰਥਨ




**ਚੰਡੀਗੜ੍ਹ, 30 ਅਗਸਤ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿੱਚ ਹੋਣ ਜਾ ਰਹੀਆਂ ਆਗਾਮੀ ਵਿਦਿਆਰਥੀ ਕੌਂਸਲ ਚੋਣਾਂ ਨੂੰ ਲੈ ਕੇ ਵਿਦਿਆਰਥੀ ਸਿਆਸਤ ਵਿੱਚ ਸਰਗਰਮੀਆਂ ਤੇਜ਼ ਹੋ ਗਈਆਂ ਹਨ। ਇਸੇ ਦਰਮਿਆਨ 'ਅਕਾਲੀ ਦਲ ਵਾਰਿਸ ਪੰਜਾਬ ਦੇ' ਵੱਲੋਂ ਪ੍ਰਧਾਨ ਅਤੇ ਮੀਤ ਪ੍ਰਧਾਨ ਦੇ ਅਹੁਦਿਆਂ ਲਈ ਉਮੀਦਵਾਰਾਂ ਨੂੰ ਆਪਣਾ ਪੂਰਨ ਅਤੇ ਡੱਟਵਾਂ ਸਮਰਥਨ ਦੇਣ ਦਾ ਐਲਾਨ ਕੀਤਾ ਗਿਆ ਹੈ। ਜਥੇਬੰਦੀ ਵੱਲੋਂ ਜਾਰੀ ਕੀਤੇ ਸਮਰਥਨ ਅਨੁਸਾਰ ਪ੍ਰਧਾਨਗੀ ਦੇ ਅਹੁਦੇ ਲਈ 'ਸੱਥ' ਜਥੇਬੰਦੀ ਦੇ ਉਮੀਦਵਾਰ ਸ. ਦਰਸ਼ਪ੍ਰੀਤ ਸਿੰਘ ਅਤੇ ਮੀਤ ਪ੍ਰਧਾਨ ਦੇ ਅਹੁਦੇ ਲਈ 'ਸਾਥੀ' ਜਥੇਬੰਦੀ ਦੀ ਉਮੀਦਵਾਰ ਮਨਮੀਤ ਕੌਰ ਨੂੰ ਸਮਰਥਨ ਦਿੱਤਾ ਗਿਆ ਹੈ।


'ਅਕਾਲੀ ਦਲ ਵਾਰਿਸ ਪੰਜਾਬ ਦੇ' ਵੱਲੋਂ ਪੰਜਾਬ ਯੂਨੀਵਰਸਿਟੀ ਦੇ ਸਮੂਹ ਵਿਦਿਆਰਥੀਆਂ ਅਤੇ ਨੌਜਵਾਨ ਸਾਥੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਆਉਣ ਵਾਲੀਆਂ ਚੋਣਾਂ ਵਿੱਚ ਆਪਣੀ ਕੀਮਤੀ ਵੋਟ ਦੀ ਵਰਤੋਂ ਕਰਦਿਆਂ ਦਰਸ਼ਪ੍ਰੀਤ ਸਿੰਘ ਅਤੇ ਮਨਮੀਤ ਕੌਰ ਦੇ ਹੱਕ ਵਿੱਚ ਫ਼ਤਵਾ ਦੇਣ। ਜਥੇਬੰਦੀ ਨੇ ਕਿਹਾ ਕਿ ਇਹ ਦੋਵੇਂ ਉਮੀਦਵਾਰ ਹੱਕ, ਸੱਚ ਅਤੇ ਵਿਦਿਆਰਥੀ ਹਿੱਤਾਂ ਦੀ ਰਾਖੀ ਲਈ ਸੁਹਿਰਦਤਾ ਨਾਲ ਆਵਾਜ਼ ਉਠਾਉਣ ਵਾਲੇ ਚਿਹਰੇ ਹਨ। ਇਸ ਲਈ ਵਿਦਿਆਰਥੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਇਨ੍ਹਾਂ ਉਮੀਦਵਾਰਾਂ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਲਈ ਇਕਜੁੱਟ ਹੋ ਕੇ ਆਪਣਾ ਸਮਰਥਨ ਦੇਣ।

ਜਥੇਬੰਦੀ ਵੱਲੋਂ ਆਪਣੇ ਬਿਆਨ ਵਿੱਚ ਕਿਹਾ ਗਿਆ ਕਿ ਨੌਜਵਾਨ ਪੰਜਾਬ ਦਾ ਭਵਿੱਖ ਹਨ ਅਤੇ ਯੂਨੀਵਰਸਿਟੀਆਂ ਵਿੱਚ ਵਿਦਿਆਰਥੀਆਂ ਦੀਆਂ ਸਮੱਸਿਆਵਾਂ, ਹੱਕਾਂ ਅਤੇ ਹਿੱਤਾਂ ਨਾਲ ਜੁੜੇ ਮੁੱਦਿਆਂ ਨੂੰ ਮਜ਼ਬੂਤੀ ਨਾਲ ਉਠਾਉਣਾ ਸਮੇਂ ਦੀ ਲੋੜ ਹੈ। 'ਅਕਾਲੀ ਦਲ ਵਾਰਿਸ ਪੰਜਾਬ ਦੇ' ਦੀ ਲੀਡਰਸ਼ਿਪ ਨੇ ਕਿਹਾ ਕਿ ਨੌਜਵਾਨਾਂ ਦੀ ਆਵਾਜ਼ ਨੂੰ ਬੁਲੰਦ ਕਰਨ ਲਈ ਉਹ ਮੋਢੇ ਨਾਲ ਮੋਢਾ ਜੋੜ ਕੇ ਚੱਟਾਨ ਵਾਂਗ ਖੜ੍ਹੇ ਹਨ ਅਤੇ ਭਵਿੱਖ ਵਿੱਚ ਵੀ ਖੜ੍ਹੇ ਰਹਿਣਗੇ। ਜਥੇਬੰਦੀ ਨੇ ਵਿਦਿਆਰਥੀਆਂ ਨਾਲ ਜੁੜੇ ਮੁੱਦਿਆਂ ਨੂੰ ਤਰਜੀਹ ਦੇਣ ਅਤੇ ਉਨ੍ਹਾਂ ਦੀ ਆਵਾਜ਼ ਨੂੰ ਮਜ਼ਬੂਤ ਕਰਨ ਲਈ ਆਪਣੀ ਵਚਨਬੱਧਤਾ ਵੀ ਦੁਹਰਾਈ। ਪੰਜਾਬ ਯੂਨੀਵਰਸਿਟੀ ਵਿਦਿਆਰਥੀ ਕੌਂਸਲ ਚੋਣਾਂ ਦੇ ਮੱਦੇਨਜ਼ਰ ਵੱਖ-ਵੱਖ ਵਿਦਿਆਰਥੀ ਜਥੇਬੰਦੀਆਂ ਅਤੇ ਗਰੁੱਪਾਂ ਵੱਲੋਂ ਆਪਣੇ ਉਮੀਦਵਾਰਾਂ ਦੇ ਹੱਕ ਵਿੱਚ ਮੁਹਿੰਮ ਤੇਜ਼ ਕੀਤੀ ਜਾ ਰਹੀ ਹੈ। 'ਅਕਾਲੀ ਦਲ ਵਾਰਿਸ ਪੰਜਾਬ ਦੇ' ਵੱਲੋਂ ਦਰਸ਼ਪ੍ਰੀਤ ਸਿੰਘ ਅਤੇ ਮਨਮੀਤ ਕੌਰ ਨੂੰ ਦਿੱਤੇ ਗਏ ਸਮਰਥਨ ਨੂੰ ਵੀ ਚੋਣ ਮੈਦਾਨ ਵਿੱਚ ਇੱਕ ਅਹਿਮ ਸਿਆਸੀ ਪੱਖ ਵਜੋਂ ਦੇਖਿਆ ਜਾ ਰਿਹਾ ਹੈ। ਹੁਣ ਦੇਖਣਾ ਹੋਵੇਗਾ ਕਿ ਆਉਣ ਵਾਲੀਆਂ ਵਿਦਿਆਰਥੀ ਕੌਂਸਲ ਚੋਣਾਂ ਵਿੱਚ ਵਿਦਿਆਰਥੀ ਕਿਸ ਉਮੀਦਵਾਰ ਅਤੇ ਜਥੇਬੰਦੀ ਦੇ ਹੱਕ ਵਿੱਚ ਆਪਣਾ ਫ਼ਤਵਾ ਦਿੰਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੜਕ ਹਾਦਸਿਆਂ ਵਿੱਚ ਕੀਮਤੀ ਜਾਨਾਂ ਬਚਾਉਣ ਲਈ 'ਹੂਕ' ਐਪ ਲਾਂਚ ਕਰਨ ਦੀ ਤਿਆਰੀ, ਸਮਾਜ ਸੇਵੀ ਸਵਰਨ ਸਿੰਘ ਭੰਗੂ ਦੀ ਯਾਦ ਨੂੰ ਸਮਰਪਿਤ ਹੋਵੇਗੀ ਐਪ

## ਸੜਕ ਹਾਦਸੇ ਦੇ ਪੀੜਤਾਂ ਤੱਕ ਤੁਰੰਤ ਮਦਦ ਪਹੁੰਚਾਉਣ, ਐਮਰਜੈਂਸੀ ਨੰਬਰ ਅਤੇ ਬਲੱਡ ਡੋਨਰਾਂ ਦੀ ਜਾਣਕਾਰੀ ਮੁਹੱਈਆ ਕਰਵਾਏਗੀ 'ਹੂਕ' ਐਪ : ਡਾ. ਯਾਦਵਿੰਦਰ ਸਿੰਘ ਮੌੜ





ਤਲਵੰਡੀ ਸਾਬੋ, 29 ਅਗਸਤ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਮੇਤ ਦੇਸ਼ ਭਰ ਵਿੱਚ ਵਾਪਰ ਰਹੇ ਸੜਕ ਹਾਦਸਿਆਂ ਵਿੱਚ ਹਰ ਸਾਲ ਵੱਡੀ ਗਿਣਤੀ ਵਿੱਚ ਕੀਮਤੀ ਜਾਨਾਂ ਚਲੀਆਂ ਜਾਂਦੀਆਂ ਹਨ। ਇਨ੍ਹਾਂ ਹਾਦਸਿਆਂ ਦੌਰਾਨ ਜ਼ਖ਼ਮੀਆਂ ਤੱਕ ਸਮੇਂ ਸਿਰ ਮਦਦ ਪਹੁੰਚਾਉਣ ਦੇ ਮਕਸਦ ਨਾਲ ਡਾ. ਯਾਦਵਿੰਦਰ ਸਿੰਘ ਮੌੜ ਵੱਲੋਂ ਤਿਆਰ ਕੀਤੀ ਜਾ ਰਹੀ 'ਹੂਕ' ਐਪ ਜਲਦ ਹੀ ਪਲੇ ਸਟੋਰ 'ਤੇ ਲਾਂਚ ਕੀਤੀ ਜਾ ਰਹੀ ਹੈ। ਡਾ. ਯਾਦਵਿੰਦਰ ਸਿੰਘ ਮੌੜ ਨੇ ਦੱਸਿਆ ਕਿ ਇਹ ਐਪ ਪਿਛਲੇ ਦਿਨੀਂ ਬੇਵਕਤੀ ਵਿਛੋੜਾ ਦੇ ਗਏ ਸਮਾਜ ਸੇਵੀ ਸਵਰਨ ਸਿੰਘ ਭੰਗੂ ਦੀ ਯਾਦ ਨੂੰ ਸਮਰਪਿਤ ਕਰਕੇ ਲਾਂਚ ਕੀਤੀ ਜਾ ਰਹੀ ਹੈ। ਡਾ. ਯਾਦਵਿੰਦਰ ਸਿੰਘ ਮੌੜ ਨੇ ਦੱਸਿਆ ਕਿ ਉਹ ਪਿਛਲੇ ਤਿੰਨ-ਚਾਰ ਸਾਲਾਂ ਤੋਂ ਸੜਕ ਹਾਦਸਿਆਂ ਨੂੰ ਲੈ ਕੇ ਚਿੰਤਤ ਰਹੇ ਹਨ ਅਤੇ ਪੰਜਾਬ ਤੇ ਭਾਰਤ ਵਿੱਚ ਵਾਪਰਦੇ ਸੜਕ ਹਾਦਸਿਆਂ ਦੇ ਅੰਕੜੇ ਇਕੱਠੇ ਕਰਦੇ ਰਹੇ ਹਨ। ਪਿਛਲੇ ਸਾਲ ਆਸਟਰੇਲੀਆ ਜਾਣ ਦਾ ਮੌਕਾ ਮਿਲਣ 'ਤੇ ਉਨ੍ਹਾਂ ਨੇ ਉਥੋਂ ਦੇ ਟਰੈਫਿਕ ਨਿਯਮਾਂ ਅਤੇ ਸੜਕਾਂ ਦੇ ਪ੍ਰਬੰਧ ਨੂੰ ਨੇੜਿਓਂ ਵੇਖਿਆ, ਜਿਸ ਤੋਂ ਉਨ੍ਹਾਂ ਨੂੰ ਭਾਰਤ ਵਿੱਚ ਸੜਕ ਹਾਦਸਿਆਂ ਦੀ ਸਮੱਸਿਆ 'ਤੇ ਹੋਰ ਗੰਭੀਰਤਾ ਨਾਲ ਕੰਮ ਕਰਨ ਦੀ ਪ੍ਰੇਰਨਾ ਮਿਲੀ। ਉਨ੍ਹਾਂ ਕਿਹਾ ਕਿ ਭਾਰਤ ਵਿੱਚ ਸੜਕ ਹਾਦਸਿਆਂ ਦੇ ਅੰਕੜੇ ਬੇਹੱਦ ਗੰਭੀਰ ਅਤੇ ਚਿੰਤਾਜਨਕ ਹਨ। ਇਨ੍ਹਾਂ ਅੰਕੜਿਆਂ ਨੂੰ ਦੇਖਦਿਆਂ ਉਨ੍ਹਾਂ ਦੇ ਮਨ ਵਿੱਚ ਇਹ ਵਿਚਾਰ ਆਇਆ ਕਿ ਹਾਦਸੇ ਤੋਂ ਬਾਅਦ ਜ਼ਖ਼ਮੀ ਵਿਅਕਤੀ ਨੂੰ ਜਿੰਨੀ ਜਲਦੀ ਹੋ ਸਕੇ ਮੈਡੀਕਲ ਅਤੇ ਹੋਰ ਜ਼ਰੂਰੀ ਮਦਦ ਮੁਹੱਈਆ ਕਰਵਾਈ ਜਾਵੇ ਤਾਂ ਕਈ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ। ਇਸੇ ਸੋਚ ਤਹਿਤ 'ਹੂਕ' ਐਪ ਤਿਆਰ ਕਰਨ ਦਾ ਉਪਰਾਲਾ ਕੀਤਾ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

**ਐਪ ਵਿੱਚ ਮਿਲਣਗੀਆਂ ਤਿੰਨ ਮੁੱਖ ਸਹੂਲਤਾਂ**-ਪਹਿਲੀ ਸਹੂਲਤ ਤਹਿਤ ਜੇਕਰ ਕੋਈ ਵਿਅਕਤੀ ਖੁਦ ਕਿਸੇ ਸੰਕਟ ਵਿੱਚ ਫਸ ਜਾਂਦਾ ਹੈ ਤਾਂ ਐਪ 'ਤੇ ਦਿੱਤੇ ਬਟਨ ਨੂੰ ਪੰਜ ਸੈਕਿੰਡ ਤੱਕ ਦਬਾਉਣ ਨਾਲ ਉਸ ਵੱਲੋਂ ਪਹਿਲਾਂ ਚੁਣੇ ਗਏ ਪੰਜ ਨੇੜਲੇ ਸਾਥੀਆਂ ਨੂੰ ਉਸ ਦੀ ਲੋਕੇਸ਼ਨ ਸਮੇਤ ਖਤਰੇ ਦੀ ਜਾਣਕਾਰੀ ਭੇਜੀ ਜਾ ਸਕੇਗੀ।

ਦੂਜੀ ਸਹੂਲਤ ਤਹਿਤ ਕਿਸੇ ਸਥਾਨ 'ਤੇ ਸੜਕ ਹਾਦਸਾ ਵਾਪਰਨ ਦੀ ਸੂਰਤ ਵਿੱਚ ਐਪ ਲੋਕੇਸ਼ਨ ਦੇ ਆਧਾਰ 'ਤੇ ਸਬੰਧਤ ਇਲਾਕੇ ਦੇ ਜ਼ਿੰਮੇਵਾਰ ਅਧਿਕਾਰੀਆਂ ਅਤੇ ਸੇਵਾਵਾਂ ਦੇ ਸੰਪਰਕ ਨੰਬਰ ਮੁਹੱਈਆ ਕਰਵਾਏਗੀ। ਇਨ੍ਹਾਂ ਵਿੱਚ ਸਬੰਧਤ ਥਾਣੇ ਦੇ ਐੱਸ.ਐੱਚ.ਓ., ਮੁੱਖ ਮੁਨਸ਼ੀ, ਸੜਕ ਸੁਰੱਖਿਆ ਫੋਰਸ ਅਤੇ ਕੁਝ ਨਿੱਜੀ ਐਂਬੂਲੈਂਸ ਸੇਵਾਵਾਂ ਦੇ ਨੰਬਰ ਸ਼ਾਮਲ ਹੋਣਗੇ। ਇਸ ਨਾਲ ਹਾਦਸਾ ਦੇਖਣ ਵਾਲਾ ਵਿਅਕਤੀ ਤੁਰੰਤ ਸਬੰਧਤ ਅਧਿਕਾਰੀਆਂ ਨੂੰ ਸੂਚਿਤ ਕਰਕੇ ਜ਼ਖ਼ਮੀਆਂ ਤੱਕ ਮਦਦ ਪਹੁੰਚਾਉਣ ਵਿੱਚ ਸਹਾਇਤਾ ਕਰ ਸਕੇਗਾ। ਤੀਜੀ ਸਹੂਲਤ ਤਹਿਤ ਐਪ ਵਿੱਚ ਬਲੱਡ ਡੋਨਰਾਂ ਦੀ ਜਾਣਕਾਰੀ ਉਪਲਬਧ ਹੋਵੇਗੀ। ਕੋਈ ਵੀ ਵਿਅਕਤੀ ਐਪ 'ਤੇ ਆਪਣਾ ਨਾਮ, ਪਿੰਡ, ਬਲੱਡ ਗਰੁੱਪ, ਫੋਨ ਨੰਬਰ ਅਤੇ ਸਬੰਧਤ ਥਾਣੇ ਦਾ ਨਾਮ ਦਰਜ ਕਰਕੇ ਆਪਣੀ ਜਾਣਕਾਰੀ ਰਜਿਸਟਰ ਕਰ ਸਕੇਗਾ। ਲੋੜ ਪੈਣ 'ਤੇ ਖ਼ੂਨ ਦੀ ਜ਼ਰੂਰਤ ਵਾਲਾ ਵਿਅਕਤੀ ਐਪ ਰਾਹੀਂ ਸਬੰਧਤ ਬਲੱਡ ਡੋਨਰ ਨਾਲ ਸਿੱਧਾ ਸੰਪਰਕ ਕਰ ਸਕੇਗਾ। ਡਾ. ਯਾਦਵਿੰਦਰ ਸਿੰਘ ਮੌੜ ਨੇ ਕਿਹਾ ਕਿ ਸਮਾਜ ਸੇਵੀ ਸਵਰਨ ਸਿੰਘ ਭੰਗੂ ਦੀ ਬੇਵਕਤੀ ਮੌਤ ਨੇ ਉਨ੍ਹਾਂ ਨੂੰ ਅੰਦਰੋਂ ਝੰਜੋੜ ਕੇ ਰੱਖ ਦਿੱਤਾ ਅਤੇ ਇਸ ਐਪ ਨੂੰ ਉਨ੍ਹਾਂ ਦੀ ਯਾਦ ਨੂੰ ਸਮਰਪਿਤ ਕਰਨ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ 'ਹੂਕ' ਐਪ ਦਾ ਮੁੱਖ ਉਦੇਸ਼ ਕਿਸੇ ਇੱਕ ਵਿਅਕਤੀ ਤੱਕ ਸੀਮਤ ਨਾ ਰਹਿ ਕੇ ਸਮਾਜ ਦੀ ਸੇਵਾ ਕਰਨਾ ਅਤੇ ਸੰਕਟ ਦੀ ਘੜੀ ਵਿੱਚ ਲੋਕਾਂ ਨੂੰ ਤੁਰੰਤ ਮਦਦ ਨਾਲ ਜੋੜਨਾ ਹੈ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਇਹ ਐਪ ਸੜਕ ਹਾਦਸਿਆਂ ਦੇ ਪੀੜਤਾਂ ਤੱਕ ਸਮੇਂ ਸਿਰ ਮਦਦ ਪਹੁੰਚਾਉਣ, ਐਮਰਜੈਂਸੀ ਸੇਵਾਵਾਂ ਨਾਲ ਸੰਪਰਕ ਕਰਨ ਅਤੇ ਲੋੜਵੰਦਾਂ ਨੂੰ ਖ਼ੂਨ ਮੁਹੱਈਆ ਕਰਵਾਉਣ ਵਿੱਚ ਇੱਕ ਅਹਿਮ ਸਾਧਨ ਸਾਬਤ ਹੋਵੇਗੀ।

## ਕਾਕਾ ਜਸਮੇਹਰ ਸਿੰਘ ਨੂੰ

# ਜਨਮ ਦਿਨ ਦੀਆਂ ਮੁਬਾਰਕਾਂ



ਨਵੀਂ ਦਿੱਲੀ 29 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਪੰਥਕ ਸੋਚ, ਸਿਦਕ ਅਤੇ ਸੰਘਰਸ਼ੀ ਵਿਰਸੇ ਨਾਲ ਜੁੜੇ ਪਰਿਵਾਰ ਦੇ ਹੋਣਹਾਰ ਸਪੁੱਤਰ ਕਾਕਾ ਜਸਮੇਹਰ ਸਿੰਘ ਨੂੰ ਜਨਮ ਦਿਨ ਦੀਆਂ ਲੱਖ-ਲੱਖ ਵਧਾਈਆਂ। ਕਾਕਾ ਜਸਮੇਹਰ ਸਿੰਘ, ਭਾਈ ਰਮਨਦੀਪ ਸਿੰਘ ਸੰਨੀ ਦੇ ਸਪੁੱਤਰ ਹਨ। ਭਾਈ ਸੰਨੀ ਨੇ ਪੰਥਕ ਮਾਮਲਿਆਂ ਪ੍ਰਤੀ ਆਪਣੀ ਵਚਨਬੱਧਤਾ ਨਿਭਾਉਂਦਿਆਂ ਆਪਣੀ ਜ਼ਿੰਦਗੀ ਦਾ ਇਕ ਸਮਾਂ ਜੇਲ੍ਹ ਅੰਦਰ ਬਤੀਤ ਕੀਤਾ ਅਤੇ ਉਨ੍ਹਾਂ ਨਾਲ ਸਬੰਧਤ ਕੁਝ ਕੇਸ ਅਜੇ ਵੀ ਅਦਾਲਤਾਂ ਵਿੱਚ ਚੱਲ ਰਹੇ ਹਨ। ਅਜਿਹੇ ਪਰਿਵਾਰ ਦੀਆਂ ਕੁਰਬਾਨੀਆਂ, ਔਖੇ ਸਮੇਂ ਅਤੇ ਸਿਦਕ ਦੀਆਂ ਯਾਦਾਂ ਬੱਚਿਆਂ ਲਈ ਆਪਣੇ ਵਿਰਸੇ ਨਾਲ ਜੁੜਨ ਦੀ ਪ੍ਰੇਰਨਾ ਬਣਦੀਆਂ ਹਨ। ਕਾਕਾ ਜਸਮੇਹਰ ਸਿੰਘ ਦੇ ਜਨਮ ਦਿਨ ਦੇ ਇਸ ਖ਼ੁਸ਼ੀ ਭਰੇ ਮੌਕੇ 'ਤੇ ਵਾਹਿਗੁਰੂ ਦੇ ਚਰਨਾਂ ਵਿੱਚ ਅਰਦਾਸ ਹੈ ਕਿ ਉਹ ਬੱਚੇ ਨੂੰ ਤੰਦਰੁਸਤੀ, ਲੰਮੀ ਉਮਰ, ਚੜ੍ਹਦੀ ਕਲਾ, ਸੂਝ-ਬੂਝ ਅਤੇ ਹਰ ਖੇਤਰ ਵਿੱਚ ਕਾਮਯਾਬੀ ਬਖ਼ਸ਼ਣ। ਉਹ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰਨ, ਗੁਰਮਤਿ ਦੇ ਸਿਧਾਂਤਾਂ ਨਾਲ ਜੁੜੇ ਰਹਿਣ ਅਤੇ ਆਪਣੇ ਪਰਿਵਾਰ ਦੀਆਂ ਚੰਗੀਆਂ ਰਵਾਇਤਾਂ ਨੂੰ ਅੱਗੇ ਤੋਰਨ। ਇਸ ਸ਼ੁਭ ਦਿਹਾੜੇ 'ਤੇ ਪਰਿਵਾਰ, ਸਨੇਹੀਆਂ ਅਤੇ ਸਮੂਹ ਸੰਗਤ ਵੱਲੋਂ ਕਾਕਾ ਜਸਮੌਨ ਸਿੰਘ ਨੂੰ ਦਿਲੋਂ ਜਨਮ ਦਿਨ ਦੀਆਂ ਮੁਬਾਰਕਾਂ ਅਤੇ ਉੱਜਵਲ ਭਵਿੱਖ ਲਈ ਢੇਰਾਂ ਸ਼ੁਭਕਾਮਨਾਵਾਂ।

ਆਵਾਜ਼ਿ ਕੌਮ AWAZE QAUM International Newspaper & WEB TV

### ਬਾਬਾ ਬਕਾਲਾ ਤੋਂ ਭਾਜਪਾ ਦਾ ਨਵਾਂ ਸਿਆਸੀ ਸੰਕੇਤ

# ਵੱਡੇ ਇਕੱਠ ਤੋਂ ਬਾਅਦ ਹੁਣ ਜ਼ਮੀਨ 'ਤੇ ਤਾਕਤ ਦਿਖਾਉਣ ਦੀ ਕਸੌਟੀ





**ਰੱਖੜ ਪੁੰਨਿਆ** ਦੇ ਮੌਕੇ ਬਾਬਾ ਬਕਾਲਾ ਸਾਹਿਬ ਦੀ ਧਰਤੀ 'ਤੇ ਭਾਜਪਾ ਵੱਲੋਂ ਕੀਤੀ ਗਈ ਪਲੇਠੀ ਸੁਤੰਤਰ ਸਿਆਸੀ ਕਾਨਫ਼ਰੰਸ ਪੰਜਾਬ ਦੀ ਸਿਆਸਤ ਵਿੱਚ ਸਿਰਫ਼ ਇੱਕ ਹੋਰ ਰੈਲੀ ਨਹੀਂ ਰਹੀ। ਇਸ ਨੇ ਸੂਬੇ ਦੀ ਬਦਲ ਰਹੀ ਸਿਆਸੀ ਤਸਵੀਰ ਵਿੱਚ ਇੱਕ ਨਵਾਂ ਰੰਗ ਭਰਨ ਦੇ ਨਾਲ ਇਹ ਸੰਕੇਤ ਦਿੱਤਾ ਹੈ ਕਿ ਭਾਜਪਾ ਹੁਣ ਪੰਜਾਬ ਵਿੱਚ ਆਪਣੀ ਪੁਰਾਣੀ ਗੱਠਜੋੜ-ਕੇਂਦਰਿਤ ਭੂਮਿਕਾ ਤੋਂ ਅੱਗੇ ਵਧ ਕੇ ਆਪਣੀ ਸੁਤੰਤਰ ਸਿਆਸੀ ਪਛਾਣ, ਆਪਣਾ ਜਨ ਆਧਾਰ ਅਤੇ ਆਪਣੀ ਸੰਗਠਨਾਤਮਿਕ ਤਾਕਤ ਖੜ੍ਹੀ ਕਰਨ ਦੇ ਪੜਾਅ ਵਿੱਚ ਕਾਫ਼ੀ ਅੱਗੇ ਵੱਧ ਚੁੱਕੀ ਹੈ।



ਅਕਾਲੀ ਦਲ ਨਾਲ ਲੰਮੇ ਸਮੇਂ ਤੱਕ ਰਹੇ ਗੱਠਜੋੜ ਦੇ ਦੌਰ ਵਿੱਚ ਪੰਜਾਬ ਵਿੱਚ ਭਾਜਪਾ ਦੀ ਸਿਆਸੀ ਸਰਗਰਮੀ ਮੁੱਖ ਤੌਰ 'ਤੇ ਨਿਰਧਾਰਤ 23 ਵਿਧਾਨ ਸਭਾ ਚੋਣ ਖੇਤਰਾਂ ਅਤੇ ਸਾਂਝੇ ਸਿਆਸੀ ਮੰਚ ਤੱਕ ਸੀਮਤ ਰਹੀ ਸੀ। ਉਸ ਸਮੇਂ ਪੰਜਾਬ ਦੀ ਸਿਆਸਤ ਵਿੱਚ ਭਾਜਪਾ ਦੀ ਆਪਣੀ ਸਟੇਜ ਨਾਲੋਂ ਗੱਠਜੋੜ ਦੀ ਸਾਂਝੀ ਸਿਆਸੀ ਪਛਾਣ ਵਧੇਰੇ ਦਿਖਾਈ ਦਿੰਦੀ ਸੀ। ਬਾਬਾ ਬਕਾਲਾ ਵਿੱਚ ਵੱਖਰੀ ਸਟੇਜ ਲਗਾਉਣਾ ਇਸ ਪੁਰਾਣੇ ਸਿਆਸੀ ਦੌਰ ਤੋਂ ਅੱਗੇ ਵਧਣ ਦਾ ਸਪਸ਼ਟ ਸੰਕੇਤ ਹੈ।

ਇਸ ਕਦਮ ਦੀ ਮਹੱਤਤਾ ਸਿਰਫ਼ ਇਸ ਲਈ ਨਹੀਂ ਕਿ ਇਹ ਪਹਿਲੀ ਸੁਤੰਤਰ ਕਾਨਫ਼ਰੰਸ ਸੀ, ਸਗੋਂ ਇਸ ਲਈ ਵੀ ਹੈ ਕਿ ਇਸ ਲਈ ਪੰਜਾਬ ਦੀ ਅਜਿਹੀ ਧਰਤੀ ਚੁਣੀ ਗਈ ਜੋ ਸਿੱਖ ਇਤਿਹਾਸ, ਪੰਥਕ ਪਰੰਪਰਾ ਅਤੇ ਪੰਜਾਬੀ ਸਮਾਜਕ ਚੇਤਨਾ ਵਿੱਚ ਵਿਸ਼ੇਸ਼ ਸਥਾਨ ਰੱਖਦੀ ਹੈ। ਰੱਖੜ ਪੁੰਨਿਆ ਦੇ ਮੌਕੇ ਬਾਬਾ ਬਕਾਲਾ ਵਿੱਚ ਸਿਆਸੀ ਮੌਜੂਦਗੀ ਦਰਜ ਕਰਾਉਣਾ ਆਪਣੇ ਆਪ ਵਿੱਚ ਇਹ ਸੰਦੇਸ਼ ਦੇਣ ਦੀ ਕੋਸ਼ਿਸ਼ ਹੈ ਕਿ ਭਾਜਪਾ ਪੰਜਾਬ ਨੂੰ ਸਿਰਫ਼ ਇੱਕ ਚੋਣ ਇਕਾਈ ਵਜੋਂ ਨਹੀਂ, ਸਗੋਂ ਆਪਣੀ ਡੂੰਘੀ ਇਤਿਹਾਸਕ, ਧਾਰਮਿਕ, ਸੱਭਿਆਚਾਰਕ ਅਤੇ ਸਮਾਜਿਕ ਪਛਾਣ ਵਾਲੇ ਸੂਬੇ ਵਜੋਂ ਸਮਝਣ ਅਤੇ ਉਸ ਨਾਲ ਸੰਵਾਦ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਕਾਨਫ਼ਰੰਸ ਦੀ ਸਭ ਤੋਂ ਉਲੇਖਣਯੋਗ ਪ੍ਰਾਪਤੀ ਸਿਰਫ਼ ਇਕੱਠ ਦਾ ਆਕਾਰ ਨਹੀਂ, ਸਗੋਂ ਇਸ ਨਾਲ ਪਾਰਟੀ ਦੇ ਅੰਦਰ ਪੈਦਾ ਹੋਇਆ ਆਤਮਵਿਸ਼ਵਾਸ ਅਤੇ ਸਿਆਸੀ ਉਤਸ਼ਾਹ ਹੈ। ਸਮਾਗਮ ਦਾ ਮਾਹੌਲ ਸ਼ਾਂਤਮਈ, ਅਨੁਸ਼ਾਸਿਤ ਅਤੇ ਸੁਚੱਜਾ ਰਿਹਾ। ਲੰਮੇ ਸਮੇਂ ਤੋਂ ਸਿਆਸੀ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਵਰਕਰਾਂ ਲਈ ਇਹ ਇਕੱਠ ਮਨੋਵਿਗਿਆਨਕ ਤੌਰ 'ਤੇ ਵੀ ਮਹੱਤਵਪੂਰਨ ਰਿਹਾ। ਉਨ੍ਹਾਂ ਨੂੰ ਇਹ ਮਹਿਸੂਸ ਹੋਇਆ ਕਿ ਪਾਰਟੀ ਹੁਣ ਪੰਜਾਬ ਵਿੱਚ ਸਿਰਫ਼ ਆਪਣੀ ਹਾਜ਼ਰੀ ਦਰਜ ਕਰਾਉਣ ਨਹੀਂ, ਸਗੋਂ ਆਪਣੀ ਗੱਲ ਆਪਣੇ ਬਲਬੂਤੇ 'ਤੇ ਵੱਡੇ ਪੱਧਰ 'ਤੇ ਰੱਖਣ ਦੀ ਸਮਰੱਥਾ ਹਾਸਲ ਕਰ ਰਹੀ ਹੈ। ਮੀਡੀਆ ਵਿੱਚ ਵੀ ਕਾਨਫ਼ਰੰਸ ਨੂੰ ਸਿਰਫ਼ ਭੀੜ ਜਾਂ ਸ਼ਕਤੀ ਪ੍ਰਦਰਸ਼ਨ ਦੇ ਤੌਰ 'ਤੇ ਨਹੀਂ ਦੇਖਿਆ ਗਿਆ। ਇਸ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਭਾਜਪਾ ਦੀ ਸਿਆਸੀ ਦਿਸ਼ਾ ਅਤੇ ਸੰਗਠਨਾਤਮਿਕ ਤਿਆਰੀ ਦੇ ਸੰਕੇਤ ਵਜੋਂ ਚਰਚਾ ਮਿਲੀ। ਖ਼ਾਸ ਕਰਕੇ ਪੇਂਡੂ ਪੰਜਾਬ ਵਿੱਚ ਪਾਰਟੀ ਦੀ ਵਧ ਰਹੀ ਸਰਗਰਮੀ, ਕਿਸਾਨੀ ਨਾਲ ਨਵੇਂ ਸਿਰੇ ਤੋਂ ਸੰਵਾਦ ਅਤੇ ਪੰਥਕ ਖੇਤਰਾਂ ਵਿੱਚ ਪਹੁੰਚ ਬਣਾਉਣ ਦੀ ਕੋਸ਼ਿਸ਼ ਨੂੰ ਇਸ ਦੇ ਮਹੱਤਵਪੂਰਨ ਪੱਖਾਂ ਵਜੋਂ ਦੇਖਿਆ ਗਿਆ। ਸਥਾਨਕ ਪੱਧਰ 'ਤੇ ਮਿਲ ਰਹੀ ਪ੍ਰਤੀਕਿਰਿਆ ਵੀ ਇਸ ਪੱਖੋਂ ਧਿਆਨਯੋਗ ਹੈ ਕਿ ਜੇ ਭਾਜਪਾ ਪਿੰਡਾਂ, ਧਾਰਮਿਕ ਸਥਾਨਾਂ ਅਤੇ ਇਤਿਹਾਸਕ ਮੇਲਿਆਂ ਵਿੱਚ ਇਸੇ ਤਰ੍ਹਾਂ ਲਗਾਤਾਰ ਆਪਣੀ ਮੌਜੂਦਗੀ ਵਧਾਉਂਦੀ ਰਹੀ ਤਾਂ ਇਸ ਦੀ ਰਵਾਇਤੀ ਸ਼ਹਿਰੀ ਪਾਰਟੀ ਵਾਲੀ ਛਵੀ ਵਿੱਚ ਤਬਦੀਲੀ ਆ ਸਕਦੀ ਹੈ। ਪੰਜਾਬ ਦੀ ਸਿਆਸਤ ਵਿੱਚ ਇਹ ਤਬਦੀਲੀ ਛੋਟੀ ਗੱਲ ਨਹੀਂ ਹੋਵੇਗੀ, ਕਿਉਂਕਿ ਸੂਬੇ ਦੀ ਚੋਣ ਰਾਜਨੀਤੀ ਵਿੱਚ ਪੇਂਡੂ ਸਮਾਜ, ਕਿਸਾਨੀ ਅਤੇ ਪੰਥਕ ਭਾਵਨਾਵਾਂ ਦੀ ਭੂਮਿਕਾ ਹਮੇਸ਼ਾ ਨਿਰਣਾਇਕ ਰਹੀ ਹੈ।

ਕੁਝ ਸਥਾਨਕ ਪ੍ਰਤੀਕਿਰਿਆਵਾਂ ਵਿੱਚ ਇਹ ਗੱਲ ਵੀ ਸਾਹਮਣੇ ਆਈ ਕਿ ਕਾਂਗਰਸ, ਅਕਾਲੀ ਦਲ ਅਤੇ ਆਮ ਆਦਮੀ ਪਾਰਟੀ ਨੂੰ ਮੌਕਾ ਦੇਖਣ ਤੋਂ ਬਾਅਦ ਹੁਣ ਭਾਜਪਾ ਨੂੰ ਵੀ ਇੱਕ ਵਿਕਲਪ ਵਜੋਂ ਪਰਖਿਆ ਜਾ ਸਕਦਾ ਹੈ। ਕੁਝ ਲੋਕਾਂ ਨੇ ਇਹ ਭਾਵਨਾ ਵੀ ਪ੍ਰਗਟ ਕੀਤੀ ਕਿ ਉਹ ਭਾਜਪਾ ਪ੍ਰਤੀ ਹਮਦਰਦੀ ਜਾਂ ਸਹਿਮਤੀ ਰੱਖਦੇ ਹਨ, ਪਰ ਆਪਣੀ ਸਿਆਸੀ ਪਸੰਦ ਨੂੰ ਕਿਸੇ 'ਡਰ' ਕਾਰਨ ਜਨਤਕ ਤੌਰ 'ਤੇ ਪ੍ਰਗਟ ਕਰਨ ਤੋਂ ਸੰਕੋਚ ਕਰਦੇ ਹਨ। ਅਜਿਹੀ 'ਖਾਮੋਸ਼ ਸਹਿਮਤੀ' ਨੂੰ ਚੋਣੀ ਸਮਰਥਨ ਦਾ ਅੰਤਿਮ ਸਬੂਤ ਨਹੀਂ ਮੰਨਿਆ ਜਾ ਸਕਦਾ, ਪਰ ਸਿਆਸਤ ਵਿੱਚ ਲੋਕਾਂ ਦੀ ਚੁੱਪ ਵੀ ਕਈ ਵਾਰ ਬਦਲ ਰਹੀ ਮਨੋਵਿਰਤੀ ਦਾ ਸੰਕੇਤ ਹੁੰਦੀ ਹੈ। ਇਸ ਦੀ ਅਸਲ ਪਰਖ ਹੁਣ ਲਗਾਤਾਰ ਜਨ ਸੰਪਰਕ ਅਤੇ ਚੋਣ ਪ੍ਰਕਿਰਿਆ ਵਿੱਚ ਹੋਵੇਗੀ।

ਇਸ ਪੂਰੇ ਘਟਨਾਕ੍ਰਮ ਦੇ ਪਿੱਛੇ ਸੂਬਾਈ ਲੀਡਰਸ਼ਿਪ ਅਤੇ ਸੰਗਠਨ ਦੀ ਲੰਮੇ ਸਮੇਂ ਤੋਂ ਚੱਲ ਰਹੀ ਜ਼ਮੀਨੀ ਮਿਹਨਤ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਵੱਲੋਂ ਪੰਜਾਬ ਦੇ ਸਥਾਨਕ ਮੁੱਦਿਆਂ ਨੂੰ ਪਾਰਟੀ ਦੇ ਸਿਆਸੀ ਨੈਰੇਟਿਵ ਨਾਲ ਜੋੜਨ ਅਤੇ ਸੰਗਠਨ ਨੂੰ ਲਗਾਤਾਰ ਸਰਗਰਮ ਰੱਖਣ ਦੀ ਭੂਮਿਕਾ ਦੇ ਨਾਲ ਸੰਗਠਨ ਮੰਤਰੀ ਸ੍ਰੀ ਨਿਵਾਸੁਲੂ ਵੱਲੋਂ ਪਿੰਡਾਂ, ਮੰਡਲਾਂ ਅਤੇ ਬੂਥ ਪੱਧਰ ਤੱਕ ਕੀਤੀ ਜਾ ਰਹੀ ਮਿਹਨਤ ਨੇ ਅਜਿਹੇ ਇਕੱਠ ਲਈ ਜ਼ਮੀਨ ਤਿਆਰ ਕਰਨ ਵਿੱਚ ਭੂਮਿਕਾ ਨਿਭਾਈ ਹੈ। ਇਸ ਲਈ ਬਾਬਾ ਬਕਾਲਾ ਦੀ ਕਾਨਫ਼ਰੰਸ ਇੱਕ ਦਿਨ ਦੀ ਤਿਆਰੀ ਨਹੀਂ, ਸਗੋਂ ਲੰਮੇ ਸਮੇਂ ਦੀ ਸੰਗਠਨਾਤਮਿਕ ਮਿਹਨਤ ਦਾ ਪ੍ਰਗਟਾਵਾ ਹੈ।

ਕਾਨਫ਼ਰੰਸ ਵਿੱਚ ਕਿਸਾਨੀ ਨੂੰ ਮਿਲੀ ਤਰਜੀਹ ਭਾਜਪਾ ਦੀ ਪੰਜਾਬੀ ਰਣਨੀਤੀ ਦਾ ਇੱਕ ਹੋਰ ਮਹੱਤਵਪੂਰਨ ਪੱਖ ਰਹੀ। ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਦੀ ਮੌਜੂਦਗੀ ਅਤੇ ਕਿਸਾਨ ਹਿੱਤਾਂ ਦੀ ਰੱਖਿਆ ਸਬੰਧੀ ਦਿੱਤੇ ਭਰੋਸੇ ਨੇ ਇਸ ਸੰਵਾਦ ਨੂੰ ਸਿਆਸੀ ਮਹੱਤਤਾ ਦਿੱਤੀ। ਭਵਿੱਖ ਦੇ ਵਪਾਰਕ ਸਮਝੌਤਿਆਂ ਵਿੱਚ ਕਿਸਾਨ ਹਿੱਤਾਂ ਨੂੰ ਤਰਜੀਹ ਦੇਣ ਦਾ ਸੰਦੇਸ਼ ਵੀ ਇਸੇ ਕੋਸ਼ਿਸ਼ ਦਾ ਹਿੱਸਾ ਰਿਹਾ।

ਪਰ ਪੰਜਾਬ ਦੇ ਕਿਸਾਨ ਨਾਲ ਰਿਸ਼ਤਾ ਸਿਰਫ਼ ਬਿਆਨਾਂ ਨਾਲ ਨਹੀਂ, ਭਰੋਸੇ ਨਾਲ ਬਣੇਗਾ; ਅਤੇ ਭਰੋਸਾ ਲਗਾਤਾਰ ਸੰਵਾਦ ਨਾਲ ਬਣੇਗਾ। ਕਰਜ਼ਾ, ਖੇਤੀ ਦੀ ਲਾਗਤ, ਆਮਦਨ, ਮੰਡੀ ਪ੍ਰਬੰਧ, ਫ਼ਸਲੀ ਵਿਭਿੰਨਤਾ, ਪਾਣੀ ਅਤੇ ਖੇਤੀ ਦੀ ਲੰਮੇ ਸਮੇਂ ਦੀ ਆਰਥਿਕ ਸਥਿਰਤਾ ਵਰਗੇ ਮੁੱਦਿਆਂ 'ਤੇ ਪਿੰਡ ਪੱਧਰ ਤੱਕ ਪਹੁੰਚ ਕਰਨੀ ਹੋਵੇਗੀ। ਬਾਬਾ ਬਕਾਲਾ ਦੀ ਸਟੇਜ ਨੇ ਇੱਕ ਦਰਵਾਜ਼ਾ ਖੋਲ੍ਹਿਆ ਹੈ; ਹੁਣ ਉਸ ਦਰਵਾਜ਼ੇ ਰਾਹੀਂ ਕਿਸਾਨ ਦੇ ਖੇਤ ਅਤੇ ਘਰ ਤੱਕ ਪਹੁੰਚ ਬਣਾਉਣਾ ਅਸਲ ਚੁਣੌਤੀ ਹੈ।

ਪੰਥਕ ਪੱਖੋਂ ਵੀ ਬਾਬਾ ਬਕਾਲਾ ਦਾ ਸਿਆਸੀ ਸੰਦੇਸ਼ ਮਹੱਤਵਪੂਰਨ ਹੈ। ਸਿੱਖ ਗੁਰੂ ਸਾਹਿਬਾਨ, ਸਿੱਖ ਇਤਿਹਾਸ, ਪੰਜਾਬ ਦੀ ਵਿਰਾਸਤ ਅਤੇ ਸਿੱਖ ਸਮਾਜ ਦੇ ਯੋਗਦਾਨ ਦਾ ਜ਼ਿਕਰ ਭਾਜਪਾ ਦੇ ਨੈਰੇਟਿਵ ਨੂੰ ਪੰਜਾਬ ਦੀ ਇਤਿਹਾਸਕ ਅਤੇ ਸੱਭਿਆਚਾਰਕ ਚੇਤਨਾ ਨਾਲ ਜੋੜਨ ਦੀ ਕੋਸ਼ਿਸ਼ ਵਜੋਂ ਦੇਖਿਆ ਗਿਆ। ਪਰ ਪੰਥਕ ਖੇਤਰ ਵਿੱਚ ਸਵੀਕ੍ਰਿਤੀ ਸਿਰਫ਼ ਇਤਿਹਾਸਕ ਹਵਾਲਿਆਂ ਨਾਲ ਨਹੀਂ ਮਿਲੇਗੀ। ਇਸ ਲਈ ਵਿਦਵਾਨਾਂ, ਧਾਰਮਿਕ ਸ਼ਖ਼ਸੀਅਤਾਂ, ਸਮਾਜਿਕ ਸੰਸਥਾਵਾਂ ਅਤੇ ਵੱਖ-ਵੱਖ ਪੰਥਕ ਵਰਗਾਂ ਨਾਲ ਨਿਰੰਤਰ ਅਤੇ ਸੰਵੇਦਨਸ਼ੀਲ ਸੰਵਾਦ ਦੀ ਲੋੜ ਰਹੇਗੀ। ਪੰਜਾਬ ਦੇ ਦਿਲ ਨੂੰ ਸਮਝਣ ਲਈ ਪੰਜਾਬ ਦੀਆਂ ਭਾਵਨਾਵਾਂ ਨੂੰ ਸੁਣਨ ਦੀ ਚੇਸ਼ਟਾ ਭਾਜਪਾ 'ਚ ਪ੍ਰਬਲ ਦੇਖੀ ਜਾ ਸਕਦੀ ਹੈ।

ਇਸ ਦੇ ਨਾਲ ਹੀ ਨਸ਼ਾ, ਗੈਂਗਸਟਰਵਾਦ, ਕਾਨੂੰਨ-ਵਿਵਸਥਾ, ਬੇਰੋਜ਼ਗਾਰੀ, ਪੰਜਾਬ ਦਾ ਕਰਜ਼ਾ, ਉਦਯੋਗ, ਨਿਵੇਸ਼, ਵਿਕਾਸ ਅਤੇ ਨੌਜਵਾਨਾਂ ਦੇ ਭਵਿੱਖ ਵਰਗੇ ਮੁੱਦਿਆਂ 'ਤੇ ਆਮ ਆਦਮੀ ਪਾਰਟੀ ਸਰਕਾਰ ਨੂੰ ਘੇਰਦਿਆਂ ਭਾਜਪਾ ਨੇ ਲੋਕ-ਕੇਂਦਰਿਤ ਸਿਆਸੀ ਨੈਰੇਟਿਵ ਬਣਾਉਣ ਦੀ ਕੋਸ਼ਿਸ਼ ਕੀਤੀ। ਇਹ ਮੁੱਦੇ ਪੰਜਾਬ ਦੇ ਹਰ ਉਸ ਪਰਿਵਾਰ ਦੀ ਚਿੰਤਾ ਨਾਲ ਜੁੜੇ ਹਨ ਜੋ ਆਪਣੇ ਬੱਚਿਆਂ ਲਈ ਸੁਰੱਖਿਅਤ ਭਵਿੱਖ, ਰੋਜ਼ਗਾਰ ਅਤੇ ਸਨਮਾਨਯੋਗ ਜੀਵਨ ਚਾਹੁੰਦਾ ਹੈ।

ਇਸ ਲਈ ਅਗਲਾ ਸਵਾਲ ਸਿਰਫ਼ ਇਹ ਨਹੀਂ ਕਿ ਸਰਕਾਰ ਕਿੱਥੇ ਨਾਕਾਮ ਰਹੀ; ਸਵਾਲ ਇਹ ਵੀ ਹੋਵੇਗਾ ਕਿ ਭਾਜਪਾ ਪੰਜਾਬ ਲਈ ਕੀ ਕਰੇਗੀ ? ਪੰਜਾਬ ਦੇ ਕਰਜ਼ੇ ਤੋਂ ਖੇਤੀ ਤੱਕ, ਉਦਯੋਗ ਤੋਂ ਨਿਵੇਸ਼ ਤੱਕ, ਨੌਜਵਾਨਾਂ ਦੇ ਰੋਜ਼ਗਾਰ ਤੋਂ ਨਸ਼ਾ ਮੁਕਤੀ ਤੱਕ ਅਤੇ ਸਿੱਖਿਆ, ਸਿਹਤ ਤੇ ਕਾਨੂੰਨ-ਵਿਵਸਥਾ ਤੋਂ ਬੁਨਿਆਦੀ ਢਾਂਚੇ ਤੱਕ ਇੱਕ ਸਪਸ਼ਟ 'ਵਿਕਸਿਤ ਪੰਜਾਬ ਰੋਡਮੈਪ' ਪੇਸ਼ ਕਰਨਾ ਪਾਰਟੀ ਦੇ ਵਿਕਲਪਕ ਨੈਰੇਟਿਵ ਨੂੰ ਹੋਰ ਮਜ਼ਬੂਤ ਕਰ ਸਕਦਾ ਹੈ।

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੱਲੋਂ ਹਰਿਆਣਾ ਦੀ ਕਾਰਗੁਜ਼ਾਰੀ ਦਾ ਹਵਾਲਾ ਵੀ ਇਸੇ ਤੁਲਨਾਤਮਿਕ ਵਿਕਾਸ ਦੀ ਚਰਚਾ ਨੂੰ ਅੱਗੇ ਲਿਜਾਣ ਦੀ ਕੋਸ਼ਿਸ਼ ਸੀ। ਕੇਂਦਰ ਅਤੇ ਰਾਜ ਵਿਚਕਾਰ ਸਹਿਯੋਗ, ਨਿਵੇਸ਼, ਬੁਨਿਆਦੀ ਢਾਂਚੇ ਅਤੇ ਪ੍ਰਸ਼ਾਸਨਿਕ ਕਾਰਗੁਜ਼ਾਰੀ ਨੂੰ ਵਿਕਾਸ ਨਾਲ ਜੋੜਿਆ ਗਿਆ। ਪਰ ਪੰਜਾਬ ਲਈ ਕਿਸੇ ਵੀ ਮਾਡਲ ਦੀ ਗੱਲ ਕਰਦਿਆਂ ਪੰਜਾਬ ਦੀ ਆਪਣੀ ਖੇਤੀਬਾੜੀ, ਉਦਯੋਗਿਕ ਅਤੇ ਸਮਾਜਿਕ ਹਕੀਕਤ ਨੂੰ ਕੇਂਦਰ ਵਿੱਚ ਰੱਖਣਾ ਲਾਜ਼ਮੀ ਹੋਵੇਗਾ।

ਬਾਬਾ ਬਕਾਲਾ ਦੀ ਵੱਖਰੀ ਸਟੇਜ ਨੇ ਅਕਾਲੀ ਦਲ ਨਾਲ ਭਾਜਪਾ ਦੇ ਭਵਿੱਖੀ ਸਿਆਸੀ ਸਮੀਕਰਨਾਂ ਬਾਰੇ ਵੀ ਚਰਚਾ ਨੂੰ ਤੇਜ਼ ਕੀਤਾ ਹੈ। ਇਸ ਨੂੰ ਫਿਲਹਾਲ ਕਿਸੇ ਅੰਤਿਮ ਸਿਆਸੀ ਫ਼ੈਸਲੇ ਵਜੋਂ ਦੇਖਣ ਦੀ ਬਜਾਏ ਆਪਣੀ ਸੁਤੰਤਰ ਤਾਕਤ ਨੂੰ ਪਰਖਣ ਅਤੇ ਭਵਿੱਖੀ ਸਿਆਸੀ ਗੱਲਬਾਤ ਵਿੱਚ ਆਪਣੀ ਸਥਿਤੀ ਮਜ਼ਬੂਤ ਕਰਨ ਦੀ ਰਣਨੀਤੀ ਵਜੋਂ ਦੇਖਣਾ ਵਧੇਰੇ ਉਚਿਤ ਹੋਵੇਗਾ। ਸਿਆਸਤ ਵਿੱਚ ਆਪਣੀ ਤਾਕਤ ਦਾ ਪਤਾ ਹੋਣਾ ਕਿਸੇ ਵੀ ਗੱਠਜੋੜ ਜਾਂ ਭਵਿੱਖੀ ਸਮੀਕਰਨ ਵਿੱਚ ਪਾਰਟੀ ਦੀ ਸਥਿਤੀ ਨੂੰ ਮਜ਼ਬੂਤ ਕਰਦਾ ਹੈ।

ਪਰ ਬਾਬਾ ਬਕਾਲਾ ਦੀ ਸਭ ਤੋਂ ਵੱਡੀ ਕਸੌਟੀ ਹੁਣ ਸ਼ੁਰੂ ਹੁੰਦੀ ਹੈ। ਵੱਡਾ ਇਕੱਠ ਇਤਿਹਾਸ ਬਣ ਸਕਦਾ ਹੈ, ਮੀਡੀਆ ਦੀ ਚਰਚਾ ਸਿਆਸੀ ਮਾਹੌਲ ਬਦਲ ਸਕਦੀ ਹੈ ਅਤੇ ਵਰਕਰਾਂ ਦਾ ਉਤਸ਼ਾਹ ਸੰਗਠਨ ਨੂੰ ਗਤੀ ਦੇ ਸਕਦਾ ਹੈ; ਪਰ ਚੋਣ ਤਾਕਤ ਪਿੰਡਾਂ, ਮੰਡਲਾਂ ਅਤੇ ਬੂਥਾਂ ਵਿੱਚ ਬਣਦੀ ਹੈ। ਇਸ ਲਈ ਕਾਨਫ਼ਰੰਸ ਤੋਂ ਬਾਅਦ ਸਭ ਤੋਂ ਜ਼ਰੂਰੀ ਕੰਮ ਨਵੇਂ ਬਣੇ ਸੰਪਰਕਾਂ ਨੂੰ ਸੰਗਠਨ ਨਾਲ ਜੋੜਨਾ, ਕਿਸਾਨਾਂ ਤੱਕ ਲਗਾਤਾਰ ਪਹੁੰਚ ਬਣਾਉਣਾ, ਪੰਥਕ ਅਤੇ ਸਮਾਜਿਕ ਵਰਗਾਂ ਨਾਲ ਸੰਵਾਦ ਵਧਾਉਣਾ, ਨੌਜਵਾਨਾਂ ਅਤੇ ਰੋਜ਼ਗਾਰ ਦੇ ਮੁੱਦਿਆਂ ਨੂੰ ਜ਼ਮੀਨੀ ਮੁਹਿੰਮ ਦਾ ਹਿੱਸਾ ਬਣਾਉਣਾ ਅਤੇ ਪੰਜਾਬ ਲਈ ਠੋਸ ਵਿਕਾਸ ਵਿਜ਼ਨ ਨੂੰ ਲੋਕਾਂ ਤੱਕ ਲੈ ਕੇ ਜਾਣਾ ਹੋਵੇਗਾ।

2027 ਦੀਆਂ ਵਿਧਾਨ ਸਭਾ ਚੋਣਾਂ ਦੇ ਸੰਦਰਭ ਵਿੱਚ ਬਾਬਾ ਬਕਾਲਾ ਨੂੰ ਤੁਰੰਤ 'ਟਰਨਿੰਗ ਪੁਆਇੰਟ' ਕਰਾਰ ਦੇਣਾ ਸ਼ਾਇਦ ਜਲਦਬਾਜ਼ੀ ਹੋਵੇ, ਪਰ ਇਸ ਨੂੰ ਪੰਜਾਬ ਭਾਜਪਾ ਦੇ ਨਵੇਂ ਸਿਆਸੀ ਪੜਾਅ ਦੀ ਮਜ਼ਬੂਤ ਸ਼ੁਰੂਆਤ ਜ਼ਰੂਰ ਕਿਹਾ ਜਾ ਸਕਦਾ ਹੈ। ਇਹ ਕਾਨਫ਼ਰੰਸ ਪਾਰਟੀ ਲਈ ਇੱਕ ਸੰਭਾਵਨਾ ਲੈ ਕੇ ਆਈ ਹੈ—ਹੁਣ ਇਸ ਸੰਭਾਵਨਾ ਨੂੰ ਜਨਤਾ ਦੇ ਭਰੋਸੇ ਵਿੱਚ ਬਦਲਣਾ ਹੈ।

ਬਾਬਾ ਬਕਾਲਾ ਦੀ ਧਰਤੀ ਤੋਂ ਭਾਜਪਾ ਨੇ ਆਪਣੀ ਸੁਤੰਤਰ ਆਵਾਜ਼ ਪੰਜਾਬ ਤੱਕ ਪਹੁੰਚਾਈ ਹੈ। ਹੁਣ ਪੰਜਾਬ ਦੀ ਧਰਤੀ 'ਤੇ ਉਸ ਆਵਾਜ਼ ਦੀ ਗੂੰਜ ਕਿੰਨੀ ਦੂਰ ਤੱਕ ਜਾਂਦੀ ਹੈ, ਇਹ ਆਉਣ ਵਾਲਾ ਸਮਾਂ ਤੈਅ ਕਰੇਗਾ। ਜੇਕਰ ਵੱਡੇ ਇਕੱਠ ਤੋਂ ਪੈਦਾ ਹੋਏ ਉਤਸ਼ਾਹ ਨੂੰ ਕਿਸਾਨੀ ਨਾਲ ਭਰੋਸੇਮੰਦ ਰਿਸ਼ਤੇ, ਪੇਂਡੂ ਪੰਜਾਬ ਨਾਲ ਨਿਰੰਤਰ ਸੰਪਰਕ, ਪੰਥਕ ਵਰਗਾਂ ਨਾਲ ਸੰਵੇਦਨਸ਼ੀਲ ਸੰਵਾਦ, ਨੌਜਵਾਨਾਂ ਲਈ ਮੌਕਿਆਂ ਅਤੇ ਪੰਜਾਬ ਲਈ ਸਪਸ਼ਟ ਵਿਕਾਸ ਦ੍ਰਿਸ਼ਟੀ ਨਾਲ ਜੋੜਿਆ ਗਿਆ ਤਾਂ ਬਾਬਾ ਬਕਾਲਾ ਦੀ ਇਹ ਕਾਨਫ਼ਰੰਸ ਸਿਰਫ਼ ਇੱਕ ਦਿਨ ਦੀ ਸਿਆਸੀ ਘਟਨਾ ਨਹੀਂ ਰਹੇਗੀ, ਸਗੋਂ ਪੰਜਾਬ ਦੀ ਸਿਆਸਤ ਵਿੱਚ ਭਾਜਪਾ ਦੇ ਨਵੇਂ ਅਧਿਆਇ ਦੀ ਬੁਨਿਆਦ ਬਣ ਸਕਦੀ ਹੈ।

ਬਾਬਾ ਬਕਾਲਾ ਦਾ ਸਿਆਸੀ ਸੰਦੇਸ਼ ਸਪਸ਼ਟ ਹੈ—ਵੱਡਾ ਇਕੱਠ ਭਾਜਪਾ ਦੀ ਵਧਦੀ ਸਮਰੱਥਾ ਦਾ ਸੰਕੇਤ ਹੈ; ਪਰ ਅਸਲ ਜਿੱਤ ਉਸ ਦਿਨ ਮੰਨੀ ਜਾਵੇਗੀ ਜਦੋਂ ਇਹ ਭੀੜ ਸਥਾਈ ਜਨ-ਭਰੋਸੇ, ਮਜ਼ਬੂਤ ਸੰਗਠਨ ਅਤੇ ਪੰਜਾਬ ਦੇ ਹਰ ਵਰਗ ਨਾਲ ਡੂੰਘੇ ਰਿਸ਼ਤੇ ਵਿੱਚ ਬਦਲੇਗੀ। ਬੇਸ਼ਕ ਵੱਡਾ ਇਕੱਠ ਭਾਜਪਾ ਲਈ ਨਵੀਂ ਸੰਭਾਵਨਾ ਬਣਿਆ ਹੈ, ਪਰ ਉਸ ਸੰਭਾਵਨਾ ਨੂੰ ਸਥਾਈ ਜਨਤਕ ਅਤੇ ਸੰਗਠਨਾਤਮਿਕ ਤਾਕਤ ਵਿੱਚ ਬਦਲਣਾ ਹੁਣ ਸਭ ਤੋਂ ਵੱਡੀ ਕਸੌਟੀ ਹੈ।

**-ਪ੍ਰੋ. ਸਰਚਾਂਦ ਸਿੰਘ ਖਿਆਲਾ**
**ਬੁਲਾਰਾ, ਪੰਜਾਬ ਭਾਜਪਾ, 9781355522**

## ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਿਆਸ ਵਿਖੇ 6 ਨਵੇਂ ਕਲਾਸਰੂਮਾਂ ਦਾ ਸ੍ਰ ਹਰਭਜਨ ਸਿੰਘ ਈ.ਟੀ.ਓ ਨੇ ਕੀਤਾ ਉਦਘਾਟਨ

### ਪੀ.ਆਈ.ਡੀ.ਬੀ. ਸਕੀਮ ਤਹਿਤ 74.80 ਲੱਖ ਰੁਪਏ ਦੀ ਲਾਗਤ ਨਾਲ ਕਲਾਸਰੂਮ ਅਤੇ ਵਾਸ਼ਰੂਮ ਬਲਾਕ ਦੀ ਉਸਾਰੀ



**ਜੰਡਿਆਲਾ ਗੁਰੂ 29 ਅਗਸਤ ( ਕੁਲਵੰਤ ਸਿੰਘ ਵਿਰਦੀ )**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਅੱਜ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਵਿਧਾਇਕ ਹਲਕਾ ਬਾਬਾ ਬਕਾਲਾ ਸਾਹਿਬ ਸ. ਦਲਬੀਰ ਸਿੰਘ ਟੌਂਗ ਦੀ ਹਾਜ਼ਰੀ ਵਿੱਚ ਪੀ.ਐਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਬਿਆਸ ਵਿਖੇ ਨਵੇਂ ਬਣੇ 6 ਕਲਾਸਰੂਮਾਂ ਦਾ ਉਦਘਾਟਨ ਕੀਤਾ ਗਿਆ ।ਇਸ ਮੌਕੇ ਜਾਣਕਾਰੀ ਦਿੰਦਿਆਂ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ ਪੀ.ਆਈ.ਡੀ.ਬੀ. ਸਕੀਮ ਤਹਿਤ ਪ੍ਰਾਪਤ ਫੰਡਾਂ ਵਿੱਚੋਂ ਇਸ ਸਕੂਲ ਵਿਖੇ 74.80 ਲੱਖ ਰੁਪਏ ਦੀ ਲਾਗਤ ਨਾਲ 6 ਨਵੇਂ ਕਲਾਸਰੂਮਾਂ ਅਤੇ ਵਾਸ਼ਰੂਮ ਬਲਾਕ ਦੀ ਉਸਾਰੀ ਕਰਵਾਈ ਗਈ ਹੈ। ਉਨ੍ਹਾਂ ਦੱਸਿਆ ਕਿ ਇਹ ਉਸਾਰੀ ਕਾਰਜ ਸਬੰਧਤ ਠੇਕੇਦਾਰ ਵੱਲੋਂ ਨਿਰਧਾਰਤ 6 ਮਹੀਨੇ ਦੀ ਸਮਾਂ ਸੀਮਾ ਅੰਦਰ ਮੁਕੰਮਲ ਕੀਤਾ ਗਿਆ ਹੈ ।ਸ.ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆ ਦੇਣ ਦੇ ਨਾਲ-ਨਾਲ ਉਨ੍ਹਾਂ ਨੂੰ ਆਧੁਨਿਕ ਅਤੇ ਸੁਵਿਧਾਜਨਕ ਬੁਨਿਆਦੀ ਢਾਂਚਾ ਮੁਹੱਈਆ ਕਰਵਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਵੇਂ ਕਲਾਸਰੂਮਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਨਾਲ ਸਕੂਲ ਦੇ ਵਿਦਿਆਰਥੀਆਂ ਨੂੰ ਪੜ੍ਹਾਈ ਲਈ ਵਧੀਆ ਅਤੇ ਸੁਖਾਵਾਂ ਮਾਹੌਲ ਮਿਲੇਗਾ ।ਇਸ ਮੌਕੇ ਵਿਧਾਇਕ ਸ. ਦਲਬੀਰ ਸਿੰਘ ਟੌਂਗ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਨੂੰ ਤਰਜੀਹ ਦਿੰਦਿਆਂ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿਕਾਸ ਕਾਰਜਾਂ ਦਾ ਸਿੱਧਾ ਲਾਭ ਵਿਦਿਆਰਥੀਆਂ ਨੂੰ ਮਿਲੇਗਾ ਅਤੇ ਉਨ੍ਹਾਂ ਦੀ ਪੜ੍ਹਾਈ ਲਈ ਹੋਰ ਬਿਹਤਰ ਮਾਹੌਲ ਤਿਆਰ ਹੋਵੇਗਾ। ਉਹਨਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਜਰੀਏ ਪੰਜਾਬ ਸਿੱਖਿਆ ਦੇ ਖੇਤਰ ਵਿੱਚ ਦੇਸ਼ ਭਰ ਵਿੱਚੋਂ ਮੋਹਰੀ ਸੂਬਾ ਬਣ ਗਿਆ ਹੈ ।ਇਸ ਮੌਕੇ ਡੀ.ਪੀ.ਆਈ. ਪੰਜਾਬ ਸਕੱਤਰ ਸਿੰਘ ਬੱਲ ਅਤੇ ਸਕੂਲ ਦੇ ਪ੍ਰਿੰਸੀਪਲ ਸ. ਰਾਜੀਵ ਕਪੂਰ, ਪੀ.ਈ.ਐੱਸ. ਸਮੇਤ ਹੋਰ ਅਧਿਕਾਰੀ ਅਤੇ ਪਤਵੰਤੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸੱਜਣ ਕੁਮਾਰ ਦੇ ਘਰ ਜਾਣ ਵਾਲੇ ਭਾਜਪਾ ਐਮ.ਪੀਜ਼ 'ਤੇ ਸਰਨਾ-ਜੀ.ਕੇ. ਦੀ ਚੁੱਪੀ, ਦਿੱਲੀ ਕਮੇਟੀ 'ਤੇ ਹੀ ਸਵਾਲ ਚੁੱਕਣ 'ਤੇ ਕਾਲਕਾ-ਕਾਹਲੋਂ ਨੇ ਘੇਰਿਆ

ਨਵੀਂ ਦਿੱਲੀ, 29 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ 1984 ਦੇ ਸਿੱਖ ਕਤਲੇਆਮ ਦੇ ਦੋਸ਼ੀ ਸੱਜਣ ਕੁਮਾਰ ਦੇ ਘਰ ਅਫਸੋਸ ਲਈ ਜਾਣ ਵਾਲੇ ਭਾਜਪਾ ਦੇ ਤਿੰਨ ਸੰਸਦ ਮੈਂਬਰਾਂ ਦੀ ਸਖ਼ਤ ਨਿਖੇਧੀ ਕਰਦਿਆਂ ਭਾਜਪਾ ਦੇ ਕੌਮੀ ਪ੍ਰਧਾਨ ਸ੍ਰੀ ਨਿਤਿਨ ਨਬੀਨ ਨੂੰ ਪੱਤਰ ਲਿਖ ਕੇ ਤਿੰਨਾਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਸੱਜਣ ਕੁਮਾਰ 1984 ਦੇ ਸਿੱਖ ਕਤਲੇਆਮ ਦਾ ਗੁਨਾਹਗਾਰ ਹੈ ਅਤੇ ਉਸਦੇ ਘਰ ਜਾ ਕੇ ਅਫਸੋਸ ਕਰਨਾ ਸਿੱਖ ਕੌਮ ਦੇ ਜ਼ਖ਼ਮਾਂ 'ਤੇ ਲੂਣ ਛਿੜਕਣ ਦੇ ਬਰਾਬਰ ਹੈ। ਆਗੂਆਂ ਨੇ ਕਿਹਾ ਕਿ ਕਾਂਗਰਸੀ ਆਗੂ ਵੱਲੋਂ ਸੱਜਣ ਕੁਮਾਰ ਨੂੰ ਰੋਲ ਮਾਡਲ ਦੱਸਣ ਦੀ ਵੀ ਉਨ੍ਹਾਂ ਨੇ ਨਿਖੇਧੀ ਕੀਤੀ ਸੀ ਅਤੇ ਹੁਣ ਭਾਜਪਾ ਸੰਸਦ ਮੈਂਬਰਾਂ ਦੇ ਇਸ ਕਦਮ ਦਾ ਵੀ ਡਟ ਕੇ ਵਿਰੋਧ ਕੀਤਾ ਜਾ ਰਿਹਾ ਹੈ। ਕਾਲਕਾ ਤੇ ਕਾਹਲੋਂ ਨੇ ਕਿਹਾ ਕਿ ਭਾਜਪਾ ਦੀ ਸੀਨੀਅਰ ਲੀਡਰਸ਼ਿਪ ਵੱਲੋਂ 1984 ਦੇ ਪੀੜਤਾਂ ਲਈ ਕੀਤੇ ਗਏ ਯਤਨਾਂ ਨੂੰ ਵੀ ਇਹ ਸੰਸਦ ਮੈਂਬਰ ਯਾਦ ਰੱਖਣ। ਉਨ੍ਹਾਂ ਕਿਹਾ ਕਿ ਮਰਹੂਮ ਅਰੁਣ ਜੇਤਲੀ ਅਤੇ ਸੁਸ਼ਮਾ ਸਵਰਾਜ ਸਿੱਖਾਂ ਦੀ ਨਿਆਂ ਦੀ ਲੜਾਈ ਵਿੱਚ ਨਾਲ ਖੜ੍ਹੇ ਰਹੇ, ਜਦਕਿ ਸ੍ਰੀ ਰਾਜਨਾਥ ਸਿੰਘ ਨੇ ਵੀ ਸਿੱਖ ਕੌਮ ਦੇ ਹੱਕ ਵਿੱਚ ਆਵਾਜ਼ ਬੁਲੰਦ ਕੀਤੀ। ਉਨ੍ਹਾਂ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ 1984 ਦੀ ਪੀੜਤ ਜਗਦੀਸ਼ ਕੌਰ ਨਾਲ ਮੁਲਾਕਾਤ ਦਾ ਹਵਾਲਾ ਦਿੰਦਿਆਂ ਕਿਹਾ ਕਿ ਕੇਂਦਰ ਸਰਕਾਰ ਦੇ ਦੌਰਾਨ ਬੰਦ ਪਏ ਕਈ ਕੇਸ ਮੁੜ ਖੁੱਲ੍ਹੇ ਅਤੇ ਜਗਦੀਸ਼ ਟਾਈਟਲਰ ਵਰਗਿਆਂ ਵਿਰੁੱਧ ਕਾਰਵਾਈ ਅੱਗੇ ਵਧੀ। ਉਨ੍ਹਾਂ ਕਿਹਾ ਕਿ ਇਸ ਪਿਛੋਕੜ ਵਿੱਚ ਤਿੰਨ ਸੰਸਦ ਮੈਂਬਰਾਂ ਦਾ ਸੱਜਣ ਕੁਮਾਰ ਦੇ ਘਰ ਜਾਣਾ ਹੋਰ ਵੀ ਗੰਭੀਰ ਮਾਮਲਾ ਹੈ, ਜਿਸ 'ਤੇ ਪਾਰਟੀ ਲੀਡਰਸ਼ਿਪ ਨੂੰ ਤੁਰੰਤ ਸਪੱਸ਼ਟੀਕਰਨ ਅਤੇ ਕਾਰਵਾਈ ਕਰਨੀ ਚਾਹੀਦੀ ਹੈ। ਅਕਾਲੀ ਆਗੂ ਮਨਜੀਤ ਸਿੰਘ ਜੀ.ਕੇ. ਅਤੇ ਪਰਮਜੀਤ ਸਿੰਘ ਸਰਨਾ 'ਤੇ ਤਿੱਖਾ ਹਮਲਾ ਕਰਦਿਆਂ ਕਾਲਕਾ-ਕਾਹਲੋਂ ਨੇ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਭਾਜਪਾ ਦੇ ਸੰਸਦ ਮੈਂਬਰਾਂ ਦੀ ਨਿਖੇਧੀ ਕਰਨ ਦੀ ਬਜਾਏ ਇਹ ਆਗੂ ਦਿੱਲੀ ਕਮੇਟੀ 'ਤੇ ਹੀ ਸਵਾਲ ਚੁੱਕ ਰਹੇ ਹਨ। ਉਨ੍ਹਾਂ ਕਿਹਾ ਕਿ ਸਰਨਾ ਅਤੇ ਜੀ.ਕੇ. ਨੂੰ ਪਹਿਲਾਂ ਆਪਣੇ ਆਕਾ ਸੁਖਬੀਰ ਸਿੰਘ ਬਾਦਲ ਤੋਂ ਇਸ ਮਾਮਲੇ 'ਤੇ ਚੁੱਪੀ ਤੋੜਵਾਉਣੀ ਚਾਹੀਦੀ ਹੈ ਅਤੇ ਪੁੱਛਣਾ ਚਾਹੀਦਾ ਹੈ ਕਿ ਸੱਜਣ ਕੁਮਾਰ ਦੇ ਘਰ ਜਾਣ ਵਾਲੇ ਸੰਸਦ ਮੈਂਬਰਾਂ ਬਾਰੇ ਉਨ੍ਹਾਂ ਦਾ ਕੀ ਸਟੈਂਡ ਹੈ। ਕਾਲਕਾ-ਕਾਹਲੋਂ ਨੇ ਦੋਸ਼ ਲਾਇਆ ਕਿ ਅਕਾਲੀ ਲੀਡਰਸ਼ਿਪ ਇਸ ਸਮੇਂ ਭਾਜਪਾ ਨਾਲ ਮੁੜ ਸਮਝੌਤੇ ਲਈ ਬੇਚੈਨ ਦਿਖਾਈ ਦੇ ਰਹੀ ਹੈ ਅਤੇ ਇਸੇ ਕਾਰਨ ਸਪੱਸ਼ਟ ਸਟੈਂਡ ਲੈਣ ਤੋਂ ਪਿੱਛੇ ਹਟ ਰਹੀ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੇ 1984 ਦੇ ਦਰਦ ਅਤੇ ਨਿਆਂ ਦੇ ਮੁੱਦੇ ਕਿਸੇ ਸਿਆਸੀ ਸਮਝੌਤੇ ਦੀ ਕੀਮਤ 'ਤੇ ਚੁੱਪ ਨਹੀਂ ਕਰਵਾਏ ਜਾ ਸਕਦੇ।



ਆਵਾਜ਼ਿ ਕੌਮ AWAZE QAUM International Newspaper & WEB TV

### ਸਵੀਪ ਟੀਮ ਵੱਲੋਂ ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਵਿਖੇ

# ਵੋਟਰ ਜਾਗਰੂਕਤਾ ਕੈਂਪ







**ਤਲਵੰਡੀ ਸਾਬੋ, 29 ਅਗਸਤ (ਗੁਰਜੰਟ ਸਿੰਘ ਨਥੇਹਾ)**- ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਵਿਖੇ ਐੱਸ.ਡੀ.ਐੱਮ. ਦਫ਼ਤਰ ਤਲਵੰਡੀ ਸਾਬੋ ਦੀ ਅਗਵਾਈ ਹੇਠ ਸਵੀਪ ਟੀਮ ਵੱਲੋਂ ਵੋਟਰ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਮੌਕੇ +1 ਅਤੇ +2 ਦੇ ਵਿਦਿਆਰਥੀਆਂ ਨੂੰ ਲੋਕਤੰਤਰ ਵਿੱਚ ਵੋਟ ਦੇ ਅਧਿਕਾਰ ਦੀ ਮਹੱਤਤਾ ਅਤੇ 539©5“ ਰਾਹੀਂ ਆਨਲਾਈਨ ਵੋਟ ਬਣਾਉਣ ਸਬੰਧੀ ਜਾਣਕਾਰੀ ਦਿੱਤੀ ਗਈ। ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਆਪਣੇ ਵੋਟ ਦੇ ਅਧਿਕਾਰ ਪ੍ਰਤੀ ਜਾਗਰੂਕ ਕਰਨਾ ਅਤੇ ਭਵਿੱਖ ਵਿੱਚ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕਰਨਾ ਸੀ। ਸਵੀਪ ਟੀਮ ਦੇ ਨੋਡਲ ਅਫ਼ਸਰ ਸ੍ਰੀ ਮਦਨ ਲਾਲ ਛਾਬੜਾ ਅਤੇ ਟੀਮ ਮੈਂਬਰਾਂ ਨੇ ਵਿਦਿਆਰਥੀਆਂ ਨੂੰ ਸਮਝਾਇਆ ਕਿ ਵੋਟ ਸਿਰਫ਼ ਇੱਕ ਅਧਿਕਾਰ ਹੀ ਨਹੀਂ, ਸਗੋਂ ਇੱਕ ਮਹੱਤਵਪੂਰਨ ਜ਼ਿੰਮੇਵਾਰੀ ਵੀ ਹੈ। ਲੋਕਤੰਤਰ ਦੀ ਮਜ਼ਬੂਤੀ ਲਈ ਹਰ ਯੋਗ ਨਾਗਰਿਕ ਦਾ ਚੋਣ ਪ੍ਰਕਿਰਿਆ ਵਿੱਚ ਹਿੱਸਾ ਲੈਣਾ ਬਹੁਤ ਜ਼ਰੂਰੀ ਹੈ। ਇਸ ਮੌਕੇ ਵਿਦਿਆਰਥੀਆਂ ਨੂੰ ਵੋਟਰ ਬਣਨ ਦੀ ਯੋਗਤਾ, ਵੋਟਰ ਸੂਚੀ ਵਿੱਚ ਨਾਮ ਦਰਜ ਕਰਵਾਉਣ, ਵੋਟਰ ਕਾਰਡ ਦੀ ਮਹੱਤਤਾ ਅਤੇ ਚੋਣਾਂ ਦੌਰਾਨ ਵੋਟ ਪਾਉਣ ਦੀ ਪ੍ਰਕਿਰਿਆ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਆਨਲਾਈਨ ਵੋਟ ਬਣਾਉਣ ਦੀ ਪ੍ਰਕਿਰਿਆ ਅਤੇ ਚੋਣਾਂ ਨਾਲ ਸਬੰਧਤ ਵੱਖ-ਵੱਖ ਸਹੂਲਤਾਂ ਬਾਰੇ ਵੀ ਜਾਣੂ ਕਰਵਾਇਆ ਗਿਆ। ਵਿਦਿਆਰਥੀਆਂ ਨੇ ਇਸ ਜਾਗਰੂਕਤਾ ਸੈਸ਼ਨ ਵਿੱਚ ਉਤਸ਼ਾਹ ਨਾਲ ਭਾਗ ਲੈਂਦਿਆਂ ਵੋਟ ਦੇ ਅਧਿਕਾਰ ਅਤੇ ਇਸ ਦੀ ਮਹੱਤਤਾ ਸਬੰਧੀ ਆਪਣੇ ਸਵਾਲ ਵੀ ਪੁੱਛੇ। ਸਵੀਪ ਟੀਮ ਵੱਲੋਂ ਉਨ੍ਹਾਂ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਚੋਣ ਪ੍ਰਕਿਰਿਆ ਨਾਲ ਸਬੰਧਤ ਜਾਣਕਾਰੀ ਸਾਂਝੀ ਕੀਤੀ ਗਈ। ਇਸ ਤਰ੍ਹਾਂ ਇਹ ਵੋਟਰ ਜਾਗਰੂਕਤਾ ਪ੍ਰੋਗਰਾਮ ਵਿਦਿਆਰਥੀਆਂ ਲਈ ਜਾਣਕਾਰੀ ਭਰਪੂਰ ਅਤੇ ਲਾਭਦਾਇਕ ਸਾਬਤ ਹੋਇਆ ਅਤੇ ਉਨ੍ਹਾਂ ਵਿੱਚ ਲੋਕਤੰਤਰ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ ਗਿਆ।

### ਵੋਟਰਾਂ ਦੇ ਕਾਗਜ਼ਾਤ ਅਪਲੋਡ ਕਰਕੇ

# ਸਤਿਕਾਰ ਸਹਿਤ ਕੀਤੀ ਜਾ ਰਹੀ ਹੈ ਸੁਣਵਾਈ- ਸ. ਪਦਮਜੀਤ ਸਿੰਘ



**ਬਠਿੰਡਾ, 29 ਅਗਸਤ (ਗੁਰਜੰਟ ਸਿੰਘ ਨਥੇਹਾ)**- ਭਾਰਤੀ ਚੋਣ ਕਮਿਸ਼ਨ ਵੱਲੋਂ ਸਮੇਂ-ਸਮੇਂ 'ਤੇ ਵੋਟਰਾਂ ਨੂੰ ਆਪਣੇ ਵੋਟਰ ਕਾਰਡਾਂ ਵਿੱਚ ਸੁਧਾਈ ਕਰਵਾਉਣ ਲਈ ਵਿਸ਼ੇਸ਼ ਮੌਕੇ ਦਿੱਤੇ ਜਾਂਦੇ ਹਨ। ਇਸੇ ਤਹਿਤ ਐਸ.ਆਈ.ਆਰ.-2026 ਦੇ ਤਹਿਤ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ ਦਾ ਕੰਮ ਕੀਤਾ ਜਾ ਰਿਹਾ ਹੈ, ਜਿਸ ਦੇ ਪਹਿਲੇ ਪੜਾਅ ਦਾ ਕੰਮ ਮੁਕੰਮਲ ਹੋ ਚੁੱਕਾ ਹੈ ਅਤੇ ਹੁਣ ਦੂਜੇ ਪੜਾਅ ਤਹਿਤ ਉਨ੍ਹਾਂ ਵੋਟਰਾਂ ਦੀ ਸੁਣਵਾਈ ਕੀਤੀ ਜਾ ਰਹੀ ਹੈ, ਜੋ ਅਜੇ ਤੱਕ ਮੈਪ ਨਹੀਂ ਹੋਏ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਰਦਾਰ ਪਦਮਜੀਤ ਸਿੰਘ ਨੇ ਦੱਸਿਆ ਕਿ 093 ਦਿਹਾਤੀ ਬਠਿੰਡਾ ਹਲਕੇ ਵਿੱਚ ਵੱਖ-ਵੱਖ ਟੀਮਾਂ ਦਾ ਗਠਨ ਕਰਕੇ ਸਾਰੇ ਬੂਥਾਂ 'ਤੇ ਸਮੇਂ ਸਿਰ ਹਾਜ਼ਰ ਹੋ ਕੇ ਵੋਟਰਾਂ ਦੇ ਦਸਤਾਵੇਜ਼ਾਂ ਦੀ ਅਪਲੋਡਿੰਗ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਦੀ ਸਤਿਕਾਰ ਸਹਿਤ ਸੁਣਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਟੀਮਾਂ ਵਿੱਚ ਅਡੀਸ਼ਨਲ ਏ.ਆਰ.ਓਜ਼ ਦੀਆਂ ਟੀਮਾਂ ਨੂੰ ਵੱਖ-ਵੱਖ ਬੂਥਾਂ 'ਤੇ ਭੇਜਿਆ ਜਾ ਰਿਹਾ ਹੈ। ਇਸ ਦੇ ਨਾਲ ਹੀ ਬੂਥ ਪੱਧਰ 'ਤੇ ਬੀ.ਐਲ.ਓਜ਼ ਵੀ ਸਮੇਂ ਸਿਰ ਹਾਜ਼ਰ ਹੋ ਕੇ ਵੋਟਰਾਂ ਦੇ ਦਸਤਾਵੇਜ਼ ਚੈੱਕ ਕਰਦਿਆਂ ਅਪਲੋਡਿੰਗ ਦਾ ਕੰਮ ਪੂਰੀ ਲਗਨ ਨਾਲ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਦਸਤਾਵੇਜ਼ਾਂ ਦੀ ਅਪਲੋਡਿੰਗ ਤੋਂ ਬਾਅਦ ਇਨ੍ਹਾਂ ਦੀ ਵੈਰੀਫਿਕੇਸ਼ਨ ਕੀਤੀ ਜਾਵੇਗੀ, ਤਾਂ ਜੋ ਅਕਤੂਬਰ 2026 ਵਿੱਚ ਪ੍ਰਕਾਸ਼ਿਤ ਹੋਣ ਵਾਲੀ ਫਾਈਨਲ ਵੋਟਰ ਸੂਚੀ ਵਿੱਚ ਕਿਸੇ ਵੀ ਕਿਸਮ ਦੀ ਤਰੁੱਟੀ ਨਾ ਰਹਿ ਸਕੇ। ਇਸ ਮੌਕੇ ਅਡੀਸ਼ਨਲ ਏ.ਆਰ.ਓ. ਸਰਦਾਰ ਬਾਹੀਆ ਨੇ ਦੱਸਿਆ ਕਿ ਦਿਹਾਤੀ ਖੇਤਰ ਦੀਆਂ ਟੀਮਾਂ ਨਿਰਧਾਰਤ ਮਿਤੀਆਂ ਅਨੁਸਾਰ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਬੀ.ਐਲ.ਓਜ਼ ਦੀ ਮਦਦ ਨਾਲ ਵੋਟਰਾਂ ਦੇ ਦਸਤਾਵੇਜ਼ ਅਪਲੋਡ ਕਰ ਰਹੀਆਂ ਹਨ ਅਤੇ ਵੋਟਰਾਂ ਦੀ ਸਤਿਕਾਰ ਸਹਿਤ ਸੁਣਵਾਈ ਕੀਤੀ ਜਾ ਰਹੀ ਹੈ। 093 ਦਿਹਾਤੀ ਬਠਿੰਡਾ ਦੇ ਸੈਕਟਰ ਨੰਬਰ 10 ਦੇ ਸੁਪਰਵਾਈਜ਼ਰ ਸ਼੍ਰੀ ਮੋਤੀ ਰਾਮ ਨੇ ਦੱਸਿਆ ਕਿ ਵੋਟਰਾਂ ਨੂੰ ਭਾਰਤੀ ਚੋਣ ਕਮਿਸ਼ਨ ਦੇ ਟੋਲ ਫ੍ਰੀ ਨੰਬਰ 1950 ਬਾਰੇ ਵੀ ਜਾਣਕਾਰੀ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਵੋਟਰਾਂ ਨੂੰ ਫਾਰਮ ਨੰਬਰ 6, 61, 7 ਅਤੇ 8 ਭਰਨ ਸਬੰਧੀ ਵੀ ਜਾਗਰੂਕ ਕੀਤਾ ਜਾ ਰਿਹਾ ਹੈ। ਇਸੇ ਦੌਰਾਨ 093 ਦਿਹਾਤੀ ਬਠਿੰਡਾ ਦੀ ਸਵੀਪ ਟੀਮ ਵੱਲੋਂ ਵੀ ਵੋਟਰ ਜਾਗਰੂਕਤਾ ਮੁਹਿੰਮ ਪੂਰੀ ਤਨਦੇਹੀ ਨਾਲ ਚਲਾਈ ਜਾ ਰਹੀ ਹੈ। ਸਵੀਪ ਟੀਮ ਦੇ ਨੋਡਲ ਅਧਿਕਾਰੀ ਸ਼੍ਰੀ ਰਜਤ ਕੁਮਾਰ ਨੇ ਦੱਸਿਆ ਕਿ ਟੀਮ ਵੱਲੋਂ 093 ਦਿਹਾਤੀ ਬਠਿੰਡਾ ਦੇ ਵੱਖ-ਵੱਖ ਖੇਤਰਾਂ ਵਿੱਚ ਜਾ ਕੇ ਵੋਟਰਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਅਤੇ ਵੋਟਰ ਸੂਚੀ ਨਾਲ ਸਬੰਧਤ ਪ੍ਰਕਿਰਿਆ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।

# ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਤੇ ਵਿਧਾਇਕ ਦਲਬੀਰ ਸਿੰਘ ਟੌਂਗ ਗੁਰਦੁਆਰਾ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ ਹੋਏ ਨਤਮਸਤਕ

## ਸਰਬੱਤ ਦੇ ਭਲੇ, ਪੰਜਾਬ ਦੀ ਖੁਸ਼ਹਾਲੀ ਅਤੇ ਚੜ੍ਹਦੀ ਕਲਾ ਲਈ ਕੀਤੀ ਅਰਦਾਸ





ਬਾਬਾ ਬਕਾਲਾ ਜੰਡਿਆਲਾ ਗੁਰੂ , 29 ਅਗਸਤ ( ਕੁਲਵੰਤ ਸਿੰਘ ਵਿਰਦੀ ) : ਰੱਖੜ ਪੁੰਨਿਆ ਦੇ ਪਵਿੱਤਰ ਦਿਹਾੜੇ ਮੌਕੇ ਬਾਬਾ ਬਕਾਲਾ ਸਾਹਿਬ ਵਿਖੇ 'ਗੁਰੂ ਲਾਧੋ ਰੇ ਦਿਵਸ' ਸਬੰਧੀ ਚੱਲ ਰਹੇ ਸਾਲਾਨਾ ਧਾਰਮਿਕ ਮੇਲੇ ਦੌਰਾਨ ਪੰਜਾਬ ਦੇ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਸ. ਦਲਬੀਰ ਸਿੰਘ ਟੌਂਗ ਦੇ ਨਾਲ ਗੁਰਦੁਆਰਾ ਸ੍ਰੀ ਪਾਤਸ਼ਾਹੀ ਨੌਵੀਂ, ਬਾਬਾ ਬਕਾਲਾ ਸਾਹਿਬ ਵਿਖੇ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ।ਇਸ ਮੌਕੇ ਸ. ਹਰਭਜਨ ਸਿੰਘ ਈ.ਟੀ.ਓ. ਅਤੇ ਸ. ਦਲਬੀਰ ਸਿੰਘ ਟੌਂਗ ਨੇ ਗੁਰੂ ਘਰ ਵਿਖੇ ਮੱਥਾ ਟੇਕਦਿਆਂ ਪੰਜਾਬ ਦੀ ਖੁਸ਼ਹਾਲੀ, ਤਰੱਕੀ, ਅਮਨ-ਸ਼ਾਂਤੀ ਅਤੇ ਲੋਕਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ।ਇਸ ਮੌਕੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਗੁਰਦੁਆਰਾ ਪਾਤਸ਼ਾਹੀ ਨੌਵੀਂ, ਬਾਬਾ ਬਕਾਲਾ ਸਾਹਿਬ ਸਿੱਖ ਇਤਿਹਾਸ ਦਾ ਇੱਕ ਬਹੁਤ ਹੀ ਮਹੱਤਵਪੂਰਨ ਅਤੇ ਪਵਿੱਤਰ ਅਸਥਾਨ ਹੈ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਬਾਬਾ ਬਕਾਲਾ ਵਿਖੇ ਲੰਮਾ ਸਮਾਂ ਨਿਵਾਸ ਕਰਦਿਆਂ ਸਿਮਰਨ ਅਤੇ ਸਾਧਨਾ ਕੀਤੀ। ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੇ ਆਪਣੇ ਅੰਤਿਮ ਸਮੇਂ 'ਬਾਬਾ ਬਕਾਲਾ' ਦੇ ਸ਼ਬਦ ਉਚਾਰ ਕੇ ਆਪਣੇ ਉੱਤਰਾਧਿਕਾਰੀ ਵੱਲ ਸੰਕੇਤ ਕੀਤਾ ਸੀ। ਇਸ ਤੋਂ ਬਾਅਦ ਬਾਬਾ ਬਕਾਲਾ ਵਿਖੇ ਕਈ ਦਾਅਵੇਦਾਰ ਸਾਹਮਣੇ ਆਏ। ਇਸੇ ਦੌਰਾਨ ਭਾਈ ਮੱਖਣ ਸ਼ਾਹ ਲੁਬਾਣਾ ਜੀ ਬਾਬਾ ਬਕਾਲਾ ਪਹੁੰਚੇ। ਉਨ੍ਹਾਂ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸੱਚੇ ਗੁਰੂ ਵਜੋਂ ਪਛਾਣਨ ਦੀ ਇਤਿਹਾਸਕ ਘਟਨਾ ਨੇ ਗੁਰੂ ਸਾਹਿਬ ਦੀ ਗੁਰਗੱਦੀ ਦੀ ਪਛਾਣ ਨੂੰ ਸਪਸ਼ਟ ਕੀਤਾ। ਭਾਈ ਮੱਖਣ ਸ਼ਾਹ ਲੁਬਾਣਾ ਜੀ ਵੱਲੋਂ ਛੱਤ 'ਤੇ ਚੜ੍ਹ ਕੇ "ਗੁਰੂ ਲਾਧੋ ਰੇ" ਦਾ ਜੈਕਾਰਾ ਲਗਾਉਣਾ ਸਿੱਖ ਇਤਿਹਾਸ ਦੀ ਇੱਕ ਪ੍ਰਸਿੱਧ ਘਟਨਾ ਹੈ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਬਾਬਾ ਬਕਾਲਾ ਸਾਹਿਬ ਦੀ ਧਰਤੀ ਸਿੱਖ ਇਤਿਹਾਸ, ਗੁਰੂ ਸਾਹਿਬਾਨ ਦੀਆਂ ਯਾਦਾਂ ਅਤੇ ਮਹਾਨ ਧਾਰਮਿਕ ਪਰੰਪਰਾਵਾਂ ਨਾਲ ਜੁੜੀ ਹੋਈ ਹੈ। ਉਨ੍ਹਾਂ ਕਿਹਾ ਕਿ ਅਜਿਹੇ ਇਤਿਹਾਸਕ ਅਸਥਾਨ ਸਾਨੂੰ ਗੁਰੂ ਸਾਹਿਬਾਨ ਵੱਲੋਂ ਦਰਸਾਏ ਸੇਵਾ, ਸਿਮਰਨ, ਤਿਆਗ ਅਤੇ ਮਾਨਵਤਾ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਦੇ ਹਨ ।ਵਿਧਾਇਕ ਸ. ਦਲਬੀਰ ਸਿੰਘ ਟੌਂਗ ਨੇ ਸਮੂਹ ਸੰਗਤਾਂ ਨੂੰ ਗੁਰੂ ਲਾਧੋ ਰੇ ਦਿਵਸ ਅਤੇ ਰੱਖੜ ਪੁੰਨਿਆ ਦੀ ਵਧਾਈ ਦਿੰਦਿਆਂ ਕਿਹਾ ਕਿ ਬਾਬਾ ਬਕਾਲਾ ਸਾਹਿਬ ਵਿਖੇ ਹਰ ਸਾਲ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋਣ ਲਈ ਪਹੁੰਚਦੀਆਂ ਹਨ। ਉਨ੍ਹਾਂ ਕਿਹਾ ਕਿ ਇਹ ਪਵਿੱਤਰ ਅਸਥਾਨ ਸਿੱਖ ਸੰਗਤ ਲਈ ਆਸਥਾ ਅਤੇ ਇਤਿਹਾਸ ਦਾ ਮਹਾਨ ਕੇਂਦਰ ਹੈ ਉਨ੍ਹਾਂ ਸੰਗਤਾਂ ਨੂੰ ਗੁਰੂ ਸਾਹਿਬਾਨ ਵੱਲੋਂ ਦਰਸਾਏ ਸਰਬੱਤ ਦੇ ਭਲੇ, ਆਪਸੀ ਭਾਈਚਾਰੇ ਅਤੇ ਮਨੁੱਖਤਾ ਦੀ ਸੇਵਾ ਦੇ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ।

## ਸਾਂਝਾ ਮੁਲਾਜਮ ਅਤੇ ਪੈਨਸ਼ਨਰ ਤਾਲਮੇਲ ਫਰੰਟ ਨੇ ਮੁੱਖ ਮੰਤਰੀ ਦਾ ਪੁਤਲਾ ਫੂਕਿਆ

**ਹੁਸ਼ਿਆਰਪੁਰ, 29 ਅਗਸਤ (ਆਵਾਜ਼ਿ ਕੌਮ ਬਿਊਰੋ)**-ਅੱਜ ਸਥਾਨਕ ਤਹਿਸੀਲ ਕੰਪਲੈਕਸ ਮੂਹਰੇ ਸਾਂਝਾ ਮੁਲਾਜਮ ਅਤੇ ਪੈਨਸ਼ਨਰ ਤਾਲਮੇਲ ਫਰੰਟ ਨੇ ਮੀਟਿੰਗ ਦਾ ਸਮਾਂ ਦੇ ਕੇ ਮੀਟਿੰਗ ਨਾ ਕਰਨ ਦੇ ਵਿਰੋਧ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੀ ਅਰਥੀ ਫੂਕ ਰੋਸ ਪ੍ਰਗਟਾਇਆ ! ਪਸਸਫ਼ ਪ੍ਰਧਾਨ ਰਾਜੀਵ ਸ਼ਰਮਾ ਦੀ ਪ੍ਰਧਾਨਗੀ ਹੇਠ ਮੁਲਾਜਮਾਂ ਅਤੇ ਪੈਨਸ਼ਨਰਾਂ ਨੇ ਪੰਜਾਬ ਸਰਕਾਰ ਖਿਲਾਫ਼ ਨਾਅਰੇਬਾਜੀ ਕੀਤੀ। ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ, ਪੰਜਾਬ ਦੇ ਸੂਬਾ ਕਨਵੀਨਰ ਜਸਵੀਰ ਤਲਵਾੜਾ ਨੇ ਕਿਹਾ ਕਿ ਸਾਂਝਾ ਫਰੰਟ ਲੰਮੇ ਸਮੇਂ ਤੋਂ ਮੁਲਾਜਮ ਅਤੇ ਪੈਨਸ਼ਨਰ ਮੰਗਾਂ ਲਈ ਸੰਘਰਸ਼ ਕਰ ਰਿਹਾ ਹੈ। ਲੰਘੀ 7 ਤਾਰੀਕ ਨੂੰ ਮੁਲਾਜਮਾਂ ਅਤੇ ਪੈਨਸ਼ਨਰਾਂ ਨੇ ਚੰਡੀਗੜ੍ਹ ਵਿੱਚ ਲਾ ਮਿਸਾਲ ਸੂਬਾਈ ਰੋਸ ਰੈਲੀ ਕੀਤੀ ਸੀ, ਜਿਸ ਮਗਰੋਂ ਸਾਂਝੇ ਫਰੰਟ ਦੀ 27 ਤਾਰੀਕ ਨੂੰ ਮੁੱਖ ਮੰਤਰੀ ਭਗਵੰਤ ਮਾਨ ਨਾਲ ਚੰਡੀਗੜ੍ਹ ਵਿਖੇ ਮੀਟਿੰਗ ਤੈਅ ਹੋਈ ਸੀ। ਤੈਅ ਮੀਟਿੰਗ ਤੋਂ ਇੱਕ ਦਿਨ ਪਹਿਲਾਂ ਮੀਟਿੰਗ ਦੀ ਥਾਂ ਚੰਡੀਗੜ੍ਹ ਤੋਂ ਜਲੰਧਰ ਬਦਲ ਦਿੱਤੀ ਗਈ, ਜਦੋਂ ਸੂਬਾ ਲੀਡਰਸ਼ਿਪ ਮੀਟਿੰਗ ਲਈ ਜਲੰਧਰ ਪਹੁੰਚੀ ਤਾਂ ਮੁੱਖ ਮੰਤਰੀ ਮੀਟਿੰਗ ਤੋਂ ਇੱਕ ਘੰਟਾ ਪਹਿਲਾਂ ਸੋਸ਼ਲ ਮੀਡੀਆ ਖਾਤਾ ਐਕਸ ਉੱਤੇ ਹੜਤਾਲ ਅਤੇ ਗੱਲਬਾਤ ਨਾਲ ਨਾਲ ਨਹੀਂ ਚੱਲ ਸਕਦੀ ਲਿੱਖ ਮੀਟਿੰਗ ਕਰਨ ਤੋਂ ਭੱਜ ਗਏ। ਜਦ ਕਿ ਮੁਲਾਜਮਾਂ ਅਤੇ ਪੈਨਸ਼ਨਰਾਂ ਨੇ ਇੱਕ ਮਹੀਨਾ ਪਹਿਲਾਂ ਹੀ 27 ਦੀ ਮਹਾਂ ਹੜਤਾਲ ਦਾ ਐਲਾਨ ਕੀਤਾ ਹੋਇਆ ਸੀ ।ਪੈਨਸ਼ਨਰ ਆਗੂ ਸ਼ਿਵ ਕੁਮਾਰ ਅਮਰੋਹੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ 2022 ਚ ਕੀਤੇ ਚੋਣ ਵਾਅਦਿਆਂ ਤੋਂ ਮੁਨਕਰ ਹੋ ਗੁੰਮਰਾਹ ਕੁਨ ਬਿਆਨ ਬਾਜੀ ਕਰ ਰਹੇ ਹਨ। ਮੁਲਾਜਮ ਅਤੇ ਪੈਨਸ਼ਨਰ ਮੰਗਾਂ ਨੂੰ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ। ਸਾਂਝਾ ਫਰੰਟ ਹਰ ਤਰ੍ਹਾਂ ਦੇ ਕੱਚੇ ਮੁਲਾਜਮਾਂ ਨੂੰ ਪੱਕੇ, ਮਾਣ ਭੱਤੇ ਉੱਤੇ ਕੰਮ ਕਰਦੇ ਕਰਮਚਾਰੀਆਂ ਨੂੰ ਘਟੋ ਘੱਟ ਉਜਰਤ ਦੇ ਘੇਰੇ ਵਿੱਚ ਲਿਆਉਣ, ਪੁਰਾਣੀ ਪੈਨਸ਼ਨ ਬਹਾਲ ਕਰਨ, ਹਾਈਕੋਰਟ ਦੇ ਫੈਸਲੇ ਮੁਤਾਬਕ 18 ਫੀਸਦੀ ਡੀਏ ਜਾਰੀ ਕਰਨ, ਖਾਲੀ ਅਸਾਮੀਆਂ ਉੱਤੇ ਪੂਰੇ ਸਕੇਲਾਂ ਤੇ ਰੈਗੂਲਰ ਭਰਤੀ, ਸਰਕਾਰੀ ਅਦਾਰਿਆਂ ਦਾ ਨਿੱਜੀਕਰਨ ਬੰਦ ਕਰਨ, ਪੈਨਸ਼ਨਰਾਂ ਨੂੰ 2.59 ਦਾ ਗੁਣਾਕ ਦੇਣ ਆਦਿ ਲਈ ਲਗਾਤਾਰ ਸੰਘਰਸ਼ ਕਰ ਰਿਹਾ ਹੈ, ਪਰ ਮੁੱਖ ਮੰਤਰੀ ਮੁਲਾਜਮ ਆਗੂਆਂ ਨੂੰ ਮੀਟਿੰਗ ਦਾ ਸਮਾਂ ਦੇ ਕੇ ਅਕਸਰ ਐਨ ਮੌਕੇ ਤੇ ਮੀਟਿੰਗ ਕਰਨ ਤੋਂ ਟਾਲਾ ਵੱਟ ਜਾਂਦੇ ਹਨ। ਸਰਕਾਰ ਦੇ ਗ਼ੈਰ ਸੰਜੀਦਾ ਵਤੀਰੇ ਪ੍ਰਤੀ ਸੂਬੇ ਦੇ ਮੁਲਾਜਮਾਂ ਅਤੇ ਪੈਂਸ਼ਨਸ਼ਰਾਂ ਵਿੱਚ ਜਬਰਦਸਤ ਵਿਰੋਧ ਅਤੇ ਰੋਸ ਹੈ। ਉਪਰੰਤ ਮੁਲਾਜਮਾਂ ਅਤੇ ਪੈਨਸ਼ਨਰਾਂ ਨੇ ਮੁੱਖ ਮੰਤਰੀ ਦਾ ਪੁੱਤਲਾ ਫੂਕ ਨਾਅਰੇਬਾਜੀ ਕੀਤੀ।

ਬੰਦੀ ਸਿੰਘਾਂ ਦੀ ਰਿਹਾਈ ਲਈ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ

# ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ, ਵੱਡੀ ਗਿਣਤੀ 'ਚ ਸੰਗਤ ਨੇ ਕੀਤੀ ਸ਼ਮੂਲੀਅਤ





ਤਲਵੰਡੀ ਸਾਬੋ, 29 ਅਗਸਤ (ਗੁਰਜੰਟ ਸਿੰਘ ਨਥੇਹਾ)– ਬੰਦੀ ਸਿੰਘਾਂ ਦੀ ਰਿਹਾਈ ਅਤੇ ਚੜ੍ਹਦੀਕਲਾ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਕੀਤੇ ਗਏ ਆਦੇਸ਼ਾਂ ਅਨੁਸਾਰ ਅੱਜ ਸਮੁੱਚੇ ਪੰਥ ਵੱਲੋਂ ਵੱਖ–ਵੱਖ ਗੁਰਦੁਆਰਾ ਸਾਹਿਬਾਨ ਵਿਖੇ ਅਰਦਾਸ ਸਮਾਗਮ ਕਰਵਾਏ ਗਏ। ਇਸੇ ਤਹਿਤ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਵੀ ਵਿਸ਼ੇਸ਼ ਅਰਦਾਸ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ 'ਚ ਸੰਗਤ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਤਖ਼ਤ ਸ੍ਰੀ ਦਮਦਮਾ ਸਾਹਿਬ ਨਾਲ ਸਬੰਧਤ ਇਤਿਹਾਸਕ ਅਸਥਾਨ ਗੁਰਦੁਆਰਾ ਮਾਤਾ ਸਾਹਿਬ ਕੌਰ ਅਤੇ ਗੁਰਦੁਆਰਾ ਮਾਤਾ ਸੁੰਦਰ ਕੌਰ ਵਿਖੇ ਪਿਛਲੇ ਤਿੰਨ ਦਿਨਾਂ ਤੋਂ ਚੱਲ ਰਹੇ ਸਮਾਗਮਾਂ ਦੀ ਸਮਾਪਤੀ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਉਪਰੰਤ ਗਿਆਨੀ ਜਗਤਾਰ ਸਿੰਘ, ਮੁੱਖ ਗ੍ਰੰਥੀ ਤਖ਼ਤ ਸ੍ਰੀ ਦਮਦਮਾ ਸਾਹਿਬ ਵੱਲੋਂ ਅਰਦਾਸ ਬੇਨਤੀ ਕੀਤੀ ਗਈ। ਗਿਆਨੀ ਆਲਮ ਸਿੰਘ ਕਥਾਵਾਚਕ ਵੱਲੋਂ ਪਾਵਨ ਹੁਕਮਨਾਮਾ ਸਰਵਣ ਕਰਵਾਇਆ ਗਿਆ, ਜਦਕਿ ਗਿਆਨੀ ਗੁਰਜੰਟ ਸਿੰਘ ਵਧੀਕ ਗ੍ਰੰਥੀ ਵੱਲੋਂ ਸੰਗਤ ਨੂੰ ਬੰਦੀ ਸਿੰਘਾਂ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਅੰਦਰ ਦੋ ਤਰ੍ਹਾਂ ਦੇ ਕਾਨੂੰਨ ਚੱਲਦੇ ਹੋਏ ਮਹਿਸੂਸ ਹੁੰਦੇ ਹਨ। ਉਨ੍ਹਾਂ ਕਿਹਾ ਕਿ ਇੱਕ ਪਾਸੇ ਸੰਗੀਨ ਅਪਰਾਧਾਂ ਵਿੱਚ ਸਜ਼ਾਵਾਂ ਭੁਗਤ ਰਹੇ ਕਈ ਵਿਅਕਤੀਆਂ ਨੂੰ ਕਾਨੂੰਨੀ ਪ੍ਰਕਿਰਿਆ ਤਹਿਤ ਜਲਦੀ ਰਾਹਤ ਮਿਲ ਜਾਂਦੀ ਹੈ, ਜਦਕਿ ਦੂਜੇ ਪਾਸੇ ਜਿਨ੍ਹਾਂ ਸਿੱਖਾਂ ਨੇ ਅਨਿਆਂ ਵਿਰੁੱਧ ਆਵਾਜ਼ ਬੁਲੰਦ ਕੀਤੀ ਅਤੇ ਧਰਮ ਦੇ ਕਾਰਜ ਕੀਤੇ, ਉਨ੍ਹਾਂ ਨੂੰ ਸਜ਼ਾਵਾਂ ਪੂਰੀਆਂ ਹੋਣ ਦੇ ਬਾਵਜੂਦ ਵੀ ਰਿਹਾਅ ਨਹੀਂ ਕੀਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਨਾਲ ਲੰਬੇ ਸਮੇਂ ਤੋਂ ਹੋ ਰਹੇ ਇਸ ਵਿਵਹਾਰ ਕਾਰਨ ਸਿੱਖ ਭਾਈਚਾਰੇ ਵਿੱਚ ਰੋਸ ਹੈ। ਸਰਕਾਰਾਂ ਨੂੰ ਇਸ ਮਾਮਲੇ 'ਤੇ ਗੰਭੀਰਤਾ ਨਾਲ ਵਿਚਾਰ ਕਰਕੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਲਈ ਬਣਦੀ ਕਾਰਵਾਈ ਕਰਨੀ ਚਾਹੀਦੀ ਹੈ। ਉਨ੍ਹਾਂ ਸਮੁੱਚੇ ਪੰਥ ਨੂੰ ਬੰਦੀ ਸਿੰਘਾਂ ਦੀ ਰਿਹਾਈ ਲਈ ਇੱਕਜੁੱਟ ਹੋ ਕੇ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਮੈਨੇਜਰ ਸ. ਨਰਿੰਦਰਜੀਤ ਸਿੰਘ ਭਵਾਨੀਗੜ੍ਹ, ਸ. ਮਨਦੀਪ ਸਿੰਘ, ਸ. ਗੁਰਸੇਵਕ ਸਿੰਘ ਕਿੰਗਰਾ, ਸ. ਗੁਰਦੇਵ ਸਿੰਘ ਅਤੇ ਸ. ਅਜੈਬ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।

**ਬੰਦੀ ਸਿੰਘਾਂ ਲਈ ਇੱਕਜੁੱਟ ਹੋ ਕੇ ਸੰਘਰਸ਼ ਕਰੇ ਸਮੁੱਚਾ ਪੰਥ- ਸਿੰਘ ਸਾਹਿਬ ਗਿਆਨੀ ਟੇਕ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV

ਮਿਸ਼ਨ ਕਲੀਨ ਪੰਜਾਬ' 29 ਅਗਸਤ ਤੋਂ 7 ਸਤੰਬਰ ਤੱਕ 10 ਦਿਨਾਂ ਦੀ ਵਿਸ਼ੇਸ਼ ਸਫਾਈ ਮੁਹਿੰਮ ਦੀ ਸ਼ੁਰੂਆਤ

# ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ ਕੀਤੀ ਗਈ



ਜੰਡਿਆਲਾ ਗੁਰੂ 29 ਅਗਸਤ ( ਕੁਲਵੰਤ ਸਿੰਘ ਵਿਰਦੀ ) ਪੰਜਾਬ ਸਰਕਾਰ ਵੱਲੋਂ 'ਮਿਸ਼ਨ ਕਲੀਨ ਪੰਜਾਬ' ਦੇ ਪੜਾਅ ਤਹਿਤ 29 ਅਗਸਤ ਤੋਂ 7 ਸਤੰਬਰ 2026 ਤੱਕ 10 ਦਿਨਾਂ ਦੀ ਵਿਸ਼ੇਸ਼ ਸਫਾਈ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਲੜੀ ਤਹਿਤ ਅੱਜ ਜੰਡਿਆਲਾ ਗੁਰੂ ਵਿਖੇ ਕੈਬਨਟ ਮੰਤਰੀ ਹਰਭਜਨ ਸਿੰਘ ਈਟੀਓ ਦੀ ਅਗਵਾਈ ਹੇਠ ਸੀਨੀਅਰ ਅਧਿਕਾਰੀਆਂ, ਨਗਰ ਕੌਂਸਲ ਟੀਮ ਅਤੇ ਕਰਮਚਾਰੀਆਂ ਵੱਲੋਂ ਗਲੀਆਂ–ਬਾਜ਼ਾਰਾਂ 'ਚ ਖੁਦ ਝਾੜੂ ਲਗਾਕੇ ਸਫਾਈ ਕੀਤੀ ਗਈ। ਮੰਤਰੀ ਹਰਭਜਨ ਸਿੰਘ ਈਟੀਓ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਹੁਕਮਾਂ ਤਹਿਤ ਸਵੇਰੇ 7 ਤੋਂ 8 ਵਜੇ ਤੱਕ ਸਾਰੇ $3 ਅਤੇ 5® ਰੋਜ਼ਾਨਾ ਫੀਲਡ 'ਚ ਨਿਰੀਖਣ ਕਰਨਗੇ। ਉਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇ ਕਿਤੇ ਕੂੜੇ ਦਾ ਢੇਰ ਦਿਖੇ ਤਾਂ M-Seva ਐਪ 'ਤੇ ਫੋਟੋ ਅਪਲੋਡ ਕਰੋ, 10 ਦਿਨਾਂ ਦੇ ਅੰਦਰ–ਅੰਦਰ ਉਸ ਥਾਂ ਦੀ ਪੂਰੀ ਸਫਾਈ ਯਕੀਨੀ ਬਣਾਈ ਜਾਵੇਗੀ।ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਪੰਜਾਬ ਸਾਡੇ ਗੁਰੂਆਂ ਪੀਰਾਂ ਦੀ ਪਵਿੱਤਰ ਧਰਤੀ ਹੈ, ਇਸਨੂੰ ਸਾਫ਼–ਸੁਥਰਾ ਰੱਖਣਾ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ। ਇਹ ਸਿਰਫ਼ ਸਰਕਾਰ ਦੀ ਨਹੀਂ, ਲੋਕਾਂ ਦੀ ਵੀ ਮੁਹਿੰਮ ਹੈ। ਉਨਾਂ ਸਮੂਹ ਦੁਕਾਨਦਾਰਾਂ ਅਤੇ ਘਰ ਵਾਲਿਆਂ ਨੂੰ ਅਪੀਲ ਕੀਤੀ ਕਿ ਕੂੜਾ ਕਰਕਟ ਸਹੀ ਜਗ੍ਹਾ ਤੇ ਸੁੱਟਿਆ ਜਾਵੇ ਤਾਂ ਜੋ ਸਫਾਈ ਕਰਮਚਾਰੀ ਉਸ ਨੂੰ ਕੂੜੇ ਵਾਲੀ ਜਗ੍ਹਾ ਤੋਂ ਚੁੱਕ ਸਕਣ । ਇਸ ਮੌਕੇ ਉਨਾਂ ਨਾਲ ਨਗਰ ਕੌਂਸਲ ਦੇ ਪ੍ਰਧਾਨ ਸਤਿੰਦਰ ਸਿੰਘ, ਮੀਤ ਪ੍ਰਧਾਨ ਅਮਨਦੀਪ ਸਿੰਘ ਵਿਰਕ, ਸਾਬਕਾ ਪ੍ਰਧਾਨ ਅਤੇ ਮੌਜੂਦਾ ਕੌਂਸਲਰ ਰਾਜਕੁਮਾਰ ਮਲਹੋਤਰਾ, ਅਵਤਾਰ ਸਿੰਘ ਕੌਂਸਲਰ, ਵਿਜੇ ਕੁਮਾਰ ਮੱਟੀ, ਇੰਸਪੈਕਟਰ ਬਲਵਿੰਦਰ ਸਿੰਘ, ਸੋਨੂੰ ਮੱਟੂ, ਪ੍ਰਭਜੋਤ ਸਿੰਘ ਵਿਰਕ , ਜੈ ਸ਼ਰਮਾ, ਵੀਪਨਦੀਪ ਸਿੰਘ ਤੋਂ ਇਲਾਵਾ ਸਫਾਈ ਕਰਮਚਾਰੀ ਮੌਜੂਦ ਸਨ ।

**ਪੰਜਾਬ ਗੁਰੂਆਂ ਪੀਰਾਂ ਦੀ ਪਵਿੱਤਰ ਧਰਤੀ ਹੈ, ਇਸਨੂੰ ਸਾਫ਼-ਸੁਥਰਾ ਰੱਖਣਾ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ ਸ੍ਰ ਈ.ਟੀ.ਓ.**

# ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਵਿੱਚ ਉਤਸ਼ਾਹ ਨਾਲ ਮਨਾਇਆ ਰੱਖੜੀ ਦਾ ਤਿਉਹਾਰ



ਫ਼ਿਰੋਜ਼ਪੁਰ, 29 ਅਗਸਤ (ਮਨੋਹਰ ਲਾਲ) :— ਮੋਗਾ ਰੋਡ ਸਥਿਤ ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਵਿੱਚ ਰੱਖੜੀ ਦਾ ਪਵਿੱਤਰ ਤਿਉਹਾਰ ਬੜੇ ਹਰਸ਼ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸਕੂਲ ਦੇ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਮਹਾਂਸਚਿਵ ਸ਼ਿਵਮ ਸ਼ਰਮਾ ਦੀ ਦੇਖ—ਰੇਖ ਹੇਠ ਕਰਵਾਏ ਗਏ ਇਸ ਸਮਾਗਮ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਭੈਣ—ਭਰਾ ਦੇ ਪਿਆਰ, ਸਨੇਹ ਅਤੇ ਵਿਸ਼ਵਾਸ ਦੇ ਖ਼ੂਬਸੂਰਤ ਰਿਸ਼ਤੇ ਨੂੰ ਸਮਰਪਿਤ ਇਸ ਤਿਉਹਾਰ ਮੌਕੇ ਸਕੂਲ ਵਿੱਚ ਵਿਸ਼ੇਸ਼ ਕਰਾਫਟ ਗਤੀਵਿਧੀ ਕਰਵਾਈ ਗਈ। ਵਿਦਿਆਰਥਣਾਂ ਨੇ ਆਪਣੇ ਭਰਾਵਾਂ ਲਈ ਸੁੰਦਰ ਅਤੇ ਰੰਗ—ਬਿਰੰਗੀਆਂ ਰੱਖੜੀਆਂ ਤਿਆਰ ਕੀਤੀਆਂ, ਜਦਕਿ ਵਿਦਿਆਰਥੀਆਂ ਨੇ ਆਪਣੀਆਂ ਭੈਣਾਂ ਲਈ ਆਕਰਸ਼ਕ ਅਤੇ ਭਾਵਪੂਰਣ ਕਾਰਡ ਬਣਾਏ। ਵਿਦਿਆਰਥੀਆਂ ਨੇ ਆਪਣੀ ਰਚਨਾਤਮਕਤਾ ਅਤੇ ਕਲਪਨਾਸ਼ਕਤੀ ਦਾ ਪ੍ਰਦਰਸ਼ਨ ਕਰਦਿਆਂ ਧਾਗਿਆਂ, ਮੋਤੀਆਂ, ਚਮਕਦਾਰ ਰੰਗਾਂ ਅਤੇ ਸੁੰਦਰ ਸੰਦੇਸ਼ਾਂ ਨਾਲ ਸਜੀਆਂ ਮਨਮੋਹਕ ਰੱਖੜੀਆਂ ਅਤੇ ਕਾਰਡ ਤਿਆਰ ਕੀਤੇ। ਇਸ ਮੌਕੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਨੇ ਕਿਹਾ ਕਿ ਰੱਖੜੀ ਸਿਰਫ਼ ਭੈਣ—ਭਰਾ ਦੇ ਰਿਸ਼ਤੇ ਦਾ ਤਿਉਹਾਰ ਹੀ ਨਹੀਂ, ਸਗੋਂ ਆਪਸੀ ਪਿਆਰ, ਸਤਿਕਾਰ, ਵਿਸ਼ਵਾਸ ਅਤੇ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਨ ਦਾ ਮੌਕਾ ਵੀ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਰਾਹੀਂ ਬੱਚਿਆਂ ਨੂੰ ਭਾਰਤੀ ਸੱਭਿਆਚਾਰ ਅਤੇ ਤਿਉਹਾਰਾਂ ਦੀ ਮਹੱਤਤਾ ਨਾਲ ਜੋੜਨ ਦੇ ਨਾਲ—ਨਾਲ ਉਨ੍ਹਾਂ ਦੀ ਰਚਨਾਤਮਕ ਪ੍ਰਤਿਭਾ ਨੂੰ ਵੀ ਨਿਖਾਰਨ ਦਾ ਯਤਨ ਕੀਤਾ ਜਾਂਦਾ ਹੈ। ਉਨ੍ਹਾਂ ਵਿਦਿਆਰਥੀਆਂ ਵੱਲੋਂ ਤਿਆਰ ਕੀਤੀਆਂ ਸੁੰਦਰ ਰੱਖੜੀਆਂ ਅਤੇ ਕਾਰਡਾਂ ਦੀ ਸ਼ਲਾਘਾ ਕਰਦਿਆਂ ਸਾਰਿਆਂ ਨੂੰ ਰੱਖੜੀ ਦੇ ਤਿਉਹਾਰ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਮਰਿਆਦਾ ਦੇ ਉਲਟ ਘਰ ਵਿਚ ਲੱਗ ਰਹੀ ਚੌਂਕੀ ਵਿਰੁੱਧ ਡਟੀਆਂ ਸਿੱਖ ਜਥੇਬੰਦੀਆਂ



ਫ਼ਿਰੋਜ਼ਪੁਰ, 29 ਅਗਸਤ (ਮਨੋਹਰ ਲਾਲ) :— ਗੁਰਮਰਿਆਦਾ ਦੇ ਉਲਟ ਘਰ ਵਿਚ ਚੌਂਕੀ ਲਾਉਣ ਵਾਲਿਆਂ ਨੂੰ ਅਜਿਹਾ ਕਰਨ ਤੋਂ ਰੋਕਣ ਅਤੇ ਵਾਰ—ਵਾਰ ਰੋਕਣ ਦੇ ਬਾਵਜੂਦ ਅਜਿਹਾ ਕਾਰਜ ਕਰਨ ਦੇ ਚਲਦਿਆਂ ਸਖਤ ਕਾਨੂੰਨੀ ਕਾਰਵਾਈ ਦੀ ਮੰਗ ਕਰਦਿਆਂ ਫ਼ਿਰੋਜ਼ਪੁਰ ਦੀਆਂ ਸਿੱਖ ਜਥੇਬੰਦੀਆਂ ਨੇ ਇਕ ਲਿਖਤੀ ਪੱਤਰ ਸਿੰਘ ਸਾਹਿਬ ਸ੍ਰੀ ਅਕਾਲ ਤਖਤ ਸਾਹਿਬ ਸਮੇਤ ਐਸ.ਐਸ.ਪੀ ਫ਼ਿਰੋਜ਼ਪੁਰ ਦੇ ਪੁਲਿਸ ਥਾਣਾ ਸਦਰ ਨੂੰ ਭੇਜਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸਿੱਖ ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਅਸੀਂ ਸਮੂਹ ਸਿੱਖ ਜਥੇਬੰਦੀਆਂ ਜਿਸ ਵਿਚ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਪੰਜਾਬ, ਇੰਟਰਨੈਸ਼ਨਲ ਪੰਥਕ ਦਲ, ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ, ਏਕਨੂਰ ਖਾਲਸਾ ਫੌਜ, ਕਲਗੀਧਰ ਅੰਮ੍ਰਿਤ ਸੰਚਾਰ ਜਥਾ ਇਹ ਬੇਨਤੀ ਕਰਦੇ ਹਾਂ ਕਿ ਪਿੰਡ ਬਹਾਦਰ ਵਾਲਾ ਦੇ ਰੋਡ ਉਪਰ ਗੁਰਮੀਤ ਕੌਰ ਪਤਨੀ ਬੂਟਾ ਸਿੰਘ ਵੱਲੋਂ ਆਪਣੇ ਘਰ ਿਵਿਚ ਵਡਭਾਗ ਸਿੰਘ ਦੀ ਗੱਦੀ ਲਗਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਤੋਂ ਸਖਤ ਮਨਾਹੀ ਹੈ ਕਿ ਜਿਸ ਘਰ ਵਿਚ ਗੱਦੀ ਲੱਗਦੀ ਹੈ ਜਾਂ ਹੋਰ ਕੋਈ ਪੂਜਾ ਹੁੰਦੀ ਹੈ, ਉਥੇ ਸਿੱਖ ਰਹਿਤ ਮਰਿਆਦਾ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ ਨਹੀਂ ਹੋ ਸਕਦਾ। ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਸਾਨੂੰ ਪਤਾ ਲੱਗਾ ਹੈ ਕਿ ਗੁਰਮੀਤ ਕੌਰ ਆਪਣੇ ਘਰ ਵਿਚ ਪਾਠਾਂ ਦੀ ਲੜੀ ਚਲਾ ਰਹੀ ਹੈ, ਜਿਸ ਦਾ ਉਨ੍ਹਾਂ ਵੱਲੋਂ ਸਖਤ ਵਿਰੋਧ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੁਲਿਸ ਅਧਿਕਾਰੀਆਂ ਨੂੰ ਭੇਜੇ ਪੱਤਰ ਵਿਚ ਮੰਗ ਕੀਤੀ ਗਈ ਕਿ ਇਸ ਨੂੰ ਤੁਰੰਤ ਰੋਕਿਆ ਜਾਵੇ ਅਤੇ ਜੇਕਰ ਫਿਰ ਵੀ ਗੁਰਮੀਤ ਕੌਰ ਆਪਣੇ ਘਰ ਵਿਚ ਪਾਠ ਕਰਵਾਉਂਦੀ ਹੈ ਤਾਂ ਇਸ ਦੇ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ।

ਇਸ ਮੌਕੇ ਲਖਵੀਰ ਸਿੰਘ ਮਹਾਲਮ ਸਰਪ੍ਰਸਤ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਪੰਜਾਬ, ਬਾਬਾ ਸਤਨਾਮ ਸਿੰਘ ਵੱਲੀਆ ਪੰਜਾਬ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ, ਭਾਈ ਕੁਲਦੀਪ ਸਿੰਘ ਨੰਢਾ ਜ਼ਿਲ੍ਹਾ ਪ੍ਰਧਾਨ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ, ਸਵਰਨ ਸਿੰਘ ਸ਼ਹਿਰੀ ਪ੍ਰਧਾਨ ਏਕਨੂਰ ਖਾਲਸਾ ਫੌਜ, ਬਲਕਾਰ ਸਿੰਘ ਫ਼ਿਰੋਜ਼ਪੁਰ ਕਲਗੀਧਰ ਅੰਮ੍ਰਿਤ ਸੰਚਾਰ ਜਥਾ ਨੇ ਮੰਗ ਕੀਤੀ ਕਿ ਉਕਤ ਬੀਬੀ ਵੱਲੋਂ ਕੀਤੀਆਂ ਜਾ ਰਹੀਆਂ ਕਾਰਵਾਈਆਂ ਤੁਰੰਤ ਬੰਦ ਕਰਵਾਈਆਂ ਜਾਣ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪਰਮਜੀਤ ਸਿੰਘ ਵੀਰਜੀ ਦੇ ਉਪਰਾਲੇ ਸਦਕਾ ਗੁਰਬਾਣੀ ਦੇ ਪਾਠ ਤੇ ਕੀਰਤਨੀ ਧੁਨਾਂ ਨਾਲ

# ਦਿੱਲੀ ਦੀਆਂ ਸੰਗਤਾਂ ਨੇ ਕੀਤੇ ਪੰਜਾਬ ਦੇ ਪਾਵਨ ਗੁਰਧਾਮਾਂ ਦੇ ਦਰਸ਼ਨ



ਨਵੀਂ ਦਿੱਲੀ, 29 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਸੰਗਤਾਂ ਨੂੰ ਗੁਰਬਾਣੀ, ਗੁਰ-ਇਤਿਹਾਸ ਅਤੇ ਸਿੱਖ ਵਿਰਸੇ ਨਾਲ ਜੋੜਨ ਦੇ ਉਦੇਸ਼ ਨਾਲ ਸੰਗਤਾਂ ਦੇ ਹਰਮਨ ਪਿਆਰੇ ਸਰਦਾਰ ਪਰਮਜੀਤ ਸਿੰਘ ਵੀਰਜੀ, ਮੁਖੀ ਗੁਰਬਾਣੀ ਰਿਸਰਚ ਫਾਊਂਡੇਸ਼ਨ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਬੁਲਾਰੇ ਵੱਲੋਂ 24 ਅਗਸਤ ਨੂੰ ਦਿੱਲੀ ਦੇ ਜੀ ਬਲਾਕ ਹਰੀ ਨਗਰ, ਸ਼ਿਵ ਨਗਰ ਅਤੇ ਵੀਰੇਂਦਰ ਨਗਰ ਦੀਆਂ ਸੰਗਤਾਂ ਲਈ ਦੋ ਏ.ਸੀ. ਬੱਸਾਂ ਰਾਹੀਂ ਨਿਸ਼ਕਾਮ ਧਾਰਮਿਕ ਯਾਤਰਾ ਦਾ ਪ੍ਰਬੰਧ ਕੀਤਾ ਗਿਆ। ਇਸ ਦੌਰਾਨ ਸੰਗਤਾਂ ਨੇ ਸ੍ਰੀ ਦਰਬਾਰ ਸਾਹਿਬ, ਗੁਰਦੁਆਰਾ ਟਾਹਲਾ ਸਾਹਿਬ, ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ, ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ, ਗੁਰਦੁਆਰਾ ਗੋਇੰਦਵਾਲ ਸਾਹਿਬ, ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਖਡੂਰ ਸਾਹਿਬ, ਗੁਰਦੁਆਰਾ ਸ੍ਰੀ ਬਾਬਾ ਬਕਾਲਾ ਸਾਹਿਬ, ਗੁਰਦੁਆਰਾ ਰੇਰੂ ਸਾਹਿਬ, ਗੁਰਦੁਆਰਾ ਸ੍ਰੀ ਦੁਖਨਿਵਾਰਨ ਸਾਹਿਬ ਪਟਿਆਲਾ ਸਮੇਤ ਹੋਰ ਪਾਵਨ ਗੁਰਧਾਮਾਂ ਦੇ ਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਕੀਤਾ। ਦੋਵੇਂ ਬੱਸਾਂ ਅੰਦਰ ਪੂਰੇ ਸਫ਼ਰ ਦੌਰਾਨ ਗੁਰਬਾਣੀ ਦੇ ਪਾਠ ਅਤੇ ਕੀਰਤਨੀ ਧੁਨਾਂ ਚਲਦੀਆਂ ਰਹੀਆਂ, ਜਿਸ ਨਾਲ ਯਾਤਰਾ ਦੌਰਾਨ ਗੁਰਮਈ ਮਾਹੌਲ ਬਣਿਆ ਰਿਹਾ। ਹਰ ਗੁਰਦੁਆਰਾ ਸਾਹਿਬ ਪਹੁੰਚਣ ਤੋਂ ਪਹਿਲਾਂ ਸਰਦਾਰ ਪਰਮਜੀਤ ਸਿੰਘ ਵੀਰਜੀ ਵੱਲੋਂ ਸੰਗਤਾਂ ਨੂੰ ਸਬੰਧਤ ਪਾਵਨ ਅਸਥਾਨ ਦੇ ਇਤਿਹਾਸ ਅਤੇ ਧਾਰਮਿਕ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਜਾਂਦੀ ਰਹੀ। ਇਸ ਦੇ ਨਾਲ ਹੀ ਉਨ੍ਹਾਂ ਵੱਲੋਂ ਸੰਗਤਾਂ ਨੂੰ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕਰਕੇ ਗੁਰੂ ਵਾਲੇ ਬਣਨ ਲਈ ਪ੍ਰੇਰਿਤ ਕੀਤਾ ਗਿਆ। ਯਾਤਰਾ ਦੌਰਾਨ ਸੰਗਤਾਂ ਦੀ ਸਹੂਲਤ ਅਤੇ ਸੇਵਾ ਦਾ ਵਿਸ਼ੇਸ਼ ਧਿਆਨ ਰੱਖਦਿਆਂ ਰਹਿਣ-ਸਹਿਣ ਅਤੇ ਖਾਣ-ਪੀਣ ਦੇ ਸੁਚੱਜੇ ਪ੍ਰਬੰਧ ਕੀਤੇ ਗਏ। ਸੰਗਤਾਂ ਦੇ ਠਹਿਰਾਅ ਲਈ ਬਾਬਾ ਕੁੰਦਨ ਸਿੰਘ ਨਿਵਾਸ ਵਿਖੇ ਏ.ਸੀ. ਕਮਰਿਆਂ ਦੀ ਵਿਵਸਥਾ ਕੀਤੀ ਗਈ। ਯਾਤਰਾ ਦੇ ਪਹਿਲੇ ਪੜਾਅ ਵਿੱਚ ਕਰਨਾਲ ਦੇ ਝਿਲਮਿਲ ਰੈਸਟੋਰੈਂਟ ਵਿਖੇ ਨਾਸ਼ਤੇ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ, ਜਦਕਿ ਇਸ ਉਪਰੰਤ ਕਰਤਾਰਪੁਰ, ਜਲੰਧਰ ਦੇ ਨੇੜੇ ਇੱਕ ਨਾਮੀ ਹੋਟਲ ਵਿਖੇ ਦੁਪਹਿਰ ਦੇ ਭੋਜਨ ਦੀ ਵਿਵਸਥਾ ਰਹੀ। ਦੋ ਦਿਨਾਂ ਤੱਕ ਪ੍ਰਾਤਹਕਾਲ ਸੰਗਤਾਂ ਲਈ ਨਾਸ਼ਤੇ ਦਾ ਪ੍ਰਬੰਧ ਕੀਤਾ ਗਿਆ ਅਤੇ ਵਾਪਸੀ ਸਮੇਂ ਵੀ ਰਾਤ ਦੇ ਭੋਜਨ ਲਈ ਵਧੀਆ ਰੈਸਟੋਰੈਂਟ ਵਿਖੇ ਵਿਸ਼ੇਸ਼ ਪ੍ਰਬੰਧ ਕੀਤਾ ਗਿਆ, ਤਾਂ ਜੋ ਪੂਰੇ ਸਫ਼ਰ ਦੌਰਾਨ ਸੰਗਤਾਂ ਨੂੰ ਕਿਸੇ ਵੀ ਕਿਸਮ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ। ਸੰਗਤਾਂ ਵਿੱਚ ਪੂਰੇ ਸਫ਼ਰ ਦੌਰਾਨ ਬੇਹੱਦ ਸ਼ਰਧਾ, ਉਤਸ਼ਾਹ ਅਤੇ ਖ਼ੁਸ਼ੀ ਦਾ ਮਾਹੌਲ ਬਣਿਆ ਰਿਹਾ। 27 ਅਗਸਤ ਨੂੰ ਸਵੇਰੇ ਦੋਵੇਂ ਬੱਸਾਂ ਸੰਗਤਾਂ ਸਮੇਤ ਸੁਰੱਖਿਅਤ ਢੰਗ ਨਾਲ ਦਿੱਲੀ ਵਾਪਸ ਪਹੁੰਚ ਗਈਆਂ। ਸੰਗਤਾਂ ਦੇ ਹਰਮਨ ਪਿਆਰੇ ਸਰਦਾਰ ਪਰਮਜੀਤ ਸਿੰਘ ਵੀਰਜੀ ਵੱਲੋਂ ਆਪਣੇ ਇਲਾਕੇ ਵਿੱਚ ਲੰਮੇ ਸਮੇਂ ਤੋਂ ਵੱਡੇ ਪੱਧਰ 'ਤੇ ਧਰਮ ਪ੍ਰਚਾਰ ਲਹਿਰ ਚਲਾਈ ਜਾ ਰਹੀ ਹੈ ਅਤੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨ ਲਈ ਲਗਾਤਾਰ ਅਨੇਕਾਂ ਸ਼ਲਾਘਾਯੋਗ ਉਪਰਾਲੇ ਕੀਤੇ ਜਾ ਰਹੇ ਹਨ। ਯਾਤਰਾ ਦੀ ਸਮਾਪਤੀ ਮੌਕੇ ਵੀਰਜੀ ਵੱਲੋਂ ਸੰਗਤਾਂ ਨੂੰ ਯਾਦਗਾਰ ਵਜੋਂ ਇੱਕ ਡਾਇਰੀ ਵੀ ਭੇਟ ਕੀਤੀ ਗਈ, ਜਿਸ ਵਿੱਚ ਪਿਛਲੇ ਤਿੰਨ ਸਾਲਾਂ ਦੌਰਾਨ ਉਨ੍ਹਾਂ ਵੱਲੋਂ ਕੀਤੀਆਂ ਸਮਾਜਿਕ ਅਤੇ ਧਾਰਮਿਕ ਸੇਵਾਵਾਂ ਦਾ ਜ਼ਿਕਰ ਦਰਜ ਸੀ। ਸਮੂਹ ਸੰਗਤ ਵੱਲੋਂ ਇਸ ਨਿਸ਼ਕਾਮ ਯਾਤਰਾ ਦਾ ਪ੍ਰਬੰਧ ਕਰਨ, ਸੰਗਤਾਂ ਦੀ ਸੇਵਾ-ਸੰਭਾਲ ਕਰਨ ਅਤੇ ਉਨ੍ਹਾਂ ਨੂੰ ਗੁਰ-ਇਤਿਹਾਸ ਨਾਲ ਜੋੜਨ ਲਈ ਸਰਦਾਰ ਪਰਮਜੀਤ ਸਿੰਘ ਵੀਰਜੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ ਅਤੇ ਉਨ੍ਹਾਂ ਦੀ ਚੜ੍ਹਦੀਕਲਾ ਲਈ ਅਰਦਾਸ ਕੀਤੀ ਗਈ। ਇਸ ਮੌਕੇ ਇਹ ਵੀ ਦੱਸਿਆ ਗਿਆ ਕਿ ਸਰਦਾਰ ਪਰਮਜੀਤ ਸਿੰਘ ਵੀਰਜੀ ਦਾ ਅਗਲਾ ਟੀਚਾ ਸੰਗਤਾਂ ਨੂੰ ਗਵਾਲੀਅਰ ਦੇ ਇਤਿਹਾਸਕ ਕਿਲ੍ਹੇ ਸਮੇਤ ਵੱਖ-ਵੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਉਣਾ ਹੈ, ਤਾਂ ਜੋ ਸੰਗਤਾਂ ਨੂੰ ਸਿੱਖ ਇਤਿਹਾਸ, ਗੁਰਬਾਣੀ ਅਤੇ ਸਿੱਖ ਵਿਰਸੇ ਨਾਲ ਹੋਰ ਡੂੰਘਾਈ ਨਾਲ ਜੋੜਿਆ ਜਾ ਸਕੇ।

# ਸਰਕਾਰੀ ਪ੍ਰਾਇਮਰੀ ਸਕੂਲ ਕੁੰਦਨਪੁਰੀ ਵਿਖੇ ਮਨਾਇਆ ਰੱਖੜੀ ਦਾ ਤਿਉਹਾਰ



ਫ਼ਿਰੋਜ਼ਪੁਰ, 29 ਅਗਸਤ (ਮਨੋਹਰ ਲਾਲ) :— ਅੱਜ ਸਰਕਾਰੀ ਪ੍ਰਾਇਮਰੀ ਸਕੂਲ ਕੁੰਦਨਪੁਰੀ ਵਿਖੇ ਰੱਖੜੀ ਦੇ ਸ਼ੁਭ ਦਿਹਾੜੇ ਨੂੰ ਦੇਖਦੇ ਹੋਏ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਸਕੂਲ ਵਿਚ ਬੱਚਿਆਂ, ਮਾਪਿਆਂ ਅਤੇ ਅਧਿਆਪਕਾਂ ਨੇ ਰਲ ਕੇ ਬੜੀ ਸ਼ਰਧਾ ਨਾਲ ਰੱਖੜੀ ਦਾ ਤਿਉਹਾਰ ਮਨਾਇਆ। ਉਨ੍ਹਾਂ ਦੱਸਿਆ ਕਿ ਇਸ ਮੌਕੇ ਸਮਾਜ ਸੇਵਕ ਸੀਨੀਅਰ ਸਿਟੀਜਨ, ਸਮਾਜ ਸੁਧਾਰਕ, ਸੇਵਾ ਮੁਕਤ, ਮਾਸ ਮੀਡੀਆ ਅਫਸਰ ਪੀ.ਸੀ ਕੁਮਾਰ ਖਾਸ ਤੌਰ ਤੇ ਪਹੁੰਚੇ, ਜਿਨ੍ਹਾਂ ਵੱਲੋਂ ਇਸ ਦਿਨ ਦੀ ਮਹੱਤਤਾ, ਇਸ ਦੇ ਪਿਛੇ ਸਾਡੇ ਪੂਰਵਜਾਂ ਦਾ ਮਕਸਦ, ਘਰ—ਪਰਿਵਾਰ, ਸਕੂਲ, ਸਮਾਜ, ਦੇਸ਼ ਦੁਨੀਆਂ ਨੂੰ ਚੰਗੇ ਸਮਾਜ ਦੀ ਸਿਰਜਨਾ ਕਰਨ ਲਈ ਇਸ ਤਿਉਹਾਰ ਵਿਚ ਜੋ ਇਕ—ਦੂਜੇ ਲਈ ਤਿਉਹਾਰ, ਸਦ—ਭਾਵਨਾ ਤਿਉਹਾਰ ਉੱਤੇ ਦੇਸ਼ ਭਗਤੀ ਤੇ ਕੁਰਬਾਨੀ ਦਾ ਜਜਬਾ ਜੋ ਅੱਜ ਭੈਣ—ਭਰਾ ਵਿਚ ਅਲੋਪ ਹੁੰਦਾ ਜਾ ਰਿਹਾ ਹੈ। ਹੁਣ ਇਹ ਸਿਰਫ ਰਸਮ ਰਿਵਾਜ ਬਣ ਕੇ ਰਹਿ ਗਿਆ ਹੈ, ਜੋ ਸਵਰਗ ਲਈ ਜਾਣੇ ਜਾਣ, ਉਹ ਹੁਣ ਨਰਕ ਬਣਦਾ ਜਾ ਰਿਹਾ ਹੈ। ਇਸ ਮੌਕੇ ਸਾਰੇ ਅਧਿਆਪਕਾਵਾਂ ਵੱਲੋਂ ਮੁੱਖ ਮਹਿਮਾਨ ਪੀ.ਸੀ ਕੁਮਾਰ ਤੇ ਬੱਚਿਆਂ ਦੇ ਮਾਪਿਆਂ ਦਾ ਧੰਨਵਾਦ ਕੀਤਾ।

# ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾਂ ਦੇ ਬੱਚਿਆ ਨੇ ਜਿਲ੍ਹਾ ਪੱਧਰ ਤੇ ਖੋ-ਖੋ ਵਿੱਚ ਪ੍ਰਾਪਤ ਕੀਤਾ ਦੂਸਰਾ ਸਥਾਨ



**ਬਰਨਾਲਾ, 29 ਅਗਸਤ (ਵਰਿਆਮ ਹਠੂਰ)**-ਨਾਮਵਾਰ ਵਿੱਦਿਅਕ ਸੰਸਥਾ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ (ਬਰਨਾਲਾ) ਦੇ ਵਿਦਿਆਰਥੀਆਂ ਨੇ ਜਿਲਾ ਪੱਧਰੀ ਖੇਡਾਂ ਖੋ-ਖੋ ਵਿੱਚ ਦੂਸਰਾ ਸਥਾਨ ਪ੍ਰਾਪਤ ਕਰਕੇ ਆਪਣਾ ਅਤੇ ਆਪਣੇ ਮਾਪਿਆਂ ਦੇ ਨਾਲ ਨਾਲ ਸੰਸਥਾ ਦਾ ਨਾਂ ਰੌਸ਼ਨ ਕੀਤਾ। ਪ੍ਰੈੱਸ ਨਾਲ ਗੱਲਬਾਤ ਕਰਦਿਆਂ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਅਤੇ ਕੁਲਜੀਤ ਸਿੰਘ ਨੇ ਕਿਹਾ ਕਿ ਸਕੂਲ ਦੇ ਵਿਦਿਆਰਥੀਆਂ ਨੇ ਖੋ- ਖੋ ਅੰਡਰ 14 ( ਲੜਕੀਆਂ)ਨੇ ਜਿਲੇ ਚ ਦੂਸਰਾ ਸਥਾਨ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਸਕੂਲ ਦੀਆ ਚਾਰ ਵਿਦਿਆਰਥਣਾਂ ਦੀ ਚੋਣ ਸਟੇਟ ਪੱਧਰ ਤੇ ਖੋ-ਖੋ ਲਈ ਹੋਈ ਸਮੁੱਚੇ ਸਕੂਲ ਸਟਾਫ ਵੱਲੋਂ ਜੇਤੂ ਬੱਚਿਆਂ ਨੂੰ ਬਹੁਤ ਬਹੁਤ ਮੁਬਾਰਕਾਂ ਸਾਡੀ ਹਮੇਸ਼ਾ ਕੋਸ਼ਿਸ਼ ਰਹਿੰਦੀ ਹੈ ਕਿ ਬੱਚਿਆਂ ਨੂੰ ਚੰਗੀ ਵਿੱਦਿਆ ਹਾਸਿਲ ਕਰਵਾਉਣ ਦੇ ਨਾਲ ਨਾਲ ਖੇਡਾਂ ਨਾਲ ਜੋੜਿਆ ਜਾਵੇ ਤਾਂ ਜੋ ਬੱਚੇ ਖੇਡ ਮੁਕਾਬਲਿਆਂ ਵਿੱਚ ਪੁਜੀਸ਼ਨਾਂ ਹਾਸਿਲ ਕਰਕੇ ਆਪਣਾ ਅਤੇ ਆਪਣੇ ਮਾਪਿਆਂ ਦੇ ਨਾਲ ਨਾਲ ਸਕੂਲ ਦਾ ਵੀ ਨਾਮ ਰੋਸ਼ਨ ਕਰਨ, ਸਮੁੱਚੇ ਸਕੂਲ ਸਟਾਫ ਨੇ ਜੇਤੂ ਬੱਚਿਆਂ ਨੂੰ ਮੁਬਾਰਕਾਂ ਦਿੱਤੀਆਂ ਇਸ ਮੌਕੇ ਸਕੂਲ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ,ਕੁਲਜੀਤ ਸਿੰਘ ਦੀਵਾਨਾ, ਗੁਰਪ੍ਰੀਤ ਕੌਰ, ਆਸ਼ੂ ਵਰਮਾ, ਰਮਨਜੀਤ ਕੌਰ, ਪ੍ਰਦੀਪ ਕੌਰ ਅਮਨਦੀਪ ਕੌਰ, ਅਮਨਜੋਤ ਕੌਰ, ਲਛਮਣੀ, ਮਨਦੀਪ ਕੌਰ, ਸੁਖਮੀਤ ਕੌਰ, ਕਮਲਜੀਤ ਕੌਰ, ਲਵਪ੍ਰੀਤ ਕੌਰ ,ਹਰਪ੍ਰੀਤ ਕੌਰ, ਸੁਖਪ੍ਰੀਤ ਕੌਰ, ਅਮਨਦੀਪ ਕੌਰ, ਆਦਿ ਸਟਾਫ਼ ਮੈਂਬਰ ਹਾਜ਼ਰ ਸਨ।

# ਮਾਨ ਸਰਕਾਰ ਦੇ ਕੰਮਾਂ ਨੇ ਵਿਰੋਧੀਆਂ ਦੀ ਬੋਲਤੀ ਬੰਦ ਕੀਤੀ : ਬਲਜੀਤ ਸਿੰਘ ਚਾਹਲ ਉਦੋ ਨੰਗਲ



ਚੌਕ ਮਹਿਤਾ (ਬਾਬਾ ਸੁਖਵੰਤ ਸਿੰਘ ਚੰਨਣਕੇ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿਰਫ਼ ਵਾਅਦੇ ਨਹੀਂ ਕੀਤੇ, ਸਗੋਂ ਜ਼ਮੀਨੀ ਪੱਧਰ 'ਤੇ ਕੰਮ ਕਰਕੇ ਲੋਕਾਂ ਨੂੰ ਉਸ ਦਾ ਸਿੱਧਾ ਲਾਭ ਦਿੱਤਾ ਹੈ। ਵਿਕਾਸ ਕਾਰਜਾਂ ਤੋਂ ਲੈ ਕੇ ਮਾਵਾਂ-ਧੀਆਂ ਸਤਿਕਾਰ ਯੋਜਨਾ, ਰਾਸ਼ਨ ਕਿੱਟਾਂ, ਤੀਰਥ ਯਾਤਰਾ ਯੋਜਨਾ ਅਤੇ ਸਿਹਤ ਸਹੂਲਤਾਂ ਤੱਕ ਸਰਕਾਰ ਵੱਲੋਂ ਚੁੱਕੇ ਜਾ ਰਹੇ ਕਦਮਾਂਾਂ ਆਮ ਲੋਕਾਂ ਵਿੱਚ ਭਰੋਸਾ ਪੈਦਾ ਕੀਤਾ ਹੈ। ਇਹੀ ਕਾਰਨ ਹੈ ਕਿ ਅੱਜ ਪੰਜਾਬ ਦੇ ਲੋਕ ਸਰਕਾਰ ਦੇ ਕੰਮਾਂ ਨੂੰ ਆਪਣੇ ਤਜਰਬੇ ਨਾਲ ਦੇਖ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਲਜੀਤ ਸਿੰਘ ਚਾਹਲ ਉਦੋ ਨੰਗਲ ਜਨਰਲ ਸੈਕਟਰੀ ਪੰਜਾਬ ਹਲਕਾ ਜੰਡਿਆਲਾ ਗੁਰੂ ਸੀਨੀਅਰ ਆਗੂ ਨੇ ਕਿਹਾ ਕਿ ਸਰਕਾਰ ਰਹਿਨੁਮਾਈ ਹੇਠ ਵਿਕਾਸ ਕਾਰਜਾਂ ਨੇ ਨਵੀਂ ਰਫ਼ਤਾਰ ਫੜੀ ਹੈ ਅਤੇ ਲੋਕਾਂ ਨਾਲ ਸਿੱਧਾ ਰਾਬਤਾ ਲਗਾਤਾਰ ਮਜ਼ਬੂਤ ਹੋ ਰਿਹਾ ਹੈ। ਜਨਰਲ ਸੈਕਟਰੀ ਪੰਜਾਬ ਬਲਜੀਤ ਸਿੰਘ ਚਾਹਲ ਉਦੋ ਨੰਗਲ ਨੇ ਕਿਹਾ ਕਿ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਵੱਲੋਂ ਪਿੰਡ-ਪਿੰਡ ਅਤੇ ਲੋਕਾਂ ਦੇ ਵਿਚਕਾਰ ਜਾ ਕੇ ਕੀਤੀਆਂ ਜਾ ਰਹੀਆਂ ਲੋਕ ਮਿਲਣੀਆਂ ਸਿਰਫ਼ ਰਸਮੀ ਪ੍ਰੋਗਰਾਮ ਨਹੀਂ ਹਨ, ਬਲਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਮੱਕੇ 'ਤੇ ਸੁਣਨ ਅਤੇ ਉਨ੍ਹਾਂ ਦੇ ਹੱਲ ਲਈ ਯਤਨ ਕਰਨ ਦਾ ਜ਼ਰੀਆ ਹਨ। ਉਨ੍ਹਾਂ ਕਿਹਾ ਕਿ ਹਲਕਾ ਜੰਡਿਆਲਾ ਗੁਰੂ ਦੀ ਸਰਗਰਮੀ ਕਾਰਨ ਵਿਕਾਸ ਕਾਰਜਾਂ ਨੂੰ ਹੁਲਾਰਾ ਮਿਲਿਆ ਹੈ ਅਤੇ ਸਰਕਾਰੀ ਸਹੂਲਤਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਉਨ੍ਹਾਂ ਦੇ ਹੱਲ ਲਈ ਮੈਦਾਨ ਵਿੱਚ ਡਟੇ ਰਹਿਣ ਵਾਲੀ ਇਹ ਪਹੁੰਚ ਹੀ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੂੰ ਲੋਕਾਂ ਨਾਲ ਜੋੜਦੀ ਹੈ। ਉਨ੍ਹਾਂ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਪੰਜਾਬ ਦੀ ਜ਼ਿੰਮੇਵਾਰੀ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੂੰ ਸੌਂਪਣਾ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰ ਰਿਹਾ ਹੈ। ਉਨ੍ਹਾਂ ਕਿਹਾ ਕਿ ਹੁਣ ਹਲਕੇ ਵਿੱਚ ਵਿਕਾਸ ਦੇ ਮੁੱਦੇ 'ਤੇ ਸਿਆਸਤ ਕਰਨ ਦੀ ਬਜਾਏ ਕੰਮ ਕਰਕੇ ਜਵਾਬ ਦੇਣ ਦਾ ਦੌਰ ਸ਼ੁਰੂ ਹੋ ਗਿਆ ਹੈ। ਆਉਣ ਵਾਲੇ ਸਮੇਂ ਵਿੱਚ ਹਲਕਾ ਮਜੀਠਾ ਦੇ ਵਿਕਾਸ ਕਾਰਜਾਂ ਦੀ ਰਫ਼ਤਾਰ ਹੋਰ ਤੇਜ਼ ਕਰਨ ਅਤੇ ਲੋਕਾਂ ਨੂੰ ਸਰਕਾਰੀ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਦਿਵਾਉਣ ਲਈ ਯਤਨ ਜਾਰੀ ਰਹਿਣਗੇ।

# ਮਾਨ ਸਰਕਾਰ ਦੇ ਕੀਤੇ ਕੰਮਾਂ ਕਰਕੇ ਹੀ ਰਈਆ ਵਿਖੇ ਰੱਖੜ ਪੁੰਨਿਆ ਦਾ ਮੇਲਾ ਇਤਿਹਾਸਕ ਹੋ ਨਿਬੜਿਆ- ਚੇਅਰਮੈਨ ਹਰਜਿੰਦਰ ਸਿੰਘ ਜਲਾਲਉਸਮਾਂ

## ਰਈਆ ਦਾਣਾ ਮੰਡੀ ਵਿਖੇ ਆਮ ਆਦਮੀ ਪਾਰਟੀ ਦਾ ਭਾਰੀ ਇਕੱਠ ਦੇਖ ਕਿ ਵਿਰੋਧੀ ਪਾਰਟੀਆਂ ਦੇ ਹੋਸ਼ ਉਡੇ-ਜਲਾਲਉਸਮਾਂ




ਚੌਕ ਮਹਿਤਾ 29 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ) "ਸਾਚਾ ਗੁਰ ਲਾਧੋ ਰੇ" ਦਿਵਸ ਤੇ ਰੱਖੜ ਪੁੰਨਿਆਂ ਦੇ ਮੋਕੇ ਤੇ ਰਈਆ ਦਾਣਾ ਮੰਡੀ ਵਿਖੇ ਪੰਜਾਬ ਸਰਕਾਰ ਦੀ ਹੋਈ ਵੱਡੀ ਕਾਨਫਰੰਸ ਵਿੱਚ ਸੰਗਤਾਂ ਦੀ ਹਾਜ਼ਰੀ ਦੇਖਕੇ ਵਿਰੋਧੀ ਪਾਰਟੀਆਂ ਦੇ ਹੋਸ਼ ਉਡ ਗਏ ਹਨ। ਮਾਨ ਸਰਕਾਰ ਵੱਲੋਂ ਕੀਤੇ ਕੰਮਾਂ ਕਰਕੇ ਹੀ ਇਹ ਮੇਲਾ ਇਤਿਹਾਸਕ ਹੋ ਨਿਬੜਿਆ ਹੈ । ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਨੇ ਔਰਤਾਂ ਦੇ ਸਸਕਤੀਕਰਨ ਅਤੇ ਸਨਮਾਨ ਨੂੰ ਲੈ ਕੇ ਵੱਡੇ ਕਦਮ ਚੁੱਕੇ ਹਨ, ਜਿਸ ਨੂੰ ਲੋਕ ਆਪਣੇ ਵਾਅਦਿਆਂ ਦੀ ਪੂਰਤੀ ਵਜੋਂ ਵੇਖ ਰਹੇ ਹਨ। ਇਹਨਾ ਸ਼ਬਦਾਂ ਦਾ ਪ੍ਰਗਟਾਵਾ ਟ੍ਰੇਡਰਜ ਕਮਿਸ਼ਨ ਵਿਧਾਨ ਸਭਾ ਜੰਡਿਆਲਾ ਗੁਰੂ ਦੇ ਚੇਅਰਮੈਨ ਹਰਜਿੰਦਰ ਰੰਧਾਵਾ ਜਲਾਲ ਉਸਮਾ ਨੇ ਵਿਸ਼ੇਸ਼ ਤੌਰ 'ਤੇ ਗੱਲਬਾਤ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਮਾਨ ਸਰਕਾਰ, ਸ੍ਰ: ਹਰਭਜਨ ਸਿੰਘ ਈਟੀਓ ਕੈਬਨਿਟ ਮੰਤਰੀ ਪੰਜਾਬ ਅਤੇ ਪਾਰਟੀ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ ਨੇ ਕੀਤੇ ਵਾਅਦਿਆਂ ਨੂੰ ਪੂਰਾ ਕੀਤਾ ਹੈ । ਜਿਸ ਕਰਕੇ ਅੱਜ ਦਾਣਾ ਮੰਡੀ ਰਈਆ ਵਿਖੇ ਏਡਾ ਵੱਡਾ ਇਕੱਠ ਦੇਖਣ ਨੂੰ ਮਿਲਿਆ ਹੈ । ਉਹਨਾਂ ਕਿਹਾ ਕਿ ਲੋਕ ਮੁੱਖ ਮੰਤਰੀ ਸ੍ਰ: ਭਗਵੰਤ ਸਿੰਘ ਮਾਨ ਹੁਣਾਂ ਦੇ ਕੀਤੇ ਕੰਮਾਂ ਤੋਂ ਖੁਸ਼ ਨੇ ਜਿਸ ਕਰਕੇ ਦੂਰ-ਦਰੇਡੇ ਤੋਂ ਸੰਗਤ ਆਪਣੇ ਹਰਮਨ ਪਿਆਰੇ ਲੀਡਰ ਸ੍ਰ: ਭਗਵੰਤ ਸਿੰਘ ਹੁਣਾਂ ਨੂੰ ਸੁਣਨ ਪਹੁੰਚੀਆਂ ਹਨ । ਆਖਿਰ ਵਿੱਚ ਉਹਨਾਂ ਨੇ ਕਿਹਾ ਕਿ ਆਉਣ ਵਾਲੀ 2027 ਵਿੱਚ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਆ ਰਹੀ ਹੈ ਜੋ ਕਿ ਪੰਜਾਬ ਨੂੰ ਹੋਰ ਤਰੱਕੀ ਦੇ ਰਾਹਾਂ ਤੇ ਲੈ ਕਿ ਜਾਵੇਗੀ ।

### ਬਾਬੇ ਕੇ ਫਾਰਮ ਯੂ.ਕੇ ਵਿਖੇ ਧੰਨ-ਧੰਨ ਬਾਬਾ ਨੰਦ ਸਿੰਘ ਜੀ ਦੀ 83ਵੀਂ ਬਰਸੀ ਨੂੰ ਸਮਰਪਿਤ ਕਰਵਾਏ ਸਮਾਗਮਾਂ ਦੌਰਾਨ

# ਬਾਬਾ ਸੁਖਦੇਵ ਸਿੰਘ ਡਲੇ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਕੀਤਾ ਨਿਹਾਲ





**ਫ਼ਿਰੋਜ਼ਪੁਰ, 29 ਅਗਸਤ (ਮਨੋਹਰ ਲਾਲ) :—** ਬਾਬੇ ਕੇ ਫਾਰਮ ਯੂ.ਕੇ ਵਿਖੇ ਧੰਨ—ਧੰਨ ਬਾਬਾ ਨੰਦ ਸਿੰਘ ਜੀ ਦੀ 83ਵੀਂ ਬਰਸੀ ਨੂੰ ਸਮਰਪਿਤ ਕਰਵਾਏ ਸਮਾਗਮਾਂ ਦੌਰਾਨ ਬਾਬਾ ਸੁਖਦੇਵ ਸਿੰਘ ਡਲੇ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਕੀਤਾ ਨਿਹਾਲ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਨੇ ਹਾਜ਼ਰੀ ਭਰੀ, ਜਿਸ ਵਿਚ ਜਥੇਦਾਰ ਬਾਬਾ ਬਲਬੀਰ ਸਿੰਘ ਸੀਚੇਵਾਲ, ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਮੁਖੀ ਦਲ ਪੰਥ ਬੁੱਢਾ ਦਲ, ਸੰਤ ਬਾਬਾ ਜਗਜੀਤ ਸਿੰਘ ਲੋਪੋਵਾਲ, ਬਾਬਾ ਹਰਜੀਤ ਸਿੰਘ ਮਹਿਤਾ ਚੌਂਕ, ਬਾਬਾ ਸਰਬਜੀਤ ਸਿੰਘ ਸੰਧੂਆ ਵਾਲੇ, ਭਾਈ ਬਲਵਿੰਦਰ ਸਿੰਘ ਰੰਗੀਲਾ, ਭਾਈ ਸਰਬਜੀਤ ਸਿੰਘ ਲਾਡੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਮਨਿੰਦਰ ਸਿੰਘ, ਭਾਈ ਬਲਦੇਵ ਸਿੰਘ, ਭਾਈ ਗੁਰਦੀਪ ਸਿੰਘ, ਭਾਈ ਮੋਹਿੰਦਰ ਸਿੰਘ ਦਿਲੀ ਵਾਲੇ, ਬਾਬੇ ਕੇ ਗੁਰਦੁਆਰੇ ਦੇ ਹਜੂਰੀ ਜਥਾ ਭਾਈ ਜੁਝਾਰ ਸਿੰਘ, ਭਾਈ ਨਿਹਾਲ ਸਿੰਘ, ਹਰਪਾਲ ਸਿੰਘ ਲਾਲੀ, ਭਾਈ ਸਿਮਰਨਜੀਤ ਸਿੰਘ, ਨੇ ਵੀ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।

ਭਾਈ ਅਮਰਜੀਤ ਸਿੰਘ ਨਾਨਕਸਰ ਠਾਠ ਈਸ਼ਵਰ ਦਰਬਾਰ, ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ, ਸੰਤ ਬਾਬਾ ਸੁਖਦੇਵ ਸਿੰਘ ਨੇ ਸੰਗਤਾਂ ਨੂੰ ਗੁਰਬਾਣੀ ਦੇ ਰੰਗ ਵਿਚ ਰੰਗ ਦਿੱਤਾ। ਇਸ ਮੌਕੇ ਤੇ ਬਾਬਾ ਸੁਖਦੇਵ ਸਿੰਘ ਡੱਲੇ ਨੇ ਕਥਾ ਕੀਰਤਨ ਕਰਦਿਆਂ ਸੰਗਤਾਂ ਨੂੰ ਕਿਹਾ ਕਿ ਉਹ ਬਾਣੇ ਅਤੇ ਬਾਣੀ ਦੇ ਧਾਰਨੀ ਹੋਣਾ ਚਾਹੀਦਾ ਹੈ, ਮਨੁੱਖ ਨੂੰ ਚੌਰਾਸੀ ਲੱਖ ਜੂਨਾਂ ਭੋਗ ਕੇ ਇਹ ਮਾਨਸ ਸਰੀਰ ਮਿਲਿਆ ਹੈ, ਇਸ ਨੂੰ ਖਾ ਪੀ ਸੋ ਕੇ ਨਾ ਗਵਾਉ ਅਤੇ ਗੁਰਬਾਣੀ ਦਾ ਪਾਠ ਕਰੋ, ਗੁਰਬਾਣੀ ਪੜਨ ਨਾਲ ਗੁਰਬਾਣੀ ਸੁਨਣ ਨਾਲ ਤੁਹਾਡੇ ਸਾਰੇ ਦੁੱਖ ਦੂਰ ਹੁੰਦੇ ਹਨ। ਇਸ ਮੌਕੇ ਤੇ ਬਾਬੇ ਕੇ ਫਾਰਮ ਦੇ ਪ੍ਰਬੰਧਕ ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗ ਸੀਨੀਅਰ ਐਡਵੋਕੇਟ, ਨਰਿੰਦਰ ਸਿੰਘ ਧੰਜਲ, ਧਰਮ ਸਿੰਘ ਘਟੋੜਾ, ਗੁਰਮੀਤ ਸਿੰਘ ਜੰਡੂ ਅਤੇ ਜਥੇਦਾਰ ਜਸਵੰਤ ਸਿੰਘ ਸੈਂਭੀ ਅਤੇ ਬਲਕਾਰ ਸਿੰਘ ਵੜੈਚ, ਅਮਰੀਕ ਸਿੰਘ ਮੀਕਾ, ਗੁਰਪ੍ਰੀਤ ਸਿੰਘ ਗੋਪੀ, ਨਰਿੰਦਰ ਸਿੰਘ ਧੰਜਲ, ਰਘਬੀਰ ਸਿੰਘ, ਸੁਖਵਿੰਦਰ ਸਿੰਘ ਸੁਖੀ, ਬਲਦੇਵ ਸਿੰਘ ਮਲਸੀਆਂ, ਅਵਤਾਰ ਸਿੰਘ ਚੰਡੀ, ਜਗਤਾਰ ਸਿੰਘ ਘਟੋੜਾ, ਗਿਆਨੀ ਮਹਿੰਦਰ ਸਿੰਘ ਹਮਦਰਦ, ਵਿਸ਼ਵਜੀਤ ਸਿੰਘ, ਸਤ ਪ੍ਰਕਾਸ਼, ਹਰਜਿੰਦਰ ਸਿੰਘ ਸੈਂਭੀ, ਰਾਜਾਨੇ ਸੰਗਤਾਂ ਦੀ ਅਤੇ ਮਹਾਂਪੁਰਸ਼ਾਂ ਦੀ ਹੱਥੀਂ ਸੇਵਾ ਕਰਦੇ ਵੇਖੇ ਗਏ।

ਇਸ ਮੌਕੇ ਤੇ ਲੰਗਰ ਦੀ ਸੇਵਾ ਬੀਬੀ ਨਰਿੰਦਰ ਕੌਰ, ਬੀਬੀ ਨਿਰੰਜਨ ਕੌਰ, ਬੀਬੀ ਜਸਬੀਰ ਕੌਰ, ਬੀਬੀ ਨਰੰਜਨ ਕੌਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਬੀਬੀਆਂ ਨੇ ਦਿਨ—ਰਾਤ ਸੇਵਾ ਕਰ ਰਹੀਆਂ ਹਨ। ਇਥੇ ਗੁਰੂ ਕਾ ਲੰਗਰ, ਚਾਹ, ਕੋਫੀ, ਪੀਜਾ, ਬਰਗਰ, ਨਿਊਡਲ, ਟਿੱਕੀ, ਸਮੋਸੇ ਤੋਂ ਇਲਾਵਾ ਵੱਖ—ਵੱਖ ਪ੍ਰਕਾਰ ਦੇ ਲੰਗਰ ਸਟਾਲ ਲਗਾ ਕੇ ਸੰਗਤਾਂ ਨੂੰ ਵਰਤਾਇਆ ਜਾ ਰਿਹਾ ਹੈ। ਇਸ ਮੌਕੇ ਤੇ ਬਾਬੇ ਕੇ ਫਾਰਮ ਦੇ ਪ੍ਰਬੰਧਕਾਂ ਵੱਲੋਂ ਬਰਮਿਘਮ ਤੋਂ ਤਿੰਨ ਬੱਸਾਂ ਬਾਬੇ ਕੇ ਫਾਰਮ ਲਈ ਤਿਨ ਵਾਰ ਚਲਾਈਆਂ ਜਾ ਰਹੀਆਂ ਹਨ, ਜਿਸ ਨਾਲ ਸੰਗਤਾਂ ਨੂੰ ਲਿਆਉਣ—ਲਿਜਾਣ ਦੀ ਸੁਵਿਧਾ ਹੈ। ਬਾਬੇ ਕੇ ਫਾਰਮ ਦੇ ਪ੍ਰਬੰਧਕਾਂ ਨੇ ਸਮੂਹ ਇੰਗਲੈਂਡ ਦੀ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਇਨ੍ਹਾਂ ਸਮਾਗਮਾਂ ਵਿਚ ਹਾਜ਼ਰੀ ਭਰ ਕੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ। ਇਸ ਸਮਾਗਮ ਦੌਰਾਨ ਬਾਬੇ ਕੇ ਹਜ਼ੂਰੀ ਜਥਾ ਅਤੇ ਹੋਰ ਪ੍ਰਮੁੱਖ ਸਖਸ਼ੀਅਤਾਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਕਥਾ ਵਿਚਾਰਾਂ ਨਾਲ ਨਿਹਾਲ ਕਰ ਰਹੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

## ਬਾਬਾ ਬਕਾਲਾ ਸਾਹਿਬ ਦੇ ਰੱਖੜ ਪੁੰਨਿਆ ਮੇਲੇ 'ਚ ਗੂੰਜੀ ਸਿੱਕੀ ਦੀ ਲਲਕਾਰ

# ਚਰਨਜੀਤ ਸਿੰਘ ਚੰਨੀ ਨਾਲ ਚਟਾਨ ਵਾਂਗ ਖੜ੍ਹਾ ਹਾਂ, ਹਰ ਪਿੰਡ ਤੇ ਹਰ ਗਲੀ ਤੱਕ ਜਾਵਾਂਗਾ: ਰਮਨਜੀਤ ਸਿੰਘ ਸਿੱਕੀ

ਬਾਬਾ ਬਕਾਲਾ ਸਾਹਿਬ, 29 ਅਗਸਤ (ਆਵਾਜ਼ਿ ਕੌਮ ਬਿਊਰੋ)– ਰੱਖੜ ਪੁੰਨਿਆ ਦੇ ਪਵਿੱਤਰ ਮੇਲੇ ਮੌਕੇ ਹਲਕਾ ਖਡੂਰ ਸਾਹਿਬ ਦੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਬਾਬਾ ਬਕਾਲਾ ਸਾਹਿਬ ਵਿਖੇ ਪਹੁੰਚੇ, ਜਿੱਥੇ ਉਨ੍ਹਾਂ ਦੇ ਨਾਲ ਵੱਡੀ ਗਿਣਤੀ ਵਿੱਚ ਸਮਰਥਕ ਵੀ ਮੌਜੂਦ ਰਹੇ। ਇਸ ਮੌਕੇ ਸਿੱਕੀ ਸਾਹਿਬ ਨੇ ਸੰਗਤਾਂ ਨਾਲ ਮੁਲਾਕਾਤ ਕੀਤੀ ਅਤੇ ਪੰਜਾਬ ਦੀ ਮੌਜੂਦਾ ਸਿਆਸੀ ਸਥਿਤੀ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਰਮਨਜੀਤ ਸਿੰਘ ਸਿੱਕੀ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਉਹ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨਾਲ ਚਟਾਨ ਵਾਂਗ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਚਰਨਜੀਤ ਸਿੰਘ ਚੰਨੀ ਦੀ ਸਾਦਗੀ, ਲੋਕਾਂ ਨਾਲ ਸਿੱਧਾ ਜੁੜਾਅ ਅਤੇ ਆਮ ਲੋਕਾਂ ਦੀ ਗੱਲ ਕਰਨ ਵਾਲੀ ਸਿਆਸਤ ਨੂੰ ਪੰਜਾਬ ਦੇ ਲੋਕ ਪਸੰਦ ਕਰਦੇ ਹਨ। ਉਨ੍ਹਾਂ ਕਿਹਾ ਕਿ ਮੈਂ ਚਰਨਜੀਤ ਸਿੰਘ ਚੰਨੀ ਦੇ ਨਾਲ ਹਰੇਕ ਪਿੰਡ, ਹਰੇਕ ਗਲੀ ਅਤੇ ਹਰੇਕ ਘਰ ਤੱਕ ਜਾਵਾਂਗਾ। ਸਤਿਗੁਰੂ ਸੱਚੇ ਪਾਤਸ਼ਾਹ ਦੀ ਕਿਰਪਾ ਨਾਲ ਅਸੀਂ ਲੋਕਾਂ ਦੇ ਸਹਿਯੋਗ ਨਾਲ ਚਰਨਜੀਤ ਸਿੰਘ ਚੰਨੀ ਨੂੰ ਮੁੜ ਪੰਜਾਬ ਦਾ ਮੁੱਖ ਮੰਤਰੀ ਬਣਾਉਣ ਲਈ ਪੂਰੀ ਤਾਕਤ ਨਾਲ ਮੈਦਾਨ ਵਿੱਚ ਉਤਰਾਂਗੇ। ਸਿੱਕੀ ਨੇ ਅਕਾਲੀ ਦਲ ਅਤੇ ਆਮ ਆਦਮੀ ਪਾਰਟੀ ਦੀ ਕਾਰਗੁਜ਼ਾਰੀ 'ਤੇ ਵੀ ਤਿੱਖੇ ਸਵਾਲ ਖੜ੍ਹੇ ਕੀਤੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਿਰਫ਼ ਵੱਡੇ–ਵੱਡੇ ਵਾਅਦੇ ਅਤੇ ਸਿਆਸੀ ਨਾਅਰੇ ਨਹੀਂ, ਸਗੋਂ ਜ਼ਮੀਨ 'ਤੇ ਕੰਮ ਅਤੇ ਲੋਕਾਂ ਦੇ ਦੁੱਖ–ਸੁੱਖ ਵਿੱਚ ਖੜ੍ਹਨ ਵਾਲੀ ਲੀਡਰਸ਼ਿਪ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਕੀਤੇ ਵਾਅਦਿਆਂ ਦਾ ਹਿਸਾਬ ਦੇਣਾ ਸਿਆਸੀ ਪਾਰਟੀਆਂ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਦੇ ਸ਼ਬਦਾਂ ਵਿੱਚ, "ਲੋਕਾਂ ਨੂੰ ਹੁਣ ਗੱਲਾਂ ਨਹੀਂ, ਕੰਮ ਚਾਹੀਦਾ ਹੈ। ਜਿਹੜੇ ਲੋਕਾਂ ਦੇ ਵਿਚ ਰਹਿੰਦੇ ਹਨ, ਉਹੀ ਲੋਕਾਂ ਦੀ ਨਬਜ਼ ਸਮਝ ਸਕਦੇ ਹਨ। ਸਿੱਕੀ ਨੇ ਕਿਹਾ ਕਿ ਪੰਜਾਬ ਦੀ ਸਿਆਸਤ ਵਿੱਚ ਲੋਕਾਂ ਦੀ ਆਵਾਜ਼ ਸਭ ਤੋਂ ਉੱਪਰ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਉਹ ਕਿਸੇ ਵੀ ਦਬਾਅ ਤੋਂ ਬਿਨਾਂ ਆਪਣੇ ਵਰਕਰਾਂ ਅਤੇ ਆਮ ਲੋਕਾਂ ਦੇ ਨਾਲ ਖੜ੍ਹੇ ਰਹਿਣਗੇ ਅਤੇ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਦੀ ਮਜ਼ਬੂਤੀ ਲਈ ਪਿੰਡ–ਪਿੰਡ ਜਾ ਕੇ ਲੋਕਾਂ ਨਾਲ ਸੰਪਰਕ ਕਰਨਗੇ। ਰੱਖੜ ਪੁੰਨਿਆ ਮੇਲੇ ਦੌਰਾਨ ਸਿੱਕੀ ਦੇ ਨਾਲ ਵੱਡੀ ਗਿਣਤੀ ਵਿੱਚ ਸਮਰਥਕਾਂ ਦੀ ਮੌਜੂਦਗੀ ਨੇ ਉਨ੍ਹਾਂ ਦੀ ਸਿਆਸੀ ਸਰਗਰਮੀ ਦਾ ਪ੍ਰਗਟਾਵਾ ਕੀਤਾ। ਸਿੱਕੀ ਨੇ ਆਪਣੇ ਸਮਰਥਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕਾਂ ਦਾ ਪਿਆਰ ਅਤੇ ਵਿਸ਼ਵਾਸ ਹੀ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਹੈ। ਮੇਲੇ ਦੇ ਮਾਹੌਲ ਵਿੱਚ ਸਿੱਕੀ ਵੱਲੋਂ ਚੰਨੀ ਦੀ ਹਮਾਇਤ ਅਤੇ ਪੰਜਾਬ ਦੀ ਸਿਆਸਤ ਬਾਰੇ ਕੀਤੇ ਤਿੱਖੇ ਬਿਆਨਾਂ ਨੇ ਕਾਂਗਰਸੀ ਵਰਕਰਾਂ ਵਿੱਚ ਨਵਾਂ ਜੋਸ਼ ਭਰ ਦਿੱਤਾ। ਉਨ੍ਹਾਂ ਨੇ ਦੁਹਰਾਇਆ ਕਿ ਉਹ ਚਰਨਜੀਤ ਸਿੰਘ ਚੰਨੀ ਦੇ ਨਾਲ ਮਜ਼ਬੂਤੀ ਨਾਲ ਖੜ੍ਹੇ ਹਨ ਅਤੇ ਲੋਕਾਂ ਦੇ ਸਹਿਯੋਗ ਨਾਲ ਕਾਂਗਰਸ ਨੂੰ ਮਜ਼ਬੂਤ ਕਰਨ ਲਈ ਪੂਰੀ ਵਾਹ ਲਗਾਉਣਗੇ।

# ਬੰਦੀ ਸਿੰਘਾਂ ਨੂੰ ਰਿਹਾ ਕਰਾਉਣ ਲਈ ਨਹੀਂ ਹੈ ਸਿੱਖ ਲੀਡਰਸ਼ਿਪ ਦੀ ਨੀਅਤ ਸਾਫ ਹੋ ਰਹੀ ਹੈ ਸਿਆਸੀ ਡਰਾਮੇਬਾਜ਼ੀ-ਤੁੰਗ



**ਬਹੁਤ ਹੀ ਸਤਿਕਾਰਯੋਗ ਪੰਜਾਬੀਓ ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ**
**ਸਾਡਾ ਵੱਸਦਾ ਰਹੇ ਪੰਜਾਬ ਹਰਿਆਵਲ**



ਦੋਸਤੋ ਮੈਂ ਬਹੁਤ ਹੀ ਗੰਭੀਰਤਾ ਦੇ ਨਾਲ ਆਪ ਜੀ ਨੂੰ ਇਹ ਵਿਚਾਰ ਭੇਜ ਰਿਹਾ ਹਾਂ ਸਿਆਸੀ ਤੌਰ ਦੇ ਉੱਤੇ ਅੱਜ ਪੰਜਾਬ ਭਰ ਵਿੱਚ ਬੰਦੀ ਸਿੰਘਾਂ ਦਾ ਮਾਮਲਾ ਬਹੁਤ ਭਖਿਆ ਹੈ ਕੌਮੀ ਇਨਸਾਫ ਮੋਰਚੇ ਵੱਲੋਂ ਇੱਕ ਵੱਡਾ ਪ੍ਰੋਗਰਾਮ ਦਿੱਤਾ ਗਿਆ ਲਗਭਗ ਸਾਰੀਆਂ ਹੀ ਸਿਆਸੀ ਪਾਰਟੀਆਂ ਪੰਜਾਬ ਦੀਆਂ ਨੇ ਉਸ ਦਾ ਸਮਰਥਨ ਕੀਤਾ ਤੇ ਬੰਦ ਹੋਇਆ ਮੈਂ ਜੋ ਬੇਨਤੀ ਕਰਨੀ ਚਾਹੁੰਦਾ ਹਾਂ ਪੰਜਾਬੀਓ ਪੰਜਾਬੀ ਅਣਖ ਅਤੇ ਗੈਰਤ ਲਈ ਮੰਨੇ ਜਾਂਦੇ ਹਨ ਪਰ ਮੈਨੂੰ ਕੋਈ ਹਿਚ ਨਹੀਂ ਇਹ ਗੱਲ ਕਹਿਣ ਵਿੱਚ ਕਿ ਅੱਜ ਬਹੁਤ ਗਿਣਤੀ ਪੰਜਾਬੀ ਸਵਾਰਥ ਵਿੱਚ ਰਹਿ ਕੇ ਅਣਖ ਅਤੇ ਗੈਰਤ ਨੂੰ ਤਲਾਂਜਲੀ ਦੇ ਗਏ ਹਨ ਚਾਹੇ ਉਹ ਸਿਆਸੀ ਧਿਰਾਂ ਹਨ ਚਾਹੇ ਉਹ ਸਿੱਖ ਹਿੰਦੂ ਧਾਰਮਿਕ ਧਿਰਾਂ ਹਨ ਆਪਾਂ ਹੋਰ ਪਾਸੇ ਗੱਲ ਨਾ ਜਾਣ ਦਈਏ ਬੰਦੀ ਸਿੰਘਾਂ ਦੇ ਨਾਲ ਰਿਲੇਟਡ ਸਬੰਧਤ ਰੱਖੀਏ 30 ਸਾਲਾਂ ਤੋਂ ਸਾਡੇ ਸਿੱਖ ਉਸ ਸਮੇਂ ਜੋ ਨੌਜਵਾਨ ਸਨ ਅੱਜ ਬਿਰਧ ਅਵਸਥਾ ਵਿੱਚ ਆ ਰਹੇ ਹਨ ਨੂੰ ਨਾ ਰਿਹਾ ਕੀਤਾ ਜਾ ਰਿਹਾ ਹੈ ਨਾ ਪਰੋਲ ਹੀ ਮਿਲਦੀ ਹੈ ਚਾਹੇ ਸਾਡੇ ਸਿੱਖ ਕੌਮ ਦੀ ਮਰਿਆਦਾ ਅਨੁਸਾਰ ਸਰਬੱਤ ਖਾਲਸਾ ਵੱਲੋਂ ਭਾਈ ਸਾਹਿਬ ਭਾਈ ਜਗਤਾਰ ਸਿੰਘ ਜੀ ਹਵਾਰਾ ਨੂੰ ਜਥੇਦਾਰ ਅਕਾਲ ਤਖਤ ਨਿਯੁਕਤ ਕੀਤਾ ਹੈ ਪਰ ਬਾਦਲ ਧਿਰ ਇਸ ਗੱਲ ਤੋਂ ਅਨਕਾਰੀ ਹੈ ਅਤੇ ਉਸਨੇ ਬਹੁਤ ਵੱਡਾ ਨੁਕਸਾਨ ਕੀਤਾ ਚਲੋ ਨਿੱਜੀ ਨਾ ਹੋਈਏ ਮੈਂ ਇਥੇ ਇਹ ਗੱਲ ਬੜੀ ਖੁੱਲੇ ਆਮ ਕਹਿਣੀ ਚਾਹੁੰਦਾ ਹਾਂ ਕਿ ਕੋਈ ਦੋ ਰਾਵਾਂ ਨਹੀਂ ਅਗਰ ਸਾਡੇ ਸਿੱਖ ਸਿਆਸੀ ਆਗੂ ਅਤੇ ਧਾਰਮਿਕ ਆਗੂ ਚਾਹੁੰਦੇ ਮੈਂ ਇਹ ਲਫਜ਼ ਵਰਤ ਰਿਹਾ ਹਾਂ ਕਿ ਜੇ ਚਾਹੁੰਦੇ ਤਾਂ ਕੋਈ ਵੀ ਗੱਲ ਅਸੰਭਵ ਨਹੀਂ ਸੀ ਜਿਵੇਂ ਨਿਰੰਕਾਰੀ ਕਤਲ ਕਾਂਡ ਦੇ ਵਿੱਚ ਸਾਬਕਾ ਜਥੇਦਾਰ ਭਾਈ ਰਣਜੀਤ ਸਿੰਘ ਜੀ ਨੂੰ ਸਿੱਖ ਆਗੂਆਂ ਦੀ ਬੇਈਮਾਨੀ ਖਤਮ ਹੋਈ ਤਾਂ ਰਿਹਾ ਕਰਵਾਇਆ ਗਿਆ ਇਸ ਤਰ੍ਹਾਂ ਹੀ ਸਾਡੇ ਬੰਦੀ ਸਿੰਘ ਅੱਜ ਨੂੰ ਰਿਹਾ ਹੋ ਜਾਂਦੇ ਅਫਸੋਸ ਕਿ ਮੈਂ ਕਿਸੇ ਇੱਕ ਧਿਰ ਦੀ ਗੱਲ ਨਹੀਂ ਕਰਦਾ ਬੇਸ਼ਕ ਕਾਂਗਰਸ ਵਿੱਚ ਆਮ ਆਦਮੀ ਪਾਰਟੀ ਵਿੱਚ ਆਰਐਸਐਸ ਬੀਜੇਪੀ ਦੇ ਵਿੱਚ ਬਹੁਤ ਸਿੱਖ ਹਨ ਪਰ ਉਹ ਪਹਿਰਾਵੇ ਦੇ ਸਿੱਖ ਆਖੇ ਜਾਂਦੇ ਹਨ ਪਰ ਮੈਂ ਇਸ ਗੱਲ ਨਾਲ ਸਹਿਮਤ ਨਹੀਂ ਉਹਨਾਂ ਵਿੱਚ ਵੀ ਕੁਝ ਲੋਕ ਸਿੱਖੀ ਨਾਲ ਰਿਲੇਟਡ ਹਨ ਅਤੇ ਚਾਹੁੰਦੇ ਹਨ ਕਿ ਬੰਦੀ ਸਿੰਘ ਰਿਹਾ ਹੋਣ ਅੱਜ ਭਾਵੇਂ ਇਲੈਕਸ਼ਨ ਦੇ ਦੌਰ ਕਰਕੇ ਕਾਂਗਰਸ ਵੀ ਕਹਿ ਰਹੀ ਹੈ ਬੀਜੇਪੀ ਵੀ ਕਹਿ ਰਹੀ ਹੈ ਆਮ ਆਦਮੀ ਪਾਰਟੀ ਵੀ ਕਹਿ ਰਹੀ ਹੈ ਸਾਰੀਆਂ ਅਕਾਲੀ ਧਿਰਾਂ ਵੀ ਕਹਿ ਰਹੀਆਂ ਹਨ ਪਰ ਬੇਈਮਾਨੀ ਨਾਲ ਕਹਿ ਰਹੀਆਂ ਮੈਂ ਦਾਅਵੇ ਨਾਲ ਕਹਿੰਦਾ ਹਾਂ ਇਕ ਦਿਨ ਵੀ ਜਿਆਦਾ ਹੈ ਜੇ ਇਹ ਪੰਜਾਬੀ ਪੰਜਾਬੀਅਤ ਦੀ ਅਣਖ ਨੂੰ ਰੱਖਦੇ ਹੋਏ ਸਾਰੇ ਹੀ ਸਿੱਖ ਚਾਹੇ ਕਿਸੇ ਵੀ ਸਿਆਸੀ ਪਾਰਟੀ ਵਿੱਚ ਹਨ ਇਸ ਮੁੱਦੇ ਤੇ ਇਕੱਤਰ ਹੋ ਜਾਣ ਤਾਂ ਕੁਝ ਘੰਟਿਆਂ ਦੇ ਵਿੱਚ ਹੀ ਸਾਡੇ ਬੰਦੀ ਸਿੰਘ ਵੀਰ ਰਿਹਾ ਹੋ ਸਕਦੇ ਹਨ ਅਫਸੋਸ ਕਿ ਤੀਹਾਂ ਸਾਲਾਂ ਤੋਂ ਇਹ ਰਾਜਨੀਤਕ ਖੇਡ ਬੇਈਮਾਨੀ ਨਾਲ ਕੀਤੀ ਜਾ ਰਹੀ ਹੈ ਸਭ ਤੋਂ ਵੱਡੀ ਬੇਈਮਾਨੀ ਬਾਦਲਕਿਆਂ ਦੀ ਹੈ ਸੋ ਮੈਂ ਅੱਜ ਵੀ ਚਾਹੇ ਕੌਮੀ ਇਨਸਾਫ ਮੋਰਚੇ ਵਾਲੇ ਵੀਰ ਹਨ ਕਿਸੇ ਵੀ ਅਕਾਲੀ ਧਿਰ ਵਾਲੇ ਆਗੂ ਹਨ ਹੋਰ ਕਿਸੇ ਵੀ ਸਿਆਸੀ ਪਾਰਟੀ ਦੇ ਸਿੱਖ ਵੀਰ ਹਨ ਹੱਥ ਜੋੜ ਕੇ ਬੇਨਤੀ ਹੈ ਪਿਆਰਿਓ ਉਹਨਾਂ ਨੇ ਜੋ ਕੀਤਾ ਸੀ ਪੰਜਾਬ ਲਈ ਕੀਤਾ ਸੀ ਸਿੱਖੀ ਲਈ ਕੀਤਾ ਸੀ ਆਪਣੇ ਲਈ ਕੁਝ ਨਹੀਂ ਕੀਤਾ ਸੀ ਆਓ ਅੱਜ ਹੀ ਬੇਈਮਾਨੀ ਛੱਡ ਕੇ ਸਿਆਸੀ ਰੋਟੀਆਂ ਸੇਕਣੀਆਂ ਛੱਡ ਕੇ ਇੱਕ ਮੁੱਠ ਹੋ ਜਾਈਏ ਅਤੇ ਬੰਦੀ ਸਿੰਘਾਂ ਨੂੰ ਰਿਹਾ ਕਰਵਾਈਏ ਪਖੰਡਬਾਜੀ ਛੱਡ ਦਿਓ ਨਹੀਂ ਤਾਂ ਆਉਣ ਵਾਲੀਆਂ ਨਸਲਾਂ ਆਉਣ ਵਾਲੀਆਂ ਪੀੜੀਆਂ ਤੁਹਾਨੂੰ ਕਦੇ ਮਾਫ ਨਹੀਂ ਕਰਨਗੀਆਂ ਜਿਵੇਂ ਪਿਛਲੇ ਗਦਾਰਾਂ ਦੇ ਨਾਮ ਇਤਿਹਾਸ ਵਿੱਚ ਲਿਖੇ ਗਏ ਨੇ ਆਉਣ ਵਾਲੇ ਨਵੇਂ ਇਤਿਹਾਸਕਾਰ ਤੁਹਾਡੇ ਵੀ ਨਾਮ ਬੇਈਮਾਨ ਗਦਾਰਾਂ ਵਿੱਚ ਜਰੂਰ ਲਿਖਣਗੇ ਭੁੱਲਾਂ ਚੁੱਕਾਂ ਦੀ ਮਾਫੀ ਗੁਰੂ ਪੰਥ ਦਾ ਦਾਸ ਇਕਬਾਲ ਸਿੰਘ ਤੁੰਗ ਸਾਬਕਾ ਨਿਜੀ ਸਕੱਤਰ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਸਾਹਿਬ ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

**-ਭਾਈ ਇਕਬਾਲ ਸਿੰਘ ਤੁੰਗ ਸਾਬਕਾ ਨਿੱਜੀ ਸਕਤਰ ਜਥੇਦਾਰ ਸ੍ਰੀ ਅਕਾਲ ਤਖਤ ਸਹਿਬ**

ਆਵਾਜ਼ਿ ਕੌਮ AWAZE QAUM International Newspaper & WEB TV

# 70ਵੀਂਆਂ ਅੰਤਰ ਜ਼ੋਨਲ ਕ੍ਰਿਕਟ ਟੂਰਨਾਮੈਂਟ ਲੜਕੇ ਸ਼ਾਨੋ-ਸ਼ੌਕਤ ਨਾਲ ਸਮਾਪਤ

ਹੁਸ਼ਿਆਰਪੁਰ, 28 ਅਗਸਤ (ਆਵਾਜ਼ਿ ਕੌਮ ਬਿਊਰੋ)–ਸਿੱਖਿਆ ਵਿਭਾਗ ਵੱਲੋਂ ਕਰਵਾਈਆਂ ਜਾ ਰਹੀਆਂ 70ਵੀਂਆਂ ਅੰਤਰ ਜ਼ੋਨਲ ਕ੍ਰਿਕਟ ਟੂਰਨਾਮੈਂਟ ਲੜਕਿਆਂ ਦੀਆਂ ਖੇਡਾਂ ਸ਼ਾਨੋ–ਸ਼ੌਕਤ ਨਾਲ ਸਮਾਪਤ ਹੋ ਗਈਆਂ। ਸਿੱਖਿਆ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਹੁਸ਼ਿਆਰਪੁਰ ਸ੍ਰੀਮਤੀ ਹਰਜਿੰਦਰ ਕੌਰ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਿਲਾ ਸਪੋਰਟਸ ਕੋਆਰਡੀਨੇਟਰ ਸ੍ਰੀ ਜਗਜੀਤ ਸਿੰਘ, ਸ.ਪ੍ਰਭਜੋਤ ਸਿੰਘ ਲੈਕਚਰਾਰ ਸਰੀਰਕ ਸਿੱਖਿਆ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ, ਡੀਟੀਸੀ ਜਨਰਲ ਸਕੱਤਰ ਅਤੇ ਖੇਡ ਕਨਵੀਨਰ ਦੇ ਤੌਰ ਤੇ ਇਸ ਟੂਰਨਾਮੈਂਟ ਨੂੰ ਸਫਲਤਾ ਪੂਰਵਕ ਨੇਪਰੇ ਚਾੜਿਆ ਗਿਆ। ਟੂਰਨਾਮੈਂਟ ਦੌਰਾਨ ਵੱਖ–ਵੱਖ ਜ਼ੋਨਾਂ ਤੋਂ ਪਹੁੰਚੀਆਂ ਸਕੂਲੀ ਕ੍ਰਿਕਟ ਟੀਮਾਂ ਨੇ ਪੂਰੇ ਜੋਸ਼, ਉਤਸ਼ਾਹ ਅਤੇ ਖੇਡ ਭਾਵਨਾ ਨਾਲ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਖਿਡਾਰੀਆਂ ਨੇ ਕ੍ਰਿਕਟ ਦੇ ਮੈਦਾਨ ਵਿੱਚ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਅੰਡਰ 14 ਸਾਲ ਲੜਕਿਆਂ ਦੇ ਮੈਚਾਂ ਵਿੱਚ ਦਸੂਹਾ ਨੇ ਪਹਿਲਾ ਸਥਾਨ, ਤਲਵਾੜਾ ਨੇ ਦੂਸਰਾ ਅਤੇ ਮਹਿਲਪੁਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ ਅੰਡਰ 17 ਸਾਲ ਲੜਕਿਆਂ ਵਿੱਚ ਮਾਹਲਪੁਰ ਜੋਨ ਨੇ ਪਹਿਲਾ, ਹਰਿਆਣਾ ਨੇ ਦੂਸਰਾ ਅਤੇ ਤਲਵਾੜਾ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਅੰਡਰ 19 ਸਾਲ ਲੜਕਿਆਂ ਵਿੱਚ ਹੁਸ਼ਿਆਰਪੁਰ ਨੇ ਪਹਿਲਾ ਸਥਾਨ, ਦਸੂਹਾ ਜੋਨ ਨੇ ਦੂਸਰਾ ਅਤੇ ਭੰਗਾਲਾ ਜੋਨ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਟੂਰਨਾਮੈਂਟ ਵਿੱਚ ਲੈਕਚਰਾਰ ਸਿਕੰਦਰਪਾਲ ਮਹਿਲਪੁਰ, ਗੁਰਵਿੰਦਰ ਸਿੰਘ ਡੀਪੀਈ ਨੰਗਲ ਈਸਰ, ਜਸਪਾਲ ਰਾਮ ਕ੍ਰਿਕਟ ਕੋਚ, ਲੈਕਚਰਾਰ ਜਰਨੈਲ ਸਿੰਘ ਬਾੜੀਆ ਕਲਾਂ, ਲੈਕਚਰਾਰ ਨਰੇਸ਼ ਕੁਮਾਰ ਸਰਕਾਰੀ ਸਕੂਲ ਮਹਿਲਾਂਵਾਲੀ, ਗੁਰਮੀਤ ਸਿੰਘ, ਅਤੁਲ ਠਾਕੁਰ ਜੈਮਸ ਕੈਮਰੇ ਸਕੂਲ, ਦੀਪਕ ਕੁਮਾਰ ਜੀਐਮਏ ਚੱਬੇਵਾਲ, ਮਧੂ ਸੂਦਨ ਐਸਡੀ ਸਕੂਲ, ਰਜਨੀਸ਼ ਕੁਮਾਰ ਅਧਿਆਪਕ, ਹੇਮਰਾਜ ਡੀਪੀਈ ਬਹਾਦਰਪੁਰ ਬਾਹੀਆਂ, ਲੈਕਚਰਾਰ ਮਨਦੀਪ ਸਿੰਘ ਭੰਗਾਲਾ ਨੇ ਇਸ ਟੂਰਨਾਮੈਂਟ ਵਿੱਚ ਡਿਊਟੀ ਨਿਭਾਈ ਅਤੇ ਇਸ ਟੂਰਨਾਮੈਂਟ ਨੂੰ ਸਫਲਤਾ ਪੂਰਵਕ ਨੇਪਰੇ ਚਾੜਿਆ। ਇਸ ਮੌਕੇ ਖੇਡ ਕਨਵੀਨਰ ਲੈਕਚਰਰ ਪ੍ਰਭਜੋਤ ਸਿੰਘ ਨੇ ਖਿਡਾਰੀਆਂ, ਕੋਚਾਂ, ਸਰੀਰਕ ਸਿੱਖਿਆ ਅਧਿਆਪਕਾਂ ਅਤੇ ਸਹਿਯੋਗ ਕਰਨ ਵਾਲੇ ਸਮੂਹ ਸਟਾਫ਼ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਟੀਮ ਵਰਕ, ਆਤਮ–ਵਿਸ਼ਵਾਸ ਅਤੇ ਖੇਡ ਭਾਵਨਾ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243